ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 1 ਮਈ 2026 (ਨਾਨਕਸ਼ਾਹੀ ਸੰਮਤ : ੫੫੮, ੧੮ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ 'ਚ ਜਨਗਣਨਾ ਦਾ ਪਹਿਲਾ ਪੜਾਅ ਅੱਜ ਤੋਂ ਸ਼ੁਰੂ; 14 ਮਈ ਤੱਕ ਕੀਤੀ ਜਾਵੇਗੀ ਸਵੈ-ਗਣਨਾ

**ਚੰਡੀਗੜ੍ਹ**, 30 **ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਜਨਗਣਨਾ ਦਾ ਪਹਿਲਾ ਪੜਾਅ ਅੱਜ ਤੋਂ ਸ਼ੁਰੂ ਹੋ ਰਿਹਾ ਹੈ। ਇਸ ਪੜਾਅ ਵਿੱਚ ਇੱਕ ਸਵੈ-ਗਣਨਾ ਪ੍ਰਕਿਰਿਆ ਸ਼ਾਮਲ ਹੋਵੇਗੀ ਜੋ 14 ਮਈ ਤੱਕ ਜਾਰੀ ਰਹੇਗੀ, ਜਿਸ ਨਾਲ ਲੋਕ ਮੋਬਾਈਲ ਐਪ ਜਾਂ ਵੈੱਬ ਪੋਰਟਲ ਰਾਹੀਂ ਆਪਣੀ ਜਾਣਕਾਰੀ ਦਰਜ ਕਰ ਸਕਣਗੇ। ਫੀਲਡ ਸਟਾਫ ਉਨ੍ਹਾਂ ਲੋਕਾਂ ਦੀ ਸਹਾਇਤਾ ਲਈ ਉਪਲਬਧ ਹੋਵੇਗਾ ਜਿਨ੍ਹਾਂ ਕੋਲ ਮੋਬਾਈਲ ਜਾਂ ਇੰਟਰਨੈੱਟ ਦੀ ਪਹੁੰਚ ਨਹੀਂ ਹੈ। ਇਸ ਸਮੇਂ ਦੌਰਾਨ ਘਰੇਲੂ ਸੂਚੀਆਂ ਤਿਆਰ ਕੀਤੀਆਂ ਜਾਣਗੀਆਂ, ਜਦਕਿ ਗਿਣਤੀਕਾਰ 15 ਮਈ ਤੋਂ 30 ਜੂਨ ਤੱਕ ਘਰ-ਘਰ ਜਾ ਕੇ ਜਾਣਕਾਰੀ ਇਕੱਠੀ ਕਰਨਗੇ। ਇਸ ਪ੍ਰਕਿਰਿਆ ਵਿੱਚ, ਲੋਕਾਂ ਤੋਂ ਕੁੱਲ 33 ਸਵਾਲ ਪੁੱਛੇ ਜਾਣਗੇ। ਇਨ੍ਹਾਂ ਵਿੱਚ ਘਰ ਵਿੱਚ ਵਾਹਨਾਂ ਦੀ ਗਿਣਤੀ, ਲੈਪਟਾਪ ਜਾਂ ਕੰਪਿਊਟਰ ਦੀ ਉਪਲਬਧਤਾ, ਇੰਟਰਨੈੱਟ ਪਹੁੰਚ ਅਤੇ ਪੀਣ ਵਾਲੇ ਪਾਣੀ ਦਾ ਮੁੱਖ ਸਰੋਤ ਵਰਗੀਆਂ ਜਾਣਕਾਰੀਆਂ ਸ਼ਾਮਲ ਹਨ। ਇਸ ਤੋਂ ਇਲਾਵਾ, ਘਰ ਦੀਆਂ ਮੁੱਢਲੀਆਂ ਸਹੂਲਤਾਂ ਅਤੇ ਸਥਿਤੀ ਬਾਰੇ ਸਵਾਲ ਪੁੱਛੇ ਜਾਣਗੇ। ਪੰਜਾਬ ਦੇ ਸਥਾਨਕ ਸਰਕਾਰਾਂ ਵਿਭਾਗ ਨੇ ਪਹਿਲਾਂ ਹੀ ਨਗਰਪਾਲਿਕਾ ਅਤੇ ਵਾਰਡ ਦੀਆਂ ਸੀਮਾਵਾਂ ਦੇ ਰਿਕਾਰਡ ਤਿਆਰ ਕਰ ਲਏ ਹਨ। ਇਸ ਪ੍ਰਕਿਰਿਆ ਵਿੱਚ ਸੰਭਾਵੀ ਚੁਣੌਤੀਆਂ ਦੀ ਪਛਾਣ ਕਰਨ ਲਈ ਅੰਮ੍ਰਿਤਸਰ, ਜਲੰਧਰ ਅਤੇ ਮਲੇਰਕੋਟਲਾ ਵਿੱਚ ਵੀ ਪ੍ਰੀ-ਟੈਸਟ ਕੀਤੇ ਗਏ ਸਨ।

## ਪੰਜਾਬ ਦੀ ਸਿਆਸਤ 'ਚ ਇਕ ਹੋਰ ਪਾਰਟੀ ਦੀ ਐਂਟਰੀ

# 2027 ਦੀਆਂ ਚੋਣਾਂ ਲੜਨ ਦਾ ਐਲਾਨ



**ਫਰੀਦਕੋਟ**, 30 **ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਇਕ ਪਾਸੇ ਜਿੱਥੇ 2027 ਦੀਆਂ ਚੋਣਾਂ ਨੂੰ ਲੈ ਕੇ ਹਰ ਪਾਰਟੀ ਨੇ ਜ਼ੋਰ ਲਾਉਣਾ ਸ਼ੁਰੂ ਕਰ ਦਿੱਤਾ ਹੈ, ਉੱਥੇ ਹੀ ਹੁਣ ਪੰਜਾਬ ਦੀ ਸਿਆਸਤ ਵਿਚ ਇਕ ਹੋਰ ਪਾਰਟੀ (ਮਿਸਲ ਸਤਲੁਜ) ਦੀ ਐਂਟਰੀ ਹੋਈ ਹੈ। ਇਸ ਦੇ ਚੱਲਦੇ ਮਿਸਲ ਸਤਲੁਜ ਵੱਲੋਂ ਲਗਾਤਾਰ ਹਲਕਾ ਇੰਚਾਰਜਾਂ ਦੇ ਐਲਾਨ ਕੀਤੇ ਜਾ ਰਹੇ ਹਨ, ਜਿਸ ਦੇ ਤਹਿਤ ਅੱਜ ਪਾਰਟੀ ਵੱਲੋਂ ਫਰੀਦਕੋਟ ਵਿਚ ਆਪਣੇ ਹਲਕਾ ਇੰਚਾਰਜ ਦਾ ਐਲਾਨ ਕੀਤਾ ਗਿਆ ਹੈ। ਪਾਰਟੀ ਨੇ ਰਣਪਿੰਦਰਜੀਤ ਸਿੰਘ ਗੋਲਡੀ ਪਿੱਪਲੀ ਨੂੰ ਹਲਕਾ ਇੰਚਾਰਜ ਫਰੀਦਕੋਟ ਨਿਯੁਕਤ ਕੀਤਾ ਗਿਆ ਹੈ। ਅੱਜ ਵਿਸ਼ੇਸ਼ ਤੌਰ 'ਤੇ ਮਿਸਲ ਸਤਲੁਜ ਦੇ ਪ੍ਰਧਾਨ ਅਜੇਪਾਲ ਸਿੰਘ ਬਰਾੜ ਫਰੀਦਕੋਟ ਪਹੁੰਚੇ ਅਤੇ ਉਨ੍ਹਾਂ ਵੱਲੋਂ ਇੱਥੇ ਜਥੇਬੰਦੀ ਦੇ ਆਗੂਆਂ ਨਾਲ ਮੀਟਿੰਗ ਕਰਕੇ ਨਿਯੁਕਤੀਆਂ ਕੀਤੀਆਂ ਗਈਆਂ। ਉਨ੍ਹਾਂ ਕਿਹਾ ਕਿ ਮਿਸਲ ਸਤਲੁਜ ਲਗਾਤਾਰ ਪੰਜਾਬ ਦੇ ਪਾਣੀਆਂ, ਚੰਡੀਗੜ੍ਹ ਦੇ ਮਸਲੇ ਅਤੇ ਹੋਰ ਗੰਭੀਰ ਮੁੱਦਿਆਂ ਨੂੰ ਚੁੱਕ ਰਹੀ ਹੈ ਅਤੇ ਹੁਣ ਉਨ੍ਹਾਂ ਵੱਲੋਂ 2027 ਚੋਣਾਂ ਦੀ ਤਿਆਰੀ ਕੀਤੀ ਗਈ ਜਾ ਰਹੀ ਹੈ। ਮਿਸਲ ਸਤਲੁਜ ਦੇ ਪ੍ਰਧਾਨ ਅਜੇਪਾਲ ਸਿੰਘ ਬਰਾੜ ਨੇ ਦੱਸਿਆ ਕਿ ਮਿਸ਼ਨ ਵੱਲੋਂ ਲਗਾਤਾਰ ਪੰਜਾਬ ਦੇ ਮੁੱਦਿਆਂ ਨੂੰ ਲੈ ਕੇ ਲੋਕਾਂ ਵਿਚ ਪਹੁੰਚ ਕੀਤੀ ਜਾ ਰਹੀ ਹੈ ਅਤੇ ਸਰਕਾਰ ਖਿਲਾਫ ਆਵਾਜ਼ ਚੁੱਕੀ ਜਾ ਰਹੀ ਹੈ। ਹੁਣ ਪਾਰਟੀ ਵੱਲੋਂ 2027 ਚੋਣਾਂ ਦੀ ਤਿਆਰੀ ਕਰ ਲਈ ਗਈ। ਉਹ ਪੰਜਾਬ ਭਰ ਵਿਚ ਚੋਣ ਲੜਣਗੇ, ਜਿਸ ਦੇ ਤਹਿਤ ਉਨ੍ਹਾਂ ਵੱਲੋਂ ਹਲਕਾ ਇੰਚਾਰਜਾਂ ਦੇ ਐਲਾਨੇ ਕੀਤੇ ਜਾ ਰਹੇ ਹਨ।

## 'ਭਾਰਤ ਨੂੰ ਕੋਹਿਨੂਰ ਵਾਪਸ ਕਰ ਦਿਓ'! ਕਿੰਗ ਚਾਰਲਸ ਨੂੰ ਨਿਊਯਾਰਕ ਦੇ ਮੇਅਰ ਦੀ ਅਪੀਲ

**ਨਿਊਯਾਰਕ**, 30 **ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਨਿਊਯਾਰਕ ਸਿਟੀ ਦੇ ਮੇਅਰ ਜ਼ੋਹਰਾਨ ਮਮਦਾਨੀ ਨੇ ਇਤਿਹਾਸਕ ਕੋਹਿਨੂਰ ਹੀਰੇ ਨੂੰ ਭਾਰਤ ਵਾਪਸ ਦਿਵਾਉਣ ਦੀ ਪੁਰਜ਼ੋਰ ਵਕਾਲਤ ਕੀਤੀ ਹੈ। ਬ੍ਰਿਟਿਸ਼ ਸਮਰਾਟ ਕਿੰਗ ਚਾਰਲਸ ਤੀਜੇ ਦੀ ਅਮਰੀਕਾ ਫੇਰੀ ਦੌਰਾਨ ਮਮਦਾਨੀ ਨੇ ਸਪੱਸ਼ਟ ਕੀਤਾ ਕਿ ਬ੍ਰਿਟਿਸ਼ ਰਾਜਾ ਇਹ ਬੇਸ਼ਕੀਮਤੀ ਹੀਰਾ ਭਾਰਤ ਨੂੰ ਸੌਂਪਣ ਲਈ ਕਦਮ ਚੁੱਕੇ। ਕਿੰਗ ਚਾਰਲਸ ਅਤੇ ਮਹਾਰਾਣੀ ਕੈਮਿਲਾ ਨੇ ਨਿਊਯਾਰਕ ਵਿੱਚ 9/11 ਮੈਮੋਰੀਅਲ ਦਾ ਦੌਰਾ ਕੀਤਾ ਅਤੇ ਅੱਤਵਾਦੀ ਹਮਲਿਆਂ ਦੇ ਪੀੜਤਾਂ



ਨੂੰ ਸ਼ਰਧਾਂਜਲੀ ਦਿੱਤੀ। ਉਨ੍ਹਾਂ ਨੇ ਅੱਪਰ ਮੈਨਹਟਨ ਵਿੱਚ ਬੱਚਿਆਂ ਅਤੇ ਪਰਿਵਾਰਾਂ ਦਾ ਸਮਰਥਨ ਕਰਨ ਵਾਲੀ ਸ਼ਹਿਰੀ ਫਾਰਮ ਦੇ ਨੈੱਟਵਰਕ ਹਾਰਲੇਮ ਗ੍ਰੋਨ ਦਾ ਵੀ ਦੌਰਾ ਕੀਤਾ ਮਮਦਾਨੀ ਨੇ ਇਹ ਬਿਆਨ 11 ਸਤੰਬਰ ਦੇ ਹਮਲਿਆਂ ਦੇ ਪੀੜਤਾਂ ਦੀ ਯਾਦ ਵਿੱਚ ਆਯੋਜਿਤ ਇੱਕ ਪ੍ਰੋਗਰਾਮ ਤੋਂ ਪਹਿਲਾਂ ਹੋਈ ਪ੍ਰੈੱਸ ਕਾਨਫਰੰਸ ਵਿੱਚ ਦਿੱਤਾ। ਉਨ੍ਹਾਂ ਕਿਹਾ ਕਿ ਭਾਵੇਂ ਇਹ ਮੁੱਦਾ ਅਧਿਕਾਰਤ ਏਜੰਡੇ ਦਾ ਹਿੱਸਾ ਨਹੀਂ ਸੀ, ਪਰ ਉਹ ਨਿੱਜੀ ਤੌਰ 'ਤੇ ਰਾਜੇ ਨੂੰ ਕੋਹਿਨੂਰ ਵਾਪਸ ਕਰਨ ਲਈ ਉਤਸ਼ਾਹਿਤ ਕਰਨਾ ਚਾਹੁੰਦੇ ਹਨ। ਉਨ੍ਹਾਂ ਕਿਹਾ, "ਜੇਕਰ ਮੈਨੂੰ ਰਾਜੇ ਨਾਲ ਵੱਖਰੇ ਤੌਰ 'ਤੇ ਗੱਲ ਕਰਨ ਦਾ ਮੌਕਾ ਮਿਲਿਆ, ਤਾਂ ਮੈਂ ਸ਼ਾਇਦ ਉਨ੍ਹਾਂ ਨੂੰ ਕੋਹਿਨੂਰ ਹੀਰਾ ਵਾਪਸ ਕਰਨ ਲਈ ਉਤਸ਼ਾਹਿਤ ਕਰਾਂਗਾ।" ਮੇਅਰ ਮਮਦਾਨੀ ਦੀ ਇਹ ਟਿੱਪਣੀ ਭਾਰਤ ਵੱਲੋਂ ਹੀਰੇ ਦੀ ਵਾਪਸੀ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਦੇ ਵਿਚਕਾਰ ਆਈ ਹੈ। ਜ਼ਿਕਰਯੋਗ ਹੈ ਕਿ 105.6 ਕੈਰੇਟ ਦਾ ਕੋਹਿਨੂਰ ਹੀਰਾ ਬ੍ਰਿਟਿਸ਼ ਬਸਤੀਵਾਦੀ ਕਾਲ ਦੌਰਾਨ 1849 ਵਿੱਚ ਮਹਾਰਾਜਾ ਦਲੀਪ ਸਿੰਘ ਦੁਆਰਾ ਮਹਾਰਾਣੀ ਵਿਕਟੋਰੀਆ ਨੂੰ ਤੋਹਫ਼ੇ ਵਜੋਂ ਦਿੱਤਾ ਗਿਆ ਸੀ।

## ਆਸਟ੍ਰੇਲੀਆ ਤੋਂ ਡਿਪੋਰਟ ਕੀਤੇ ਗਏ 15 ਭਾਰਤੀ ਦਿੱਲੀ ਹਵਾਈ ਅੱਡੇ 'ਤੇ ਪਹੁੰਚੇ; ਪੰਜਾਬ ਸਰਕਾਰ ਦੀ ਟੀਮ ਨੇ ਕੀਤਾ ਰਿਸੀਵ

**ਨਵੀਂ ਦਿੱਲੀ**, 30 **ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਆਸਟ੍ਰੇਲੀਆ ਤੋਂ 15 ਭਾਰਤੀਆਂ ਨੂੰ ਡਿਪੋਰਟ ਕਰ ਦਿੱਤਾ ਗਿਆ ਹੈ, ਜਿਨ੍ਹਾਂ ਵਿੱਚੋਂ ਇੱਕ ਔਰਤ ਸਣੇ 11 ਪੰਜਾਬੀ ਸ਼ਾਮਲ ਹੈ। ਜਾਣਕਾਰੀ ਲਈ ਦੱਸ ਦੇਈਏ ਕਿ ਹਵਾਈ ਅੱਡੇ 'ਤੇ ਜ਼ਰੂਰੀ ਵੈਰੀਫਿਕੇਸ਼ਨ ਅਤੇ ਕਲੀਅਰੈਂਸ ਦੀ ਪ੍ਰਕਿਰਿਆ ਪੂਰੀ ਹੋਣ ਤੋਂ ਬਾਅਦ, ਇਨ੍ਹਾਂ ਸਾਰਿਆਂ ਨੂੰ ਪਹਿਲਾਂ ਪਟਿਆਲਾ ਲਿਆਂਦਾ ਜਾਵੇਗਾ। ਡਿਪੋਰਟ ਕੀਤੇ ਗਏ 11 ਪੰਜਾਬੀਆਂ ਸੂਬੇ ਦੇ ਵੱਖ-ਵੱਖ ਹਿੱਸਿਆਂ ਜਿਵੇਂ ਕਿ



ਜਲੰਧਰ, ਹੁਸ਼ਿਆਰਪੁਰ, ਖੰਨਾ, ਮੋਗਾ, ਨਵਾਂਸ਼ਹਿਰ, ਗੜ੍ਹਸ਼ੰਕਰ, ਤਰਨਤਾਰਨ, ਫਿਰੋਜ਼ਪੁਰ ਅਤੇ ਰੂਪਨਗਰ ਦੇ ਰਹਿਣ ਵਾਲੇ ਹਨ। ਖਬਰਾਂ ਮੁਤਾਬਕ ਡਿਪੋਰਟ ਕੀਤੇ ਗਏ ਪੰਜਾਬੀਆਂ ਵਿੱਚ ਹੇਠ ਲਿਖੇ ਲੋਕਾਂ ਦੇ ਨਾਮ ਸ਼ਾਮਲ ਹਨ:

- ਜਸਵੰਤ ਸਿੰਘ (34 ਸਾਲ)
- ਅੰਗਰੇਜ਼ ਸਿੰਘ (32 ਸਾਲ)
- ਸਤਿੰਦਰਜੀਤ ਸਿੰਘ ਸ਼ੇਰਗਿਲ (31 ਸਾਲ)
- ਗੁਰਪ੍ਰੀਤ ਸਿੰਘ ਸੰਧੂ (30 ਸਾਲ)
- ਜਗਜੀਤ ਸਿੰਘ (35 ਸਾਲ)
- ਜਸਪ੍ਰੀਤ ਸਿੰਘ (35 ਸਾਲ)
- ਨਿਰਮਲ ਸਿੰਘ (38 ਸਾਲ)
- ਸ਼ਰੂਤੀ ਸ਼ਰਮਾ (35 ਸਾਲ)
- ਰਣਜੀਤ ਸਿੰਘ (35 ਸਾਲ)
- ਹਰਪ੍ਰੀਤ ਸਿੰਘ (41 ਸਾਲ)
- ਗਗਨਦੀਪ ਸਿੰਘ (25 ਸਾਲ)

**4 ਹੋਰ ਨੌਜਵਾਨ ਵੀ ਸ਼ਾਮਲ**-ਇਸ ਤੋਂ ਇਲਾਵਾ 4 ਹੋਰ ਮੁੰਡੇ ਜੋ ਆਸਟ੍ਰੇਲਿਆ ਵਲੋਂ ਡਿਪੋਰਟ ਕੀਤੇ ਗਏ ਹਨ, ਉਨ੍ਹਾਂ ਵਿੱਚ ਹਰਿਆਣਾ ਤੋਂ ਰਾਹੁਲ, ਤੇਲੰਗਾਨਾ ਤੋਂ ਸਮੀਉਦੀਨ ਖ਼ਾਜਾ ਅਤੇ ਅਬਦੁੱਲਾ ਸਾਲੇਹ ਬਾਹਾਤਾਬ ਸਣੇ ਉੱਤਰਾਖੰਡ ਤੋਂ ਕੰਵਲਜੀਤ ਸਿੰਘ ਸ਼ਾਮਲ ਦੱਸਿਆ ਜਾ ਰਿਹਾ ਹੈ। ਇਹ ਘਟਨਾ ਪਿਛਲੇ ਸਾਲ ਅਮਰੀਕਾ ਵੱਲੋਂ ਕੀਤੀ ਗਈ ਵੱਡੀ ਡਿਪੋਰਟੇਸ਼ਨ ਦੀ ਯਾਦ ਦਿਵਾਉਂਦੀ ਹੈ, ਜਿੱਥੇ 104 ਭਾਰਤੀਆਂ ਨੂੰ, ਜਿਨ੍ਹਾਂ ਵਿੱਚ 30 ਪੰਜਾਬੀ ਸਨ, ਵਾਪਸ ਭੇਜਿਆ ਗਿਆ ਸੀ। ਹੁਣ ਅਸਟ੍ਰੇਲੀਆ ਤੋਂ ਪਰਤੇ ਇਹਨਾਂ ਨੌਜਵਾਨਾਂ ਨੂੰ ਸੁਰੱਖਿਅਤ ਉਨ੍ਹਾਂ ਦੇ ਘਰਾਂ ਤੱਕ ਪਹੁੰਚਾਉਣ ਦੀ ਪ੍ਰਕਿਰਿਆ ਜਾਰੀ ਹੈ।

## ਸ਼੍ਰੋਮਣੀ ਅਕਾਲੀ ਦਲ ਦਾ ਮਾਨ ਸਰਕਾਰ ਖਿਲਾਫ ਹੱਲਾ-ਬੋਲ; ਬਿਜਲੀ ਕੱਟਾਂ ਖਿਲਾਫ ਸੜਕਾਂ 'ਤੇ ਉਤਰਿਆ ਸ਼੍ਰੋਮਣੀ ਅਕਾਲੀ ਦਲ

**ਜਗਰਾਉਂ**, 30 **ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦਾ ਪੰਜਾਬ ਦੀ ਮਾਨ ਸਰਕਾਰ ਖਿਲਾਫ ਮੋਰਚਾ ਖੋਲ੍ਹਿਆ ਗਿਆ ਹੈ। ਦੱਸ ਦਈਏ ਕਿ ਬਿਜਲੀ ਕੱਟਾਂ ਖਿਲਾਫ ਸੜਕਾਂ 'ਤੇ ਸ਼੍ਰੋਮਣੀ ਅਕਾਲੀ ਦਲ ਉਤਰ ਆਇਆ ਹੈ। ਸੂਬੇ ਭਰ ਦੇ ਸਾਰੇ ਵਿਧਾਨ ਸਭਾ ਹਲਕਿਆਂ 'ਚ ਡੀਸੀ, ਐਸਡੀਐਮ ਤੇ ਬਿਜਲੀ ਨਿਗਮ ਦੇ ਦਫਤਰਾਂ ਅੱਗੇ ਧਰਨਾ ਦਿੱਤਾ ਜਾ ਰਿਹਾ ਹੈ। ਸ਼੍ਰੋਮਣੀ ਅਕਾਲੀ ਦਲ ਦਾ ਕਹਿਣਾ ਹੈ ਕਿ ਆਮ ਲੋਕਾਂ ਨੂੰ ਪਰੇਸ਼ਾਨ ਕਰਕੇ ਮਾਨ ਸਰਕਾਰ ਨੂੰ ਕੁੰਭਕਰਨੀ ਨੀਂਦ ਤੋਂ ਜਗਾਉਣ ਲਈ ਸੂਬੇ ਭਰ 'ਚ ਰੋਸ ਮੁਜ਼ਾਹਰੇ ਕੀਤੇ ਜਾ ਰਹੇ ਹਨ। ਸ਼੍ਰੋਮਣੀ ਅਕਾਲੀ ਦਲ ਦਾ ਕਹਿਣਾ ਹੈ ਕਿ ਲੰਬੇ ਕੱਟਾਂ ਕਾਰਨ ਕਿਸਾਨਾਂ ਤੇ ਵਪਾਰੀਆਂ ਦਾ ਵੱਡਾ ਨੁਕਸਾਨ ਹੋ ਰਿਹਾ ਹੈ। 5



ਸਾਲਾਂ ਬਾਅਦ ਪੰਜਾਬ 'ਚ ਇੰਨ੍ਹੇ ਲੰਬੇ ਕੱਟ ਲੱਗ ਰਹੇ ਹਨ। ਅਕਾਲੀ ਦਲ ਦੀ ਸਰਕਾਰ ਦੌਰਾਨ ਪੰਜਾਬ ਬਿਜਲੀ ਸਰਪਲੱਸ ਸੂਬਾ ਸੀ। ਮਿਲੀ ਜਾਣਕਾਰੀ ਮੁਤਾਬਿਕ ਬਿਜਲੀ ਕੱਟਾਂ ਨੂੰ ਲੈ ਕੇ ਮਲੋਟ ਤਹਿਸੀਲ ਕੰਪਲੈਕਸ ਵਿੱਚ ਸਾਬਕਾ ਵਿਧਾਇਕ ਹਰਪ੍ਰੀਤ ਸਿੰਘ ਦੀ ਅਗਵਾਈ ਵਿੱਚ ਅਕਾਲੀ ਦਲ ਦੇ ਵਰਕਰਾਂ ਨੇ ਰੋਸ ਧਰਨਾ ਦਿੱਤਾ। ਇਨ੍ਹਾਂ ਤੋਂ ਇਲਾਵਾ ਜਗਰਾਓਂ ਦੇ ਬਿਜਲੀ ਬੋਰਡ ਦੇ ਐਕਸੀਅਨ ਦਫ਼ਤਰ ਵਿਚ ਅੱਜ ਸ਼੍ਰੋਮਣੀ ਅਕਾਲੀ ਦਲ ਵਲੋਂ ਸਾਬਕਾ ਵਿਧਾਇਕ ਐਸ ਆਰ ਕਲੇਰ ਤੇ ਐਸਜੀਪੀਸੀ ਮੈਂਬਰ ਗੁਰਚਰਨ ਸਿੰਘ ਗਰੇਵਾਲ ਦੀ ਅਗਵਾਈ ਵਿੱਚ ਬਿਜਲੀ ਦੇ ਲਗਦੇ ਕੱਟਾਂ ਖਿਲਾਫ ਧਰਨਾ ਪ੍ਰਦਰਸ਼ਨ ਕੀਤਾ ਗਿਆ ਤੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਸਹੀ ਢੰਗ ਨਾਲ ਬਿਜਲੀ ਸਪਲਾਈ ਦੇਣ ਦੀ ਮੰਗ ਕੀਤੀ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਦਾ ਵੱਡਾ ਇਕੱਠ ਦੇਖਣ ਨੂੰ ਮਿਲਿਆ ਤੇ ਪਿੰਡਾਂ ਵਿਚ ਜਲਦੀ ਤੋ ਜਲਦੀ ਬਿਜਲੀ ਸਪਲਾਈ ਬਿਨਾਂ ਕੱਟਾਂ ਤੋਂ ਬਿਜਲੀ ਜਾਰੀ ਰੱਖਣ ਦੀ ਮੰਗ ਕੀਤੀ। ਗੁਰਦਾਸਪੁਰ ਵਿਖੇ ਵੀ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਗੁਰਬਚਨ ਸਿੰਘ ਬੱਬੇਹਾਲੀ ਦੀ ਅਗਵਾਈ ਹੇਠ ਬਿਜਲੀ ਬੋਰਡ ਦੇ ਐਸਸੀ ਦਫਤਰ ਦੇ ਬਾਹਰ ਧਰਨਾ ਲਗਾਇਆ ਗਿਆ। ਇਸ ਧਰਨੇ ਵਿੱਚ ਵੱਡੀ ਗਿਣਤੀ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਜੁਝਾਰੂ ਵਰਕਰਾਂ ਨੇ ਸ਼ਮੂਲੀਅਤ ਕੀਤੀ। ਮਾਨਸਾ ਦੋ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਪ੍ਰੇਮ ਅਰੋੜਾ ਦੀ ਅਗਵਾਈ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਵੱਲੋਂ ਮਾਨਸਾ ਡਿਪਟੀ ਕਮਿਸ਼ਨਰ ਦਫ਼ਤਰ ਦੇ ਬਾਹਰ ਧਰਨਾ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਜਿੱਥੇ ਮੌਜੂਦਾ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਉੱਥੇ ਹੀ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਨੇ ਇਲਜ਼ਾਮ ਲਾਇਆ ਕਿ ਮੌਜੂਦਾ ਸਰਕਾਰ ਦੀ ਕਹਿਣੀ ਅਤੇ ਕਰਨੀ ਤੋਂ ਲੋਕ ਪਰੇਸ਼ਾਨ ਹਨ। ਪੰਜਾਬ ਭਰ ਵਿੱਚ ਲੰਬੇ-ਲੰਬੇ ਬਿਜਲੀ ਦੇ ਕੱਟਾਂ ਕਾਰਨ ਜਿੱਥੇ ਹਰ ਵਰਗ ਦੁਖੀ ਹੈ, ਉਥੇ ਹੀ ਸ਼੍ਰੋਮਣੀ ਅਕਾਲੀ ਦਲ ਵੱਲੋਂ ਪੰਜਾਬ ਨੂੰ ਸਰਪਲਸ ਬਿਜਲੀ ਸੂਬਾ ਬਣਾਏ ਜਾਣ ਦੇ ਬਾਵਜੂਦ ਅੱਜ ਮੌਜੂਦਾ ਸਰਕਾਰ ਨੇ ਪੰਜਾਬ ਨੂੰ ਬਿਜਲੀ ਦੀ ਕਿੱਲਤ ਵਾਲਾ ਸੂਬਾ ਬਣਾ ਕੇ ਰੱਖ ਦਿੱਤਾ ਹੈ।

## ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੂੰ ਲੈ ਕੇ ਕੋਰਟ 'ਚ ਅਗਲੀ ਸੁਣਵਾਈ 2 ਮਈ ਨੂੰ

**ਚੰਡੀਗੜ੍ਹ**, 30 **ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਖਡੂਰ ਸਾਹਿਬ ਤੋਂ ਸੰਸਦ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਨੂੰ ਅੱਜ ਮੁੜ ਵੀਡੀਓ ਕਾਨਫਰੰਸਿੰਗ ਰਾਹੀਂ ਮਾਣਯੋਗ ਅਦਾਲਤ ਸਾਹਮਣੇ ਪੇਸ਼ ਕੀਤਾ ਗਿਆ। ਦੱਸ ਦੇਈਏ ਕਿ ਅੱਜ ਡਿਬਰੂਗੜ੍ਹ ਜੇਲ ਤੋਂ ਵੀਡੀਓ ਕਾਨਫਰੰਸਿੰਗ ਰਾਹੀਂ ਉਹ ਅਜਨਾਲਾ ਦੀ ਸਬ ਅਦਾਲਤ ਵਿਖੇ ਜੁਡੀਸ਼ੀਅਲ ਮੈਜਿਸਟ੍ਰੇਟ ਦੇ ਸਾਹਮਣੇ ਪੇਸ਼ ਹੋਏ। ਅਦਾਲਤ ਵੱਲੋਂ ਹੁਣ ਇਸ ਮਾਮਲੇ ਦੀ ਅਗਲੀ ਸੁਣਵਾਈ 2 ਮਈ ਨੂੰ ਰੱਖੀ ਗਈ ਹੈ। ਅੰਮ੍ਰਿਤਪਾਲ ਸਿੰਘ ਦੇ ਵਕੀਲ ਐਡਵੋਕੇਟ ਕਰਮਵੀਰ ਸਿੰਘ ਪੰਨੂ ਨੇ



ਦੱਸਿਆ ਕਿ ਪੁਲਿਸ ਵੱਲੋਂ ਅਜਨਾਲਾ ਪੁਲਿਸ ਥਾਣਾ ਹਿੰਸਾ ਮਾਮਲੇ 'ਚ ਉਸ ਦੇ ਖ਼ਿਲਾਫ਼ ਚਲਾਨ ਪੇਸ਼ ਕੀਤਾ ਗਿਆ ਹੈ, ਜਿਸ ਤੇ ਕਾਰਵਾਈ ਕਰਦੇ ਹੋਏ ਅਦਾਲਤ ਵੱਲੋਂ ਇਹ ਮਾਮਲਾ ਹੁਣ ਸੈਸ਼ਨ ਅਦਾਲਤ ਅੰਮ੍ਰਿਤਸਰ ਵਿੱਚ ਵਿਚਾਰਿਆ ਜਾਵੇਗਾ। ਜਿਸ ਤਹਿਤ ਅਗਲੀ ਸੁਣਵਾਈ 2 ਮਈ ਨੂੰ ਰੱਖੀ ਗਈ ਹੈ। ਦੱਸ ਦੇਈਏ ਕਿ 22 ਅਪ੍ਰੈਲ ਨੂੰ ਅੰਮ੍ਰਿਤਪਾਲ ਸਿੰਘ ਦੀ ਰਾਸ਼ਟਰੀ ਸੁਰੱਖਿਆ ਕਾਨੂੰਨ (ਐਨਐਸਏ) ਤਹਿਤ ਨਜ਼ਰਬੰਦੀ ਸਮਾਪਤ ਹੋ ਗਈ ਸੀ, ਜਿਸ ਤੋਂ ਬਾਅਦ 23 ਅਪ੍ਰੈਲ ਨੂੰ ਪੁਲਿਸ ਨੇ ਅਜਨਾਲਾ ਥਾਣੇ 'ਤੇ ਹਮਲੇ ਦੇ ਮਾਮਲੇ ਵਿੱਚ ਕਾਰਵਾਈ ਕੀਤੀ। ਉਨ੍ਹਾਂ ਨੂੰ 23 ਅਪ੍ਰੈਲ ਨੂੰ ਵੀਸੀ ਜ਼ਰੀਏ ਅਦਾਲਤ 'ਚ ਪੇਸ਼ ਕੀਤਾ ਗਿਆ, ਜਿੱਥੇ ਪੁਲਿਸ ਨੂੰ ਉਨ੍ਹਾਂ ਦਾ ਦੋ ਦਿਨਾਂ ਦਾ ਰਿਮਾਂਡ ਮਿਲਿਆ ਸੀ। ਰਿਮਾਂਡ ਖ਼ਤਮ ਹੋਣ ਤੋਂ ਬਾਅਦ ਅੰਮ੍ਰਿਤਪਾਲ ਨੂੰ 5 ਦਿਨਾਂ ਦੀ ਨਿਆਇਕ ਹਿਰਾਸਤ 'ਚ ਭੇਜ ਦਿੱਤਾ ਗਿਆ ਸੀ। ਇਹ ਮਾਮਲਾ ਫਰਵਰੀ 2023 ਦਾ ਹੈ, ਜਦੋਂ ਅੰਮ੍ਰਿਤਪਾਲ ਸਿੰਘ ਅਤੇ ਉਨ੍ਹਾਂ ਦੇ ਸਮਰਥਕਾਂ ਨੇ ਆਪਣੇ ਇੱਕ ਸਾਥੀ ਨੂੰ ਛੁਡਾਉਣ ਲਈ ਅਜਨਾਲਾ ਪੁਲਿਸ ਥਾਣੇ 'ਤੇ ਧਾਵਾ ਬੋਲਿਆ ਸੀ। ਇਸ ਦੌਰਾਨ ਬੈਰੀਕੇਡ ਤੋੜੇ ਗਏ ਅਤੇ ਪੁਲਿਸ ਨਾਲ ਝੜਪ ਹੋਈ ਸੀ। ਇਸ ਸਬੰਧੀ ਦਰਜ ਐਫਆਈਆਰ ਨੰਬਰ 39 'ਚ ਅੰਮ੍ਰਿਤਪਾਲ ਸਿੰਘ ਸਮੇਤ ਕੁੱਲ 41 ਲੋਕਾਂ ਨੂੰ ਨਾਮਜ਼ਦ ਕੀਤਾ ਗਿਆ ਹੈ। ਪੁਲਿਸ ਅਨੁਸਾਰ ਅੰਮ੍ਰਿਤਪਾਲ ਸਿੰਘ ਇਸ ਕੇਸ ਦਾ ਮੁੱਖ ਮੁਲਜ਼ਮ ਹੈ। ਉਸ 'ਤੇ ਕਤਲ ਦੀ ਕੋਸ਼ਿਸ਼ (ਧਾਰਾ 307), ਸਰਕਾਰੀ ਕਰਮਚਾਰੀਆਂ 'ਤੇ ਹਮਲਾ, ਅਪਰਾਧਿਕ ਸਾਜ਼ਿਸ਼ ਅਤੇ ਦੰਗੇ ਕਰਨ ਵਰਗੇ ਗੰਭੀਰ ਇਲਜ਼ਾਮ ਲਗਾਏ ਗਏ ਹਨ, ਅਦਾਲਤ ਹੁਣ ਇਸ ਮਾਮਲੇ ਦੀ ਅਗਲੀ ਸੁਣਵਾਈ 2 ਮਈ ਨੂੰ ਕਰੇਗੀ।

# ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ

## ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ





# ਸ਼ਬਦ ਕੀਰਤਨ ਅਤੇ ਕਥਾ ਸਮਾਗਮ

## 1 ਮਈ ਤੋਂ 31 ਮਈ 2026 ਤੱਕ

ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ

ਆਵਾਜ਼ਿ ਕੌਮ AWAZE QAUM International Newspaper & WEB TV

ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

| | | | | |
|---|---|---|---|---|
| 1 ਮਈ ਸ਼ੁੱਕਰਵਾਰ — ਜਬੋਵਾਲ — ਸ਼ਾਮ 6 ਤੋਂ 8 ਵਜੇ ਤੱਕ | 2 ਮਈ ਸ਼ਨੀਵਾਰ — ਹਯਾਤ (ਗੁਰਦਾਸਪੁਰ) — ਸ਼ਾਮ 6 ਤੋਂ 8 ਵਜੇ ਤੱਕ | 3 ਮਈ ਐਤਵਾਰ — ਗੁ: ਸੰਗਤਪੁਰਾ ਬਬਵਾਲਾ ਗੁਰਦਾਸਪੁਰ — ਸ਼ਾਮ 6 ਤੋਂ 8 ਵਜੇ ਤੱਕ | 4 ਮਈ ਸੋਮਵਾਰ — ਕਾਹਲਵਾਂ — ਸ਼ਾਮ 6 ਤੋਂ 8 ਵਜੇ ਤੱਕ | 5 ਮਈ ਮੰਗਲਵਾਰ — ਗੁ: ਭਗਤਾਂ ਦਾ ਡੇਰਾ ਤਰਸਿੱਕਾ ਸਵੇਰੇ 12 ਤੋਂ 2 ਵਜੇ ਤੱਕ / ਨਿੱਕੇ ਘੁੰਮਣ ਸ਼ਾਮ 6 ਤੋਂ 8 ਵਜੇ ਤੱਕ |
| 6 ਮਈ ਬੁੱਧਵਾਰ — ਚੋਣੇ — ਸ਼ਾਮ 6 ਤੋਂ 8 ਵਜੇ ਤੱਕ | 7 ਮਈ ਵੀਰਵਾਰ — ਮੁਰਾਦਪੁਰ — ਸ਼ਾਮ 6 ਤੋਂ 8 ਵਜੇ ਤੱਕ | 8 ਮਈ ਸ਼ੁੱਕਰਵਾਰ — ਚੂੰਗ (ਸ੍ਰੀ ਗੁਰੂ ਗੋਬਿੰਦ ਸਿੰਘ ਜੀ ਇੰਟਰਨੈਸ਼ਨਲ ਪਬਲਿਕ ਸਕੂਲ) — ਸ਼ਾਮ 6 ਤੋਂ 8 ਵਜੇ ਤੱਕ | 9 ਮਈ ਸ਼ਨੀਵਾਰ — ਅਬਦਾਲ ਗੁ: ਸੰਤ ਬਾਬਾ ਅੱਲ੍ਹਾ ਸਿੰਘ ਜੀ — ਸ਼ਾਮ 6 ਤੋਂ 8 ਵਜੇ ਤੱਕ | 10 ਮਈ ਐਤਵਾਰ — ਗੁਰੂ ਕੀ ਬੇਰ ਸਾਹਿਬ ਮੱਤੇਵਾਲ — ਸ਼ਾਮ 6 ਤੋਂ 8 ਵਜੇ ਤੱਕ |
| 11 ਮਈ ਸੋਮਵਾਰ — ਲੀਲ ਕਲਾਂ — ਸ਼ਾਮ 6 ਤੋਂ 8 ਵਜੇ ਤੱਕ | 12 ਮਈ ਮੰਗਲਵਾਰ — ਭਲਾਈਪੁਰ ਪੁਰਬਾਂ — ਸ਼ਾਮ 6 ਤੋਂ 8 ਵਜੇ ਤੱਕ | 13 ਮਈ ਬੁੱਧਵਾਰ — ਖਲੈਹਿਰਾ — ਸ਼ਾਮ 6 ਤੋਂ 8 ਵਜੇ ਤੱਕ | 14 ਮਈ ਵੀਰਵਾਰ — ਜਫਰਵਾਲ — ਸ਼ਾਮ 6 ਤੋਂ 8 ਵਜੇ ਤੱਕ | 15 ਮਈ ਸ਼ੁੱਕਰਵਾਰ — ਲਾਲਪੁਰਾ (ਗੁਰਦਾਸਪੁਰ) — ਸ਼ਾਮ 6 ਤੋਂ 8 ਵਜੇ ਤੱਕ |
| 16 ਮਈ ਸ਼ਨੀਵਾਰ — ਗੁ: ਸਿੰਘ ਸਭਾ (ਸ਼ਾਸਤਰੀ ਨਗਰ ਕਾਹਨੂੰਵਾਲ ਰੋਡ, ਬਟਾਲਾ) — ਸ਼ਾਮ 6 ਤੋਂ 8 ਵਜੇ ਤੱਕ | 17 ਮਈ ਐਤਵਾਰ — ਗੜ੍ਹੀ ਗੁਰਦਾਸ ਨੰਗਲ ਗੁ: ਗ੍ਰਿਫਤਾਰੀ ਸਾਹਿਬ — ਸ਼ਾਮ 6 ਤੋਂ 8 ਵਜੇ ਤੱਕ | 18 ਮਈ ਸੋਮਵਾਰ — ਝਲਾੜੀ — ਸ਼ਾਮ 6 ਤੋਂ 8 ਵਜੇ ਤੱਕ | 19 ਮਈ ਮੰਗਲਵਾਰ — ਗੱਗੜਭਾਣਾ — ਸ਼ਾਮ 6 ਤੋਂ 8 ਵਜੇ ਤੱਕ | 20 ਮਈ ਬੁੱਧਵਾਰ — ਧਰਦਿਓ — ਸ਼ਾਮ 6 ਤੋਂ 8 ਵਜੇ ਤੱਕ |
| 21 ਮਈ ਵੀਰਵਾਰ — ਵੀਲਾ / ਮੀਕੇ — ਸ਼ਾਮ 6 ਤੋਂ 8 ਵਜੇ ਤੱਕ | 22 ਮਈ ਸ਼ੁੱਕਰਵਾਰ — ਸਿਆਲਕਾ — ਸ਼ਾਮ 6 ਤੋਂ 8 ਵਜੇ ਤੱਕ | 23 ਮਈ ਸ਼ਨੀਵਾਰ — ਖੱਬੇਰਾਜਪੂਤਾਂ — ਸ਼ਾਮ 6 ਤੋਂ 8 ਵਜੇ ਤੱਕ | 24 ਮਈ ਐਤਵਾਰ — ਜਲਾਲ ਉਸਮਾਂ — ਸ਼ਾਮ 6 ਤੋਂ 8 ਵਜੇ ਤੱਕ | 25 ਮਈ ਸੋਮਵਾਰ — ਸਹਾਇਪੁਰ — ਸ਼ਾਮ 6 ਤੋਂ 8 ਵਜੇ ਤੱਕ |

| | | | | | |
|---|---|---|---|---|---|
| 26 ਮਈ ਮੰਗਲਵਾਰ — ਜੇਠੂਵਾਲ — ਸ਼ਾਮ 6 ਤੋਂ 8 ਵਜੇ ਤੱਕ | 27 ਮਈ ਬੁੱਧਵਾਰ — ਬੁਤਾਲਾ (ਨਿਪਸ ਸਕੂਲ) — ਸ਼ਾਮ 6 ਤੋਂ 8 ਵਜੇ ਤੱਕ | 28 ਮਈ ਵੀਰਵਾਰ — ਗੁ: ਰਾਮ ਥੰਮਣ — ਸ਼ਾਮ 6 ਤੋਂ 8 ਵਜੇ ਤੱਕ | 29 ਮਈ ਸ਼ੁੱਕਰਵਾਰ — ਸਠਿਆਲਾ — ਸ਼ਾਮ 6 ਤੋਂ 8 ਵਜੇ ਤੱਕ | 30 ਮਈ ਸ਼ਨੀਵਾਰ — ਮਹਿਸਮਪੁਰ (ਬਾਬਾ ਦੀਪ ਸਿੰਘ ਸਕੂਲ) — ਸ਼ਾਮ 6 ਤੋਂ 8 ਵਜੇ ਤੱਕ | 31 ਮਈ ਐਤਵਾਰ — ਮਹਿਤਾ ਚੌਂਕ — ਸ਼ਾਮ 6 ਤੋਂ 8 ਵਜੇ ਤੱਕ |

1-2-3-4-5 ਜੂਨ 2026 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ ਦਮਦਮੀ ਟਕਸਾਲ ਦੇ ਹੈਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਕਥਾ ਕੀਰਤਨ ਦਾ ਨਿਰੰਤਰ ਪ੍ਰਵਾਹ ਚੱਲੇਗਾ।

ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2026, ਸ਼ਨੀਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ

ਪ੍ਰੋਫੈਸ਼ਨਲ ਕਾਲਜ ਆਫ ਗੁਰਮਤਿ ਦਮਦਮੀ ਟਕਸਾਲ ਵਿਖੇ 9ਵੀਂ, 10ਵੀਂ, +1 +2, ਬੀ.ਏ., ਐੱਮ.ਏ. ਦਾਖਲੇ ਸ਼ੁਰੂ ਹਨ ਫਰੀ ਵਿੱਦਿਆ ਪ੍ਰਾਪਤ ਕਰੋ

ਸੰਪਰਕ: 99158-00904, 97793-10040, 98158-14158, 84376-91626

ਆਵਾਜ਼ਿ ਕੌਮ AWAZE QAUM International Newspaper & WEB TV


ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
***Raghbir Singh Walsal***
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। **-ਸੰਪਾਦਕ**

ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋਂ ਪਾਵਾ ॥
ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

ਗੁਰਮਤਿ ਸਮਾਗਮ
1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ
ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।
ਨੋਟ : ਇਹ ਸਮਾਗਮ 13 ਦਿਨ ਚੱਲੇਗਾ
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ
84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਮਹਾਨ ਗੁਰਮਤਿ ਸਮਾਗਮ



☛ ਸ਼ਹੀਦੀ ਦਿਵਸ : ਛੋਟਾ ਘੱਲੂਘਾਰਾ ਕਾਹਨੂੰਵਾਨ ☛ ਫ਼ਤਹਿ ਦਿਵਸ : ਫ਼ਤਹਿ ਦਿਵਸ ਕੌਮੀ ਜਰਨੈਲ ਬਾਬਾ ਬੰਦਾ ਸਿੰਘ ਜੀ ਬਹਾਦਰ ਸਰਹੰਦ ਫ਼ਤਹਿ ਦਿਵਸ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।




ਸ਼ੁੱਕਰਵਾਰ 15 ਮਈ ਸੰਗਰਾਂਦ ਦਾ ਪਵਿੱਤਰ ਦਿਹਾੜੇ ਨੂੰ ਸਮਰਪਿਤ ਸ਼ਾਮ 5 ਤੋ 8 ਵਜੇ ਤੱਕ ਦੀਵਾਨ ਸਜਣਗੇ।

• ਸ਼ਨਿੱਚਰਵਾਰ 16 ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ। • ਐਤਵਾਰ 17 ਮਈ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਢਾਡੀ ਜਥਾ ਗਿਆਨੀ ਗੁਰਪ੍ਰੀਤ ਸਿੰਘ ਲਾਂਡਰਾਂ ਵਾਲੇ 15/16/17 ਮਈ ਨੂੰ ਢਾਡੀ ਵਾਰਾਂ ਰਾਹੀਂ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

ੴ

# Sardar Gurdip Singh Narwal

05 March 1948 – 17 April 2026



## Antam Sanskar (Funeral Service)

**Friday 1st May 2026**

3.30 PM
Antam Darshan | Antam Sanskar
Great Glen Crematorium
9 London Road Leicester LE8 9DJ

5.30 PM
Sehaj Path da Bhog | Guru Ka Langar
Guru Tegh Bahadur Gurdwara
106 East Park Road
Leicester LE5 4QB

Live Webcast: www.watch.obitus.com Username: jafi621 Password: 933979

Waheguru Ji Ka Khalsa
Waheguru Ji Ki Fateh

Contact: Pardeep Singh Narwal – 07956 972 789 / 07817 928 857

ਆਵਾਜ਼ਿ ਕੌਮ AWAZE QAUM International Newspaper & WEB TV



# ਸੇਵਾ ਅਤੇ ਸਿਮਰਨ ਦੇ ਪੁੰਜ ਤੀਜੇ ਪਾਤਸ਼ਾਹ ਧੰਨ ਧੰਨ ਸਾਹਿਬ ਸ੍ਰੀ ਅਮਰਦਾਸ ਸਾਹਿਬ ਜੀ ਦੇ ਪਵਿੱਤਰ ਪਾਵਨ ਪ੍ਰਕਾਸ਼ ਪੁਰਬ ਦੀਆਂ ਦੇਸ਼ਾਂ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀਆਂ ਨੂੰ ਲੱਖ-ਲੱਖ ਵਧਾਈਆਂ ਹੋਣ ਜੀ



















ਆਵਾਜ਼ਿ ਕੌਮ AWAZE QAUM International Newspaper & WEB TV

--✶ ਵੱਲੋਂ ✶--

## ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ

**ਜ਼ਿਲ੍ਹਾ ਅੰਮ੍ਰਿਤਸਰ ਐਕਸਾਈਜ਼ ਟੈਕਸੇਸ਼ਨ ਸਲਾਹਕਾਰ ਕਮੇਟੀ ਮੈਂਬਰ (ਪੰਜਾਬ ਸਰਕਾਰ)**



ਬਿਜਲੀ ਕੱਟਾਂ ਨੂੰ ਲੈ ਕੇ ਹਲਕਾ ਇੰਚਾਰਜ ਰੰਧਾਵਾ ਨੇ

# ਬਿਜਲੀ ਦਫ਼ਤਰ ਵਿਖੇ ਧਰਨਾ ਲਾਇਆ




**ਧੂਰੀ ( ਰਣਜੀਤ ਸਿੰਘ ਪੇਧਨੀ )**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਪੰਜਾਬ ਵਿੱਚ ਲੱਗ ਰਹੇ ਹਰ ਦਿਨ ਲੰਮੇ ਬਿਜਲੀ ਕੱਟਾਂ ਦੇ ਰੋਸ ਵਜੋਂ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਖਿਲਾਫ ਧੂਰੀ ਬਿਜਲੀ ਦਫ਼ਤਰ ਵਿਖੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਦੀ ਅਗਵਾਈ ਹੇਠ ਧਰਨਾ ਦਿੱਤਾ ਗਿਆ। ਇਸ ਮੌਕੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਕਿਹਾ ਕਿ ਜਦੋਂ ਤੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਉਸ ਦਿਨ ਤੋਂ ਕੋਈ ਵੀ ਫੈਸਲਾ ਆਮ ਲੋਕਾਂ ਦੇ ਹੱਕ ਵਿੱਚ ਨਹੀਂ ਹੋਇਆ। ਪੰਜਾਬ ਦੇ ਲੋਕਾਂ ਨੇ ਫੈਸਲਾ ਕਰ ਲਿਆ ਹੈ ਕਿ 2027 ਵਿੱਚ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸਰਕਾਰ ਬਣਨ ਜਾ ਰਹੀ ਹੈ, ਮੁੱਖ ਮੰਤਰੀ ਨੂੰ ਸੁਪਨੇ ਵਿਚ ਵੀ ਸੁਖਵੀਰ ਸਿੰਘ ਬਾਦਲ ਨਜਰ ਆ ਰਹੇ ਹਨ। ਇਸ ਮੌਕੇ ਭੁਪਿੰਦਰ ਸਿੰਘ ਭਲਵਾਨ ਮੈਬਰ ਐਸਜੀਪੀਸੀ, ਸੰਜੀਵ ਕੁਮਾਰ ਪਿੰਟਾ ਸਹਿਰੀ ਪ੍ਰਧਾਨ, ਜਗਰੂਪ ਸਿੰਘ ਲੱਡਾ, ਦਰਸ਼ਨ ਸਿੰਘ ਕਾਂਝਲਾ, ਗੁਰਦਿਆਲ ਸਿੰਘ ਕਾਂਝਲਾ, ਭੁਪਿੰਦਰਪਾਲ ਮਿੱਠਾ, ਜਗਰੂਪ ਸਿੰਘ ਧੂਰੀ, ਹਰਿੰਦਰ ਸਿੰਘ ਰਾਜੋਮਾਜਰਾ, ਪਰਮਜੀਤ ਸਿੰਘ ਪੰਮਾ, ਹਰਪਾਲ ਸਿੰਘ ਧੂਰਾ, ਜਸਵਿੰਦਰ ਕੌਰ ਖਾਲਸਾ, ਕਰਮਜੀਤ ਸਿੰਘ ਪੁੰਨਾਵਾਲ, ਹਰਨੇਕ ਸਿੰਘ, ਸਰਬਜੀਤ ਸਿੰਘ ਕਾਤਰੋਂ, ਅਮਰੀਕ ਸਿੰਘ ਬਰੜਵਾਲ ਹਾਜ਼ਰ ਸਨ।

ਭਾਈ ਘਣਈਆ ਜੀ ਦੇ ਪਦ ਚਿੰਨ੍ਹਾਂ ਤੇ ਚਲਦਿਆ ਤਿੰਨ ਦਹਾਕਿਆਂ ਤੋਂ

# ਮਨੁੱਖਤਾ ਲਈ ਨਿਸ਼ਕਾਮ ਸੇਵਾਵਾਂ ਨਿਭਾਉਣ ਵਾਲੇ ਭਾਈ ਮਹਿੰਦਰ ਪਾਲ ਵਾਲੀਆ



**ਸੇਵਾ ਦਾ** ਮਨੁੱਖਤਾ ਦੇ ਕਲਿਆਣ ਵਿਚ ਵਿਸ਼ੇਸ਼ ਮਹੱਤਵ ਹੈ ਭਗਤੀ ਮਾਰਗ ਵਿੱਚ ਸੇਵਾ ਦਾ ਵਿਸ਼ੇਸ਼ ਸਥਾਨ ਹੈ। ਸੇਵਾ ਅਸਲ ਵਿੱਚ ਬੜੀ ਉੱਚੀ ਸਾਧਨਾਂ ਹੈ। ਸੇਵਾ ਦੀ ਭਾਵਨਾ ਹਉਮੇ ਨੂੰ ਨਸ਼ਟ ਕਰਦੀ ਹੈ ।ਹਉਮੇ ਧੁੰਦ ਗੁ.ਬਾਰ ਵਾਂਘ ਅਤੇ ਸੇਵਾ ਪ੍ਰਕਾਸ਼ ਵਰਗੀ ਹੈ। ਜਿਥੇ ਸੇਵਾ ਹੋਰਨਾਂ ਲਈ ਜਿਊਣਾਂ ਸਿਖਾਉਂਦੀ ਹੈ, ਉਥੇ ਹਉਮੇ ਸਵਾਰਥੀ ਅਤੇ ਨਿਜ ਨੂੰ ਸਵਾਰਦੀ ਹੈ। ਸੇਵਾ ਦੀ ਭਾਵਨਾ ਹਰੇਕ ਮਨ ਅੰਦਰ ਪੈਦਾ ਨਹੀਂ ਹੋ ਸਕਦੀ ।ਇਸ ਲਈ ਉਚੇ ਆਚਰਣ ਦੀ ਲੋੜ ਹੁੰਦੀ ਹੈ ।ਸੰਤੋਖੀ ਸਾਧਕ ਹੀ ਸੇਵਾ ਵੱਲ ਰੁਚਿਤ ਹੁੰਦਾ ਹੈ। ਪੰਥ ਦੇ ਮਹਾਨ ਵਿਦਵਾਨ ਭਾਈ ਕਾਨ੍ਹ ਸਿੰਘ ਨਾਭਾ ਨੇ ਮਹਾਨ ਕੋਸ਼ ਦੇ ਐਡੀਸ਼ਨ ਨੰਬਰ 228 ਤੋਂ ਸੇਵਾ ਦੀ ਸੰਗਿਆ ਬਾਰੇ ਲਿਖਿਆ ਹੈ ਕਿ ਸੇਵਾ, ਖ਼ਿਦਮਤ, ਉਪਾਸਨਾ ਨਾਮੇ ਦੀ ਸਭ ਕਰੇ ।ਸੇਵਹ, ਤਰੀਕਾ, ਕ.ਾਇਦਾ ਗੁਰਮਤਿ ਪਾਏ ਸਹਿਜ ਸੇਵਾ ਆਦਤ ਸੁਭਾਉ। ਸਿੰਧੀ ਵਿਚ ਸੇਵਾ ਦਾ ਉਚਾਰਣ ਸ਼ੇਵਾ ਹੈ ਅਤੇ ਇਸ ਦਾ ਅਰਥ ਪੂਜਾ, ਭੇਟਾ ਹੈ। ਡਾਕਟਰ ਰਤਨ ਸਿੰਘ ਜੱਗੀ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵਕੋਸ਼ ਵਿਚ ਲਿਖਦੇ ਹਨ ਸਿੱਖ ਧਰਮ ਦੇ ਬਾਨੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸੇਵਾ ਸ੍ਰੇਸ਼ਟ ਕਰਨੀ ਤੇ ਜੋਰ ਦਿੱਤਾ ਹੈ ਕਿ ਸੇਵਾ ਰਾਹੀਂ ਕੀਤੀ ਕਮਾਈ ਜਾਂ ਸਾਧਨਾਂ ਤੋਂ ਹੀ ਪਰਮ ਸੁਖ ਦੀ ਪ੍ਰਾਪਤੀ ਹੋ ਸਕਦੀ ਹੈ। ਸੇਵਾ ਆਪਣੇ ਆਪ ਵਿੱਚ ਇੱਕ ਸਾਧਨਾਂ ਹੈ ।ਪੱਖਾਂ ਝੱਲਣਾ, ਪਾਣੀ ਭਰਨਾ, ਆਟਾ ਪੀਹਣਾਂ, ਲੰਗਰ ਪਕਾਉਣਾਂ ਵਰਤਾਉਣਾਂ ਇਹ ਬਾਹਰ ਮੁੱਖੀ ਸੇਵਾ ਹਨ। ਅੰਦਰ ਦੀ ਸੇਵਾ ਰਾਹੀਂ ਗੁਰੂ ਦਾ ਦਰਸ਼ਨ ਕਰਨਾ ਉਸ ਦੇ ਬਚਨ ਜਾਂ ਬਾਣੀ ਸ੍ਰਵਣ ਕਰਨਾ ਉਨ੍ਹਾਂ ਅਨੁਸਾਰ ਕਰਮ ਕਰਨੇ ਇਹ ਇਕ ਪ੍ਰਕਾਰ ਦੀ ਮਾਨਸਿਕ ਸਥਿਤੀ ਹੈ ਸੱਚ ਤਾਂ ਇਹ ਹੈ ਕਿ ਗੁਰੂ ਘਰ ਵਿੱਚ ਗੁਰਗੱਦੀ ਦਾ ਅਧਿਕਾਰੀ ਹੀ ਉਸ ਨੂੰ ਸਮਝਿਆ ਗਿਆ ਹੈ ਜੋ ਦੋਵਾਂ ਤਰ੍ਹਾਂ ਦੀ ਸੇਵਾ ਵਿਚ ਨਿਪੁੰਨ ਹੋਵੇ। ਭਾਈ ਲਹਿਣਾ ਜੀ ਦੀ ਆਪਣੀ ਸੱਚੀ ਸੇਵਾ ਕਰਕੇ ਹੀ ਗੁਰੂ ਅੰਗਦ ਹੋਣ ਦਾ ਮਾਣ ਪ੍ਰਾਪਤ ਕਰ ਸਕੇ ਸਨ। ਗੁਰੂ ਅਮਰਦਾਸ ਜੀ ਦੀ ਅਦੁੱਤੀ ਸੇਵਾ ਸਿੱਖ ਇਤਿਹਾਸ ਵਿੱਚ ਪ੍ਰਸਿੱਧ ਹੈ। ਗੁਰੂ ਅਮਰਦਾਸ ਜੀ ਵਲੋ ਰੋਜਾਨਾ ਹੀ ਬਿਆਸ ਦਰਿਆ ਤੋਂ ਜਲ ਦੀ ਗਾਗਰ ਧਰਮ ਗੁਰੂ ਲਈ ਲਿਆਂਦੀ ਜਾਂਦੀ ਸੀ। ਭਾਈ ਘਣਈਆ ਜੀ ਦੇ ਚਰਿੱਤਰ ਵਿਚ ਮਨੁੱਖੀ ਸੇਵਾ ਦਾ ਉਜਲ ਨਮੂਨਾ ਵੇਖਿਆ ਜਾ ਸਕਦਾ ਹੈ ।ਮੁੱਢ ਕਦੀਮਾਂ ਤੋਂ ਚਲੀ ਆ ਰਹੀ ਸੇਵਾਵਾਂ ਤੋਂ ਪ੍ਰਭਾਵਿਤ ਹੋ ਕੇ ਗੁਰੂ ਨਗਰੀ ਸ੍ਰੀ ਅੰਮ੍ਰਿਤਸਰ ਸਾਹਿਬ ਸੁਲਤਾਨ ਵਿੰਡ ਰੋਡ ਸਥਿਤ ਬਰਸਾਤੀ ਨਾਲਾ ਗੁਰੂ ਰਾਮਦਾਸ ਨਗਰ ਗਲੀ ਨੰਬਰ 3 ਦੇ ਨਿਵਾਸੀ ਸ੍ ਮਹਿੰਦਰ ਪਾਲ ਸਿੰਘ ਵਾਲੀਆ, ਮਧਰਾ ਕੱਦ, ਮਿਠ ਬੋਲੜੇ, ਮਿਲਨਸਾਰ, ਸਾਊ ਸੁਭਾਅ ਦੇ ਮਾਲਕ ਨਿਮਰਤਾ ਇੰਨਾ ਅੰਦਰ ਕੁੱਟ -ਕੁੱਟ ਕੇ ਭਰੀ ਹੋਈ ਹੈ ਸ੍ ਮਹਿੰਦਰ ਪਾਲ ਸਿੰਘ ਵਾਲੀਆ ਲਗਪਗ ਤਿੰਨ ਦਹਾਕਿਆਂ ਤੋਂ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਇਲਾਵਾ ਵੱਖ ਵੱਖ ਨਗਰਾਂ ਵਿੱਚ ਸਜਾਏ ਜਾਦੇ ਅਲੌਕਿਕ ਨਗਰ ਕੀਰਤਨ ਮੌਕੇ ਗੱਤਕੇ ਦੇ ਜੌਹਰ ਦਿਖਾਉਣ ਸਮੇਂ ਜਾਂਬਾਜ਼ ਯੋਧਿਆਂ ਨੂੰ ਕਈ ਵਾਰ ਸੱਟ ਲਗਣ ਦਾ ਖ਼ਤਰਾ ਬਣਿਆ ਰਹਿੰਦਾ ਹੈ। ਉਨ੍ਹਾਂ ਦੇ ਅਗਾਊਂ ਇੰਤਜ਼ਾਮ ਲਈ ਸ੍ ਮਹਿੰਦਰ ਸਿੰਘ ਵਾਲੀਆ ਆਰੰਭਤਾ ਤੋਂ ਨਗਰ ਕੀਰਤਨ ਦੀ ਸਮਾਪਤੀ ਤੱਕ ਤ.ਨਦੇਹੀ ਨਾਲ ਸੇਵਾ ਕਰਨ ਲਈ ਆਪਣੇ ਆਪ ਨੂੰ ਵਡਭਾਗਾ ਮਹਿਸੂਸ ਕਰਦੇ ਹਨ। ਇਹ ਸਾਰੀਆਂ ਸੇਵਾਵਾਂ ਨਿਸ਼ਕਾਮ ਰੂਪ ਵਿੱਚ ਕਰਦੇ ਹਨ ।ਕੀਰਤਨ ਦਰਬਾਰ ਮੌਕੇ ਵੀ ਦਵਾਈਆਂ ਦੇ ਫ੍ਰੀ ਲੰਗਰਾਂ ਦੀ ਸੇਵਾ ਰਾਹੀਂ ਹੁਣ ਤੱਕ ਅਨੇਕਾਂ ਰੋਗੀਆਂ ਨੂੰ ਅੱਖਾਂ ਦੀ ਦਵਾਈ( ਦਾਰੂ ਪ੍ਰਸ਼ਾਦ) ਰਾਹੀਂ ਠੀਕ ਕਰਕੇ ਨਵਾਂ ਜੀਵਨ ਪ੍ਰਦਾਨ ਕਰ ਚੁੱਕੇ ਹਨ। ਇੰਨਾ ਵਲੋਂ ਵੱਖ ਵੱਖ ਰੋਗਾਂ ਤੋਂ ਇਲਾਵਾ ਅੱਖਾਂ ਵਿੱਚ ਪਾਈ ਜਾਣ ਵਾਲੀ ਦਵਾਈ ਨੂੰ ਦਾਰੂ ਪ੍ਰਸ਼ਾਦ ਦੇ ਰੂਪ ਵਿੱਚ ਭੇਟਾ ਰਹਿਤ ਦਿਤੀ ਜਾਂਦੀ ਹੈ ।ਇਸ ਤੋਂ ਇਲਾਵਾ ਸ੍ ਮਹਿੰਦਰ ਸਿੰਘ ਆਪਣੇ ਗ੍ਰਹਿ ਵਿਖੇ ਵੀ ਮਾਈਗ੍ਰੇਨ, ਸਰਵਾਈਕਲ, ਧਰਨ, ਭੁੱਖ ਨਾ ਲੱਗਣੀ, ਨੀਂਦ ਨਾ ਆਉਣਾ, ਆਦਿ ਦਾ ਇਲਾਜ ਭੇਟਾ ਰਹਿਤ ਕਰ ਰਹੇ ਹਨ। ਪੰਜਾਬ ਰਾਜ ਬਿਜਲੀ ਬੋਰਡ ਤੋਂ ਬਤੌਰ ਜੇ ਈ ਰਿਟਾਇਰ ਹੋਏ ਆਪਣੇ ਦਸਵੰਧ ਨੂੰ ਮਨੁੱਖਤਾ ਦੇ ਭਲੇ ਲਈ ਖਰਚ ਕਰ ਰਹੇ ਹਨ। ਹੁਣ ਤੱਕ ਇੰਨਾ ਨੂੰ ਅਨੇਕਾਂ ਧਾਰਮਿਕ ਸਮਾਗਮਾਂ ਮੌਕੇ ਸਭਾ ਸੁਸਾਇਟੀਆਂ ਵਲੋਂ ਸਨਮਾਨਿਤ ਕੀਤਾ ਜਾ ਚੁੱਕਾ ਹੈ।

**ਪੇਸ਼ਕਸ਼: (ਹਰਪਾਲ ਸਿੰਘ) ਸੀਨੀਅਰ ਪੱਤਰਕਾਰ ਅਤੇ ਜ਼ਿਲ੍ਹਾ ਜਨਰਲ ਸਕੱਤਰ ਸ਼ਹੀਦ ਭਗਤ ਸਿੰਘ ਜਰਨਲਿਸਟ ਐਸੋਸੀਏਸ਼ਨ ਅੰਮ੍ਰਿਤਸਰ**

# ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ ਮਹਿਸਮਪੁਰ ਵਿਖੇ ਨਵੇਂ ਅਦਾਰੇ ਦੀ ਸ਼ੁਰੂਆਤ, ਦੁਨਿਆਵੀ ਤੇ ਧਾਰਮਿਕ ਸਿੱਖਿਆ ਦਾ ਸੁਮੇਲ

## ☛ ਸੂਝਵਾਨ ਮਾਪਿਆਂ ਦੀ ਪਹਿਲੀ ਪਸੰਦ ਬਣਿਆ ਬਾਬਾ ਦੀਪ ਸਿੰਘ ਪਬਲਿਕ ਸਕੂਲ ਮਹਿਸਮਪੁਰ ☛ ਵਾਜਬ ਫੀਸ ਅਤੇ ਅੰਗਰੇਜ਼ੀ ਮੀਡੀਅਮ ਮਿਆਰੀ ਸਿੱਖਿਆ ਬਣੀ ਖਿੱਚ ਦਾ ਕੇਂਦਰ, ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਜਲਾਲ



**ਚੌਕ ਮਹਿਤਾ, 30 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਵੱਲੋਂ ਇਲਾਕੇ ਵਿੱਚ ਸਿੱਖਿਆ ਦੇ ਪ੍ਰਚਾਰ ਲਈ ਇੱਕ ਨਵਾਂ ਅਦਾਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ ਮਹਿਸਮਪੁਰ ਖੁਰਦ, ਜ਼ਿਲ੍ਹਾ ਅੰਮ੍ਰਿਤਸਰ ਵਿਖੇ ਸ਼ੁਰੂ ਕੀਤਾ ਗਿਆ ਹੈ। ਇਸ ਅਦਾਰੇ ਦੀ ਵਿਸ਼ੇਸ਼ਤਾ ਇਹ ਹੈ ਕਿ ਇੱਥੇ ਬਹੁਤ ਘੱਟ ਫੀਸਾਂ ਨਾਂ ਮਾਤਰ ਇਸ ਸਕੂਲ ਦਾ ਖਰਚਾ ਹੈ ਇਸ ਮੌਕੇ ਤੇ ਸ, ਗੁਰਦੀਪ ਸਿੰਘ ਰੰਧਾਵਾ ਜਲਾਲ ਉਸਮਾ ਨੇ ਦੱਸਿਆ ਕਿ ਥੋੜੇ ਸਮੇਂ ਵਿੱਚ ਬੱਚਿਆਂ ਦਾ ਰੁਝਾਨ ਵਧਿਆ ਹੈ ਅਤੇ ਥੋੜੇ ਸਮੇਂ ਵਿੱਚ ਬੱਚਿਆਂ ਦੀ ਗਿਣਤੀ ਵਿੱਚ ਵਾਧਾ ਹੋਇਆ ਹੈ। ਲੋੜਵੰਦਾਂ ਪ੍ਰਵਾਰਾਂ ਦੇ ਬੱਚਿਆਂ ਨੂੰ ਬਹੁਤ ਸਹੂਲਤਾਂ ਪ੍ਰਾਪਤ ਹੋ ਰਹੀਆ ਹਨ। ਅਤੇ ਸੂਝਵਾਨ ਮਾਪਿਆਂ ਦਾ ਬਹੁਤ ਰੁਝਾਨ ਵੱਧਿਆ ਹੈ। ਅਤੇ ਬੱਚਿਆਂ ਨੂੰ ਵਧੀਆ ਦੁਨਿਆਵੀ ਸਿੱਖਿਆ ਦੇ ਨਾਲ-ਨਾਲ ਧਾਰਮਿਕ ਸਿੱਖਿਆ ਵੀ ਦਿੱਤੀ ਜਾ ਰਹੀ ਹੈ। ਸਕੂਲ ਵਿੱਚ ਵਿਦਿਆਰਥੀਆਂ ਨੂੰ ਗੁਰਬਾਣੀ ਪਾਠ, ਕੀਰਤਨ ਅਤੇ ਸਿੱਖ ਧਰਮ ਦੀਆਂ ਕਦਰਾਂ-ਕੀਮਤਾਂ ਨਾਲ ਜੋੜਿਆ ਜਾ ਰਿਹਾ ਹੈ, ਜਿਸ ਨਾਲ ਬੱਚਿਆਂ ਵਿੱਚ ਚੰਗੇ ਸੰਸਕਾਰ ਅਤੇ ਨੈਤਿਕ ਗੁਣਾਂ ਦਾ ਵਿਕਾਸ ਹੋ ਰਿਹਾ ਹੈ। ਸਕੂਲ ਪ੍ਰਿੰਸੀਪਲ ਸਾਹਿਬ ਅਨੁਸਾਰ ਇਸ ਉਪਰਾਲੇ ਦਾ ਮੁੱਖ ਮਕਸਦ ਬੱਚਿਆਂ ਨੂੰ ਆਧੁਨਿਕ ਸਿੱਖਿਆ ਦੇ ਨਾਲ ਆਪਣੀ ਧਾਰਮਿਕ ਅਤੇ ਸੱਭਿਆਚਾਰਕ ਵਿਰਾਸਤ ਨਾਲ ਜੋੜਨਾ ਹੈ। ਇਸ ਵਿਲੱਖਣ ਉਪਰਾਲੇ ਨੂੰ ਲੈ ਕੇ ਇਲਾਕੇ ਦੇ ਮਾਪਿਆਂ ਵਿੱਚ ਭਾਰੀ ਉਤਸ਼ਾਹ ਅਤੇ ਖੁਸ਼ੀ ਦੀ ਲਹਿਰ ਦੇਖਣ ਨੂੰ ਮਿਲ ਰਹੀ ਹੈ ਅਤੇ ਵੱਡੀ ਗਿਣਤੀ ਵਿੱਚ ਮਾਪੇ ਆਪਣੇ ਬੱਚਿਆਂ ਨੂੰ ਸਕੂਲ ਵਿੱਚ ਦਾਖਲ ਕਰਵਾ ਰਹੇ ਹਨ। ਇਸ ਮੌਕੇ ਹੋਰ ਹਾਜ਼ਰ ਸ਼ਖਸੀਅਤਾਂ ਵਿੱਚ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਹਰਜੋਤ ਸਿੰਘ, ਪ੍ਰਿੰਸੀਪਲ ਗੁਰਦੀਪ ਸਿੰਘ, ਮਨਦੀਪ ਕੌਰ ਮੈਡਮ, ਸੁਖਵਿੰਦਰ ਕੌਰ ਮੈਡਮ, ਕਿਰਨ ਮੈਡਮ ਸਮੇਤ ਸਮੂਹ ਸਕੂਲ ਸਟਾਫ ਮੌਜੂਦ ਸੀ।

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜਲਾਲ ਉਸਮਾ ਵਿੱਚ ਸਿੱਖਿਆ ਵਿਭਾਗ ਵੱਲੋਂ ਪ੍ਰਾਪਤ ਕੀਤੇ ਨਵੇਂ ਕੰਪਿਊਟਰ ਦਾ ਜਲਾਲ ਉਸਮਾਂ ਵਿੱਚ ਉਦਘਾਟਨ ਕੀਤਾ ਸਰਪੰਚ ਲਖਵਿੰਦਰ ਸਿੰਘ ਰੰਧਾਵਾ ਉਸਮਾ, ਸਰਪੰਚ ਗੁਰਵੇਲ ਸਿੰਘ ਜਲਾਲ



**ਚੌਕ ਮਹਿਤਾ, 30 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿੱਖਿਆ ਵਿਭਾਗ ਵੱਲੋਂ ਪ੍ਰਾਪਤ ਕੀਤੇ ਗਏ ਨਵੇਂ ਕੰਪਿਊਟਰਾਂ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਪਿੰਡ ਜਲਾਲ ਦੇ ਸਰਪੰਚ ਸ. ਗੁਰਵੇਲ ਸਿੰਘ ਅਤੇ ਉਸਮਾਂ ਦੇ ਸਰਪੰਚ ਸ.ਲਖਵਿੰਦਰ ਸਿੰਘ, ਪੰਚਾਇਤ ਮੈਂਬਰ ਸ.ਜਗਰੂਪ ਸਿੰਘ, ਸਿੱਖਿਆ ਕਨਵੀਨਰ ਸ. ਰਾਜਵਿੰਦਰ ਸਿੰਘ, ਸਕੂਲ ਪ੍ਰਬੰਧਕ ਕਮੇਟੀ ਐਸ ਐਮ ਸੀ ਦੇ ਚੇਅਰਮੈਨ ਸ. ਦਰਬਾਰਾ ਸਿੰਘ ਅਤੇ ਹੋਰ ਮੈਂਬਰਾਂ, ਤੋਂ ਇਲਾਵਾ ਪ੍ਰਿੰਸੀਪਲ ਸ੍ਰੀਮਤੀ ਸੁਖਜੀਤ ਕੌਰ, ਸਮੂਹ ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਹਾਜ਼ਰੀ ਰਹੀ। ਪ੍ਰਿੰਸੀਪਲ ਸਾਹਿਬ ਵੱਲੋਂ ਕੰਪਿਊਟਰਾਂ ਦਾ ਉਦਘਾਟਨ ਕਰਦਿਆਂ ਕਿਹਾ ਗਿਆ ਕਿ ਇਹ ਨਵੇਂ ਕੰਪਿਊਟਰ ਵਿਦਿਆਰਥੀਆਂ ਨੂੰ ਆਧੁਨਿਕ ਸਿੱਖਿਆ ਨਾਲ ਜੋੜਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ। ਇਸ ਨਾਲ ਬੱਚਿਆਂ ਦੀ ਡਿਜ਼ਿਟਲ ਸਿੱਖਿਆ ਵਿੱਚ ਰੁਚੀ ਵਧੇਗੀ ਅਤੇ ਉਹ ਨਵੀਆਂ ਤਕਨੀਕਾਂ ਨਾਲ ਜਾਣੂ ਹੋਣਗੇ। ਐਸ ਐਮ ਸੀ ਮੈਂਬਰਾਂ ਨੇ ਵੀ ਇਸ ਉਪਰਾਲੇ ਦੀ ਸਰਾਹਨਾ ਕੀਤੀ ਅਤੇ ਕਿਹਾ ਕਿ ਇਸ ਨਾਲ ਸਕੂਲ ਦੀ ਪੜ੍ਹਾਈ ਦੀ ਗੁਣਵੱਤਾ ਵਿੱਚ ਸੁਧਾਰ ਆਵੇਗਾ। ਕੰਪਿਊਟਰ ਅਧਿਆਪਕਾਂ ਸ੍ਰੀਮਤੀ ਸੰਦੀਪ ਕੌਰ ਅਤੇ ਸ੍ਰੀਮਤੀ ਰਮਨਦੀਪ ਕੌਰ ਵੱਲੋਂ ਵੀ ਇਹ ਵਿਸ਼ਵਾਸ ਜਤਾਇਆ ਗਿਆ ਕਿ ਨਵੇਂ ਕੰਪਿਊਟਰਾਂ ਦੀ ਮੱਦਦ ਨਾਲ ਵਿਦਿਆਰਥੀਆਂ ਨੂੰ ਪ੍ਰਯੋਗਾਤਮਕ ਅਤੇ ਤਕਨੀਕੀ ਗਿਆਨ ਪ੍ਰਦਾਨ ਕੀਤਾ ਜਾ ਸਕੇਗਾ। ਇਸ ਮੌਕੇ ਸਰਪੰਚ ਸ. ਲਖਵਿੰਦਰ ਸਿੰਘ ਰੰਧਾਵਾ ਅਤੇ ਸ.ਗੁਰਵੇਲ ਸਿੰਘ ਵੱਲੋਂ ਕੰਪਿਊਟਰ ਲੈਬ ਲਈ ਨਵੀਆਂ ਕੁਰਸੀਆਂ ਦੇਣ ਦਾ ਐਲਾਨ ਕੀਤਾ ਗਿਆ, ਜਿਸ ਦਾ ਸਮੂਹ ਅਧਿਆਪਕਾਂ ਤੇ ਵਿਦਿਆਰਥੀਆਂ ਨੇ ਸਰਪੰਚ ਲਖਵਿੰਦਰ ਸਿੰਘ ਰੰਧਾਵਾ ਉਸਮਾ ਅਤੇ ਸਰਪੰਚ ਗੁਰਵੇਲ ਸਿੰਘ ਜਲਾਲ ਦਾ ਵੱਲੋਂ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਅਖੀਰ ਵਿੱਚ ਸਾਰੇ ਮੈਂਬਰਾਂ ਨੇ ਸਿੱਖਿਆ ਵਿਭਾਗ ਦਾ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸਹਿਯੋਗ ਦੀ ਉਮੀਦ ਜਤਾਈ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਨਵੰਬਰ 1984, ਦਿੱਲੀ 'ਚ ਸਿੱਖ ਨਸਲਕੁਸ਼ੀ ਦਾ ਮਤਾ

# ਡਰਬੀ ਕੌਂਸਲ ਵਿੱਚ ਪਾਸ ਕਰਵਾਉਣ ਵਾਲੇ ਕੌਂਸਲਰ ਅਜੀਤ ਸਿੰਘ ਅਟਵਾਲ ਦਾ ਸਨਮਾਨ



ਆਵਾਜ਼ਿ ਕੌਮ AWAZE QAUM International Newspaper & WEB TV

**ਨਵੀਂ ਦਿੱਲੀ, 30 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਡਰਬੀ ਕੌਂਸਲ ਦੇ ਮੇਅਰ ਕੌਂਸਲਰ ਅਜੀਤ ਸਿੰਘ ਅਟਵਾਲ ਬੀਤੇ ਐਤਵਾਰ ਨੂੰ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਵਿਖੇ ਸ਼ਹੀਦੀ ਯਾਦਗਾਰ ਅਤੇ ਸਿੱਖ ਅਜਾਇਬਘਰ ਦੇਖਣ ਲਈ ਆਏ । ਯਾਦ ਰਹੇ ਨਵੰਬਰ 1984 ਨੂੰ ਭਾਰਤ ਦੀ ਰਾਜਧਾਨੀ ਦਿੱਲੀ ਅਤੇ ਦੇਸ਼ ਦੇ ਹੋਰ ਕਈ ਰਾਜਾਂ ਵਿੱਚ ਸਿੱਖਾਂ ਦੇ ਹੋਏ ਕਤਲੇਆਮ ਸਬੰਧੀ ਅਜੀਤ ਸਿੰਘ ਅਟਵਾਲ ਨੇ ਪਿਛਲੇ ਸਾਲ ਡਰਬੀ ਦੀ ਕੌਂਸਲ ਵੱਲੋਂ ਸਿੱਖਾਂ ਦੀ ਨਸਲਕੁਸ਼ੀ ਦਾ ਮਤਾ ਲਿਆਂਦਾ ਸੀ।ਇਸ ਮਤੇ ਦਾ ਡਰਬੀ ਦੀਆਂ ਸਾਰੀਆਂ ਸਿਆਸੀ ਪਾਰਟੀਆਂ ਵੱਲੋਂ ਸਮਰਥਨ ਕੀਤਾ ਗਿਆ ਸੀ । ਦਿੱਲੀ 1984 ਵਿੱਚ ਸਿੱਖਾਂ ਦੇ ਹੋਏ ਕਤਲੇਆਮ ਉਸ ਸਮੇਂ ਦੀ ਸਰਕਾਰ ਦੀ ਸ਼ਿਹ ਤੇ ਹੋਇਆ ਸੀ । ਸਿੱਖ ਨਸਲਕੁਸ਼ੀ ਦੇ ਉਸ ਮਤੇ ਨੂੰ ਲਿਬਰਲ ਪਾਰਟੀ, ਲੇਬਰ ਪਾਰਟੀ, ਕੰਜ਼ਰਵੇਟਿਵ ਪਾਰਟੀ, ਰਿਫਾਰਮ ਤੇ ਇੰਡੀਪੈਂਡੈਂਟ ਕੌਂਸਲਰਾਂ ਨੇ ਵੀ ਸਾਥ ਦਿੱਤਾ ਸੀ । ਨਸਲਕੁਸ਼ੀ ਦਾ ਇਹ ਮਤਾ ਸਾਰੇ ਕੌਂਸਲਰਾਂ ਵੱਲੋਂ ਸਰਬ ਸੰਮਤੀ ਨਾਲ ਪਾਸ ਕੀਤਾ ਗਿਆ ਸੀ । ਗੁਰਦੁਆਰਾ ਸਿੰਘ ਸਭਾ ਵਿਖੇ ਵਿਸ਼ੇਸ਼ ਤੌਰ ਤੇ ਆਏ ਡਰਬੀ ਦੇ ਮੇਅਰ ਅਜੀਤ ਸਿੰਘ ਅਟਵਾਲ ਨੇ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ, ਮੈਂ ਪਹਿਲਾਂ ਸਿੱਖ ਹਾਂ, ਤੇ ਬਾਅਦ ਵਿੱਚ ਮੇਅਰ ਤੇ ਕੌਂਸਲਰ ਹਾਂ। ਜੋ ਦਿੱਲੀ ਵਿੱਚ ਸਿੱਖਾਂ ਨਾਲ ਵਾਪਰਿਆ ਇਹ ਨਹੀਂ ਹੋਣਾ ਚਾਹੀਦਾ ਸੀ । ਉਹਨਾਂ ਕਿਹਾ ਕਿ ਯੂਕੇ ਦੇ ਹੋਰ ਸ਼ਹਿਰਾਂ ਵਿੱਚ ਵੀ ਇਹ ਮਤੇ ਪਾਸ ਕੀਤੇ ਜਾਣੇ ਚਾਹੀਦੇ ਹਨ । ਉਹਨਾਂ ਕਿਹਾ ਕਿ ਸਾਡੇ ਬਹੁਤ ਸਾਰੇ ਕੌਂਸਲਰ ਤੇ ਸੰਸਦ ਮੈਂਬਰ ਹਨ, ਸਾਰਿਆਂ ਨੂੰ ਸਿੱਖਾਂ ਦਾ ਸਾਥ ਦੇਣਾ ਚਾਹੀਦਾ ਹੈ ਤੇ ਆਪਣੇ ਹਲਕਿਆਂ ਵਿੱਚ ਇਹ ਮਤੇ ਪਾਸ ਕਰਵਾਉਣੇ ਚਾਹੀਦੇ ਹਨ । ਇਸ ਮੌਕੇ ਆਸਟ੍ਰੇਲੀਆ ਤੋਂ ਭਾਈ ਮਨਬੀਰ ਸਿੰਘ ਦਾ ਜਥਾ ਕੀਰਤਨ ਕਰਨ ਲਈ ਆਇਆ ਹੋਇਆ ਹੋਣ ਕਰਕੇ ਬਾਹਰਲੇ ਸ਼ਹਿਰਾਂ ਤੋਂ ਵੀ ਸੰਗਤ ਇਥੇ ਆਈ ਹੋਈ ਸੀ। ਇਸ ਮੌਕੇ ਸਿੱਖ ਅਜਾਇਬਘਰ ਦੇ ਚੇਅਰਮੈਨ ਤੇ ਸਿੰਘ ਸਭਾ ਦੇ ਜਨਰਲ ਸਕੱਤਰ ਸ: ਰਾਜਿੰਦਰ ਸਿੰਘ ਪੁਰੇਵਾਲ ਨੇ ਦੱਸਿਆ ਕਿ ਬ੍ਰੈਡਫੋਰਡ ਤੋਂ ਸੇਵਿੰਗ ਪੰਜਾਬ ਸੰਸਥਾ ਵਾਲੇ ਨੌਜਵਾਨ ਗੁਰਪ੍ਰੀਤ ਸਿੰਘ ਵੀ ਕੀਰਤਨ ਵਿੱਚ ਹਾਜ਼ਰੀ ਭਰਨ ਲਈ ਆਏ ਹੋਏ ਹਨ । ਯੂਕੇ ਪੁਲਿਸ ਵੱਲੋਂ ਉਸ ਤੇ ਬਿਨਾ ਕੋਈ ਇਲਜ਼ਾਮ ਲਾਇਆਂ ਉਸ ਦਾ ਕਾਰੋਬਾਰ ਤੇ ਬੈਂਕ ਦੇ ਖਾਤੇ ਸੀਲ ਕੀਤੇ ਹੋਏ ਹਨ । ਉਹਨਾਂ ਦੀ ਧਰਮ ਪਤਨੀ ਨੂੰ ਵੀ ਇਸ ਕਰਕੇ ਨੌਕਰੀ ਛੱਡਣੀ ਪਈ । ਜਦਕਿ ਗੁਰਪ੍ਰੀਤ ਸਿੰਘ ਉਤੇ ਕੋਈ ਚਾਰਜ ਨਹੀਂ ਲਾਇਆ ਗਿਆ। ਉਹ ਸੇਵਿੰਗ ਪੰਜਾਬ ਚੈਰਿਟੀ ਸੰਸਥਾ ਚਲਾਉਣ ਦੇ ਨਾਲ-ਨਾਲ ਖੇਡਾਂ ਵਿੱਚ ਵੀ ਸਰਗਰਮ ਭੂਮਿਕਾ ਨਿਭਾਅ ਰਹੇ ਸਨ । ਪੰਜਾਬ ਦੇ ਪਾਣੀਆਂ ਬਾਰੇ ਅਤੇ ਪੰਜਾਬ ਵਿੱਚ ਜੁਰਮ ਘਟਾਉਣ, ਨਸ਼ੇ ਤੇ ਰਿਸ਼ਵਤ ਆਦਿ ਦੀਆਂ ਸਮੱਸਿਆਵਾਂ ਬਾਰੇ ਲੋਕਾਂ ਨੂੰ ਜਾਗਰਿਤ ਕਰ ਰਹੇ ਸਨ, ਜਿਸ ਸਬੰਧੀ ਉਹਨਾਂ ਉਘੇ ਵਿਦਵਾਨਾਂ ਤੇ ਫਿਲਸਫਰਾਂ ਪਾਸੋਂ ਪਰਚੇ ਵੀ ਲਿਖਵਾਏ । ਉਹਨਾਂ ਨੇ ਯੂਐਨਓ ਵਿੱਚ ਭਾਸ਼ਨ ਦੇ ਕੇ ਵੀ ਇਹ ਮਸਲੇ ਉਠਾਏ ਸਨ। ਉਹਨਾਂ ਦੇ ਇਹ ਕੰਮ ਭਾਰਤ ਤੇ ਯੂਕੇ ਸਰਕਾਰਾਂ ਨੂੰ ਚੰਗੇ ਨਹੀਂ ਲੱਗੇ ਤੇ ਉਹਨਾਂ ਉਤੇ ਏਨੀ ਸਖਤੀ ਵਰਤੀ ਜਾ ਰਹੀ ਹੈ । ਇਸ ਬਾਰੇ ਬੋਲਦਿਆਂ ਡਰਬੀ ਦੇ ਮੇਅਰ ਅਟਵਾਲ ਨੇ ਕਿਹਾ ਕਿ ਉਹ ਗੁਰਪ੍ਰੀਤ ਸਿੰਘ ਨਾਲ ਪੂਰੀ ਹਮਦਰਦੀ ਜ਼ਾਹਿਰ ਕਰਦੇ ਹਨ, ਉਹਨਾਂ ਦੇ ਨਾਲ ਇੰਝ ਨਹੀਂ ਵਾਪਰਨਾ ਚਾਹੀਦਾ ਸੀ । ਉਹਨਾਂ ਕਿਹਾ ਸਾਡੇ ਸਿੱਖ ਕੌਂਸਲਰਾਂ ਤੇ ਸੰਸਦ ਮੈਂਬਰਾਂ ਨੂੰ ਇਸ ਬਾਰੇ ਅਵਾਜ਼ ਉਠਾਉਣੀ ਚਾਹੀਦੀ ਹੈ ਤੇ ਗੁਰਪ੍ਰੀਤ ਸਿੰਘ ਨੂੰ ਇਨਸਾਫ਼ ਮਿਲਣਾ ਚਾਹੀਦਾ ਹੈ। ਗੁਰਦੁਆਰਾ ਸਿੰਘ ਸਭਾ ਅਤੇ ਸਿੱਖ ਅਜਾਇਬਘਰ ਵੱਲੋਂ ਮੇਅਰ ਅਜੀਤ ਸਿੰਘ ਅਟਵਾਲ ਦੀ ਇਸ ਸੇਵਾ ਲਈ ਉਹਨਾਂ ਨੂੰ ਸਿਰੋਪਾਓ ਅਤੇ ਇਕ ਵਿਸ਼ੇਸ਼ ਟਰੌਫ਼ੀ ਦੇ ਕੇ ਸਨਮਾਨ ਕੀਤਾ ਗਿਆ । ਇਸ ਮੌਕੇ ਮਨਪ੍ਰੀਤ ਸਿੰਘ ਡਬਲਊਐਸਪੀ ਦੇ ਬੁਲਾਰੇ, ਖਾਲਸਾ ਦਰਬਾਰ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸ: ਹਰਦਿਆਲ ਸਿੰਘ ਧਮੜੈਤ, ਪੁਰਾਣੇ ਅਕਾਲੀ ਲੀਡਰ ਸ: ਸੁੱਚਾ ਅਟਵਾਲ, ਬੀਬੀ ਨਵਜੋਤ ਕੌਰ ਵਿਰਕ ਨੇ ਵੀ ਸੰਗਤਾਂ ਨੂੰ ਸੰਬੋਧਨ ਕੀਤਾ। ਉਹਨਾਂ ਕਿਹਾ ਕਿ ਗੁਰਪ੍ਰੀਤ ਸਿੰਘ ਨਾਲ ਜ਼ਿਆਦਤੀ ਹੋ ਰਹੀ ਹੈ, ਉਹਨਾਂ ਨੂੰ ਇਨਸਾਫ਼ ਮਿਲਣਾ ਚਾਹੀਦਾ ਹੈ । ਹੋਰ ਵੀ ਸਿੱਖ ਕੌਂਸਲਰਾਂ ਤੇ ਸਾਂਸਦਾਂ ਨੂੰ ਆਪਣੀ ਜਿੰਮੇਵਾਰੀ ਨਿਭਾਉਣੀ ਚਾਹੀਦੀ ਹੈ । ਡਰਬੀ ਸਿਟੀ ਕੌਂਸਲ ਨੇ ਪਿਛਲੇ ਸਾਲ ਜਦੋਂ ਇਹ ਮਤਾ ਪਾਸ ਕੀਤਾ ਸੀ ਤਦ ਸਿੱਖ ਭਾਈਚਾਰੇ ਨੂੰ ਕੌਂਸਲ ਹਾਊਸ ਵਿੱਚ ਬੁਲਾਇਆ ਗਿਆ ਤੇ ਕੌਂਸਲ ਦੀਆਂ ਸੀਟਾਂ ਤੇ ਬਿਠਾ ਕੇ ਵਿਸ਼ੇਸ਼ ਮਾਣ ਸਨਮਾਨ ਦਿੱਤਾ ਗਿਆ ਸੀ, ਸਾਰਿਆਂ ਨੇ ਹੱਥ ਖੜ੍ਹੇ ਕਰਕੇ ਇਸ ਮਤੇ ਦੀ ਪ੍ਰੋੜਤਾ ਕੀਤੀ ਸੀ । ਮੇਅਰ ਅਜੀਤ ਸਿੰਘ ਅਟਵਾਲ ਦੇ ਸਨਮਾਨ ਸਮੇਂ ਡਾ: ਦਲਜੀਤ ਸਿੰਘ ਵਿਰਕ, ਭਾਈ ਲਖਵੀਰ ਸਿੰਘ, ਸਿੱਖ ਚੈਨਲ ਦੇ ਸੇਵਾਦਾਰ ਭਾਈ ਅਮਰਦੀਪ ਸਿੰਘ, ਪ੍ਰਭਜੋਤ ਸਿੰਘ, ਗੁਰਪਾਲ ਸਿੰਘ ਅਤੇ ਹੋਰ ਬਹੁਤ ਸਾਰੇ ਸਿੰਘ ਹਾਜ਼ਰ ਸਨ ।

**ਯੂ ਕੇ ਦੇ ਸੰਸਦ ਮੈਂਬਰ ਅਤੇ ਹੋਰ ਕੌਂਸਲਾਂ ਵੀ ਸਿੱਖ ਨਸਲਕੁਸ਼ੀ ਦੇ ਮਤੇ ਪਾਸ ਕਰਵਾਉਣ ਲਈ ਯਤਨ ਕਰਨ**

ਖ਼ਾਲਿਸਤਾਨ ਐਲਾਨਨਾਮੇ ਦੀ 40ਵੀਂ ਵਰ੍ਹੇਗੰਢ ਮੌਕੇ ਵੈਨਕੂਵਰ ਵਿੱਚ ਭਾਰਤੀ ਕੌਂਸਲੇਟ ਸਾਹਮਣੇ ਭਾਰੀ ਰੈਲੀ

# ਭਾਈ ਤਾਰਾ ਅਤੇ ਭਾਈ ਭਿਓਰਾ ਦਾ ਸੰਦੇਸ਼ ਸੰਗਤਾਂ ਨਾਲ ਕੀਤਾ ਗਿਆ ਸਾਂਝਾ



ਆਵਾਜ਼ਿ ਕੌਮ AWAZE QAUM International Newspaper & WEB TV

**ਨਵੀਂ ਦਿੱਲੀ, 30 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਖ਼ਾਲਿਸਤਾਨ ਐਲਾਨਨਾਮੇ ਦੀ 40ਵੀਂ ਵਰ੍ਹੇਗੰਢ ਮੌਕੇ ਕੈਨੇਡਾ ਦੇ ਵੈਨਕੂਵਰ ਵਿੱਚ ਭਾਰਤੀ ਕੌਂਸਲੇਟ ਦੇ ਦਫ਼ਤਰ ਸਾਹਮਣੇ ਸੰਘਰਸ਼ਸ਼ੀਲ ਪੰਥਕ ਜਥੇਬੰਦੀ ਟੀਮ ਸ਼ਹੀਦ ਨਿੱਝਰ ਵੱਲੋਂ ਵੱਡੀ ਗਿਣਤੀ ਵਿੱਚ ਸੰਗਤ ਦੀ ਹਾਜ਼ਰੀ ਨਾਲ "ਖ਼ਾਲਿਸਤਾਨ ਜ਼ਿੰਦਾਬਾਦ ਰੈਲੀ" ਆਯੋਜਿਤ ਕੀਤੀ ਗਈ। ਇਸ ਮੌਕੇ ਟੀਮ ਸ਼ਹੀਦ ਨਿੱਝਰ ਜਥੇਬੰਦੀ ਵੱਲੋਂ ਖ਼ਾਲਿਸਤਾਨ ਦੀ ਪ੍ਰਾਪਤੀ ਤੱਕ ਸੰਘਰਸ਼ ਜਾਰੀ ਰੱਖਣ ਦਾ ਅਹਿਦ ਦੁਹਰਾਇਆ ਗਿਆ । ਰੈਲੀ ਦੌਰਾਨ 1978 ਤੋਂ ਲੈ ਕੇ ਖ਼ਾਲਿਸਤਾਨ ਦੀ ਜੰਗੇ ਅਜ਼ਾਦੀ ਵਾਸਤੇ ਸ਼ਹੀਦ ਹੋਏ ਸਮੂਹ ਸ਼ਹੀਦ ਸਿੰਘਾਂ ਅਤੇ ਸਿੰਘਣੀਆਂ ਨੂੰ ਸ਼ਰਧਾਂ ਦੇ ਫੁੱਲ ਅਰਪਣ ਕੀਤੇ ਗਏ। ਨਾਲ ਹੀ ਜੇਲ੍ਹਾਂ ਵਿੱਚ ਬੰਦ ਸਿੰਘਾਂ ਨੂੰ ਯਾਦ ਕਰਦਿਆਂ ਉਨ੍ਹਾਂ ਪ੍ਰਤੀ ਸਤਿਕਾਰ ਪ੍ਰਗਟ ਕੀਤਾ ਗਿਆ। ਇਸ ਮੌਕੇ ਬੁੜੈਲ ਜੇਲ੍ਹ ਵਿੱਚ ਨਜ਼ਰਬੰਦ ਜਥੇਦਾਰ ਭਾਈ ਪਰਮਜੀਤ ਸਿੰਘ ਭਿਓਰਾ ਅਤੇ ਜਥੇਦਾਰ ਭਾਈ ਜਗਤਾਰ ਸਿੰਘ ਤਾਰਾ ਵੱਲੋਂ ਭੇਜੇ ਗਏ ਸੰਦੇਸ਼ ਨੂੰ ਭਾਈ ਨਰਿੰਦਰ ਸਿੰਘ ਰੰਧਾਵਾ ਨੇ ਸੰਗਤ ਨਾਲ ਸਾਂਝਾ ਕੀਤਾ। ਇਸ ਮੌਕੇ ਭਾਈ ਨਰਿੰਦਰ ਸਿੰਘ ਰੰਧਾਵਾ - ਜਿਸਨੂੰ ਸਰੀ ਪੁਲਿਸ ਦੁਆਰਾ ਆਪਣੀ ਜਾਨ ਨੂੰ ਆਉਣ ਵਾਲੇ ਖ਼ਤਰਿਆਂ ਬਾਰੇ ਚੇਤਾਵਨੀ ਦੇਣ ਦੀ ਡਿਊਟੀ ਜਾਰੀ ਕੀਤੀ ਗਈ ਸੀ - ਨੇ ਵੈਨਕੂਵਰ ਵਿੱਚ ਭਾਰਤੀ ਕੌਂਸਲੇਟ ਦੇ ਮੂਹਰੇ ਖਾਲਿਸਤਾਨ ਦਾ ਝੰਡਾ ਲਹਿਰਾਂਦੇ ਹੋਏ ਮੋਦੀ ਸਰਕਾਰ ਦੀਆਂ ਕਥਿਤ ਕਤਲ ਦੀਆਂ ਧਮਕੀਆਂ ਨੂੰ ਸਿੱਧਾ ਚੁਣੌਤੀ ਦਿੱਤੀ। ਰੈਲੀ ਦੌਰਾਨ ਭਾਗੀਦਾਰਾਂ ਵੱਲੋਂ ਖ਼ਾਲਿਸਤਾਨ ਦੇ ਹੱਕ ਵਿੱਚ ਨਾਅਰੇਬਾਜ਼ੀ ਕੀਤੀ ਗਈ। ਇਸ ਤੋਂ ਇਲਾਵਾ, ਸਿੱਖਸ ਫ਼ਾਰ ਜਸਟਿਸ ਵੱਲੋਂ ਕਰਵਾਏ ਜਾ ਰਹੇ ਰੈਫਰੈਂਡਮ ਲਈ ਰਜਿਸਟ੍ਰੇਸ਼ਨ ਅਤੇ ਆਉਣ ਵਾਲੀਆਂ ਵੋਟਿੰਗ ਤਰੀਖਾਂ—16 ਅਗਸਤ (ਇੰਡੀਆਨਾ, ਅਮਰੀਕਾ) ਅਤੇ 18 ਅਕਤੂਬਰ (ਐਡਮਿੰਟਨ, ਕੈਨੇਡਾ)—ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਸੰਗਤਾਂ ਨੂੰ ਅਪੀਲ ਕੀਤੀ ਗਈ। ਇਸ ਮੌਕੇ ਗੁਰੂ ਨਾਨਕ ਸਿੱਖ ਗੁਰਦੁਆਰਾ ਸਰੀ ਦੇ ਸੇਵਾਦਾਰ ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਮਨਜਿੰਦਰ ਸਿੰਘ ਖਾਲਸਾ, ਭਾਈ ਜੈਕ ਸਿੱਧੂ, ਭਾਈ ਸਰਬਜੀਤ ਸਿੰਘ, ਭਾਈ ਦਲਜੀਤ ਸਿੰਘ ਸਮੇਤ ਹੋਰ ਸੰਗਤਾਂ ਵੀ ਹਾਜ਼ਰ ਸਨ।

# ਪਹਿਲੀ ਮਈ ਮਜ਼ਦੂਰ ਦਿਵਸ ਤੇ ਸਮੂਹ ਮਿਹਨਤਕਸ਼ ਕਿਰਤੀਆਂ ਨੂੰ ਸੁਭ ਕਾਮਨਾਵਾਂ- ਸਰਪੰਚ ਸੁਖਰਾਜ ਕਾਹਲੋਂ

## ਮਜ਼ਦੂਰ ਨੂੰ ਪਸੀਨਾ ਸੁੱਕਣ ਤੋਂ ਪਹਿਲਾਂ ਉਜਰਤ ਦੇਣ ਦੇ ਸੰਕਲਪ ਤੇ ਪਹਿਰਾ ਦੇਣ ਦੀ ਲੋੜ



**ਚੌਂਕ ਮਹਿਤਾ, 30 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪਹਿਲੀ ਮਈ ਸਮੁੱਚੇ ਸੰਸਾਰ ਭਰ ਵਿੱਚ ਮਜ਼ਦੂਰ ਦਿਵਸ ਦੇ ਰੂਪ ਵਿੱਚ ਮਨਾਇਆ ਜਾਂਦਾ ਹੈ ਇਸਦਾ ਉਦੇਸ਼ ਮਜ਼ਦੂਰਾਂ ਦੇ ਅਧਿਕਾਰਾਂ ਬਾਰੇ ਜਾਗਰੂਕਤਾ ਪੈਦਾ ਕਰਨਾ ਹੈ ਇਹ ਸਮਾਜ ਅਤੇ ਆਰਥਿਕਤਾ ਵਿੱਚ ਕਿਰਤ ਦੀ ਮਹੱਤਤਾ ਦੀ ਯਾਦ ਦਿਵਾਉਣ ਦਾ ਵੀ ਕੰਮ ਕਰਦਾ ਹੈ। ਮਜ਼ਦੂਰ ਜਮਾਤ ਦੇਸ਼ ਦੀ ਸੰਚਾਲਕ ਸ਼ਕਤੀ ਹਨ। ਉਹ ਦੇਸ਼ ਦੇ ਬੁਨਿਆਦੀ ਢਾਂਚੇ, ਵਿਕਾਸ ਅਤੇ ਆਰਥਿਕਤਾ ਦਾ ਥੰਮ ਹਨ ਦੇਸ਼ ਅਤੇ ਦੁਨੀਆ ਵਿੱਚ ਸਰੀਰਿਕ ਕਿਰਤ ਸਭ ਤੋਂ ਮਹਿੰਗੀ ਹੋਣੀ ਚਾਹੀਦੀ ਹੈ ਅਤੇ ਮਜ਼ਦੂਰ ਨੂੰ ਪਸੀਨਾ ਸੁੱਕਣ ਤੋਂ ਪਹਿਲਾਂ ਉਜਰਤ ਦੇਣ ਦੇ ਸੰਕਲਪ ਤੇ ਪਹਿਰਾ ਦੇਣ ਦੀ ਲੋੜ ਹੈ ਜਿਸ ਦੀ ਸਭ ਤੋਂ ਵੱਧ ਅਵੱਗਿਆ ਸਰਕਾਰ ਖੁਦ ਕਰਦੀ ਹੈ ਨਰੇਗਾ ਵਰਕਰਾਂ ਨੂੰ ਘੱਟ ਮਜ਼ਦੂਰੀ ਵੀ ਮਹੀਨਿਆਂ ਬਾਅਦ ਮਿਲਦੀ ਹੈ ਸਾਡੇ ਦੇਸ਼ ਦੇ ਮਜ਼ਦੂਰਾਂ ਲਈ ਮਈ ਦਿਵਸ ਦਾ ਮਹੱਤਵ : ਜਿਨ੍ਹਾਂ ਹਾਲਾਤਾਂ ਵਿੱਚ ਸਰਮਾਏਦਾਰਾ ਲੁੱਟ ਖ਼ਿਲਾਫ਼ ਮਈ ਦਿਵਸ ਦੇ ਸ਼ਹੀਦਾਂ ਨੇ ਝੰਡਾ ਚੁੱਕਿਆ ਸੀ ਉਨ੍ਹਾਂ ਹਾਲਾਤਾਂ ਵਿੱਚ ਹੀ ਅੱਜ ਸਾਡੇ ਦੇਸ਼ ਦੀ ਮਜ਼ਦੂਰ ਜਮਾਤ ਪਿਸ ਰਹੀ ਹੈ। 12-14 ਘੰਟੇ ਕੰਮ ਕਰਕੇ ਵੀ ਵੱਡੀ ਮਜ਼ਦੂਰ ਆਬਾਦੀ ਆਪਣੀਆਂ ਰੋਜ਼ਾਨਾ ਦੀਆਂ ਜਰੂਰਤਾਂ ਪੂਰੀਆਂ ਨਹੀਂ ਕਰ ਪਾਉਂਦੀ। ਸਰਮਾਏਦਾਰ ਮਾਲਕ ਦਿਨ ਦੁੱਗਣੀ-ਰਾਤ ਚੌਗੁਣੀ ਤਰੱਕੀ ਕਰ ਰਹੇ ਹਨ। ਸਰਮਾਏਦਾਰਾਂ ਦੇ ਪੈਸੇ ਦੇ ਜੋਰ 'ਤੇ ਬਣੀ ਕੇਂਦਰ ਸਰਕਾਰ ਮਜ਼ਦੂਰਾਂ ਦੀ ਲੁੱਟ ਹੋਰ ਵੀ ਤੇਜ ਕਰਨ ਲਈ ਸਰਮਾਏਦਾਰਾਂ ਦੇ ਮੁਨਾਫੇ ਦੇ ਰਾਹ 'ਚੋਂ ਹਰ ਰੋੜਾ ਹਟਾ ਰਹੀ ਹੈ। ਮਜ਼ਦੂਰਾਂ ਲਈ ਜੋ ਥੋੜ੍ਹੇ ਕਿਰਤ ਕਾਨੂੰਨਾਂ ਦੇ ਹੱਕ ਸਨ (ਜਿਨ੍ਹਾਂ ਨੂੰ ਇੱਕ ਹੱਦ ਤੱਕ ਕਿਰਤ ਵਿਭਾਗ, ਈ.ਐਸ.ਆਈ. ਵਿਭਾਗ, ਈ.ਪੀ.ਐਫ. ਵਿਭਾਗ ਆਦਿ ਨੂੰ ਖਤਮ ਕਰਕੇ ਮਜ਼ਦੂਰ ਹੱਕਾਂ 'ਤੇ ਵੱਡੇ ਹਮਲੇ ਦੀ ਤਿਆਰੀ ਕੀਤੀ ਜਾ ਰਹੀ ਹੈ ਕੇਂਦਰ ਸਰਕਾਰ ਨੇ 29 ਪੁਰਾਣੇ ਕਿਰਤ ਕਾਨੂੰਨਾਂ ਨੂੰ 4 ਨਵੇਂ ਕਿਰਤ ਕੋਡਾਂ ਵਿੱਚ ਬਦਲ ਦਿੱਤਾ ਹੈ, ਜਿਸ ਵਿੱਚ ਤਨਖਾਹ, ਕੰਮ ਦੇ ਘੰਟੇ, ਪੀ ਐੱਫ ਅਤੇ ਗ੍ਰੈਚੁਟੀ ਦੇ ਨਿਯਮ ਬਦਲਣ ਦੀ ਸੰਭਾਵਨਾ ਹੈ। ਸਰਕਾਰੀ ਸਨਅਤਾਂ ਅਤੇ ਸੇਵਾ ਖੇਤਰ ਨੂੰ ਕੌਡੀਆਂ ਦੇ ਭਾਅ ਦੇਸੀ-ਵਿਦੇਸ਼ੀ ਸਰਮਾਏਦਾਰਾਂ ਹਵਾਲੇ ਕੀਤਾ ਜਾ ਰਿਹਾ ਹੈ। ਰੁਜ਼ਗਾਰ ਦੀ ਕਿਧਰੇ ਕੋਈ ਗਰੰਟੀ ਨਹੀਂ ਹੈ, ਠੇਕਾ/ਪੀਸ ਰੇਟ ਪ੍ਰਣਾਲੀ ਨੂੰ ਜੋਰ-ਸ਼ੋਰ ਨਾਲ ਲਾਗੂ ਕੀਤਾ ਜਾ ਰਿਹਾ ਹੈ। ਕਿਸਾਨਾਂ ਦੀ ਜ਼ਮੀਨ ਜਬਰਦਸਤੀ ਖੋਹਕੇ ਸਰਮਾਏਦਾਰਾਂ ਨੂੰ ਦੇਣ ਲਈ ਜ਼ਾਬਰ ਕਾਨੂੰਨਾਂ ਨੂੰ ਹੋਰ ਵੀ ਸਖਤ ਕੀਤਾ ਜਾ ਰਿਹਾ ਹੈ। ਭਾਰਤੀ ਸੱਤਾ ਧਾਰੀਆਂ ਨੂੰ ਜਵਾਬਦੇਹ ਬਣਾਉਣਾ ਚਾਹੀਦਾ ਹੈ ਕਿ ਕੀ ਕਾਰਨ ਹਨ ਕਿ ਵਿਦੇਸ਼ ਜਾ ਕੇ ਮਜ਼ਦੂਰੀ ਕਰਨ ਵਾਲਾ ਮੁੱਢਲੀਆਂ ਸੁੱਖ ਸਹੂਲਤਾਂ ਦਾ ਅਨੰਦ ਮਾਣਦਾ ਹੈ ਅਤੇ ਭਾਰਤ ਵਿੱਚ ਮਜ਼ਦੂਰੀ ਕਰਨ ਵਾਲਾ ਦੋ ਵਕਤ ਦੀ ਰੋਟੀ ਤੋਂ ਵੀ ਮੁਥਾਜ ਹੈ ਭਾਰਤੀ ਮਜ਼ਦੂਰ ਪੀੜੀ ਦਰ ਪੀੜੀ ਬੁਨਿਆਦੀ ਹੱਕ ਸਿੱਖਿਆ ਅਤੇ ਸਿਹਤ ਤੋਂ ਵੀ ਵਾਂਝਾ ਅਤੇ ਆਰਥਿਕ , ਸਮਾਜਿਕ ਨਾ-ਬਰਾਬਰੀ ਦਾ ਸ਼ਿਕਾਰ ਹੈ ਅੱਜ ਭਾਰਤੀ ਰਾਜਨੀਤਿਕ ਵਿਚਾਰਧਾਰਾ ਕਿਰਤੀ ਕਾਮਿਆਂ ਦਾ ਸੋਸ਼ਣ ਕਰ ਰਹੀ ਹੈ ਅਤੇ ਉਹਨਾਂ ਤੋਂ ਗਰਾਹੇ ਗਏ ਟੈਕਸਾਂ ਦਾ ਮਾਮੂਲੀ ਹਿੱਸਾ ਆਪਣੇ ਬ੍ਰਾਂਡ ਹੇਠ ਦੇ ਕੇ ਖੈਰੀਅਤ ਦਾ ਅਹਿਸਾਸ ਕਰਵਾਇਆ ਜਾ ਰਿਹਾ ਹੈ , ਉਸਦਾ ਸਭ ਤੋਂ ਵੱਡਾ ਕਾਰਨ ਕਿਰਤੀ ਵਰਗ ਵਿਚ ਜਾਗਰੂਕਤਾ ਦੀ ਘਾਟ ਹੈ ਉਹ ਵੱਖ-ਵੱਖ ਜਾਤਾਂ-ਪਾਤਾ ਅਤੇ ਧਰਮਾਂ ਵਿਚ ਖਿੰਡਿਰਿਆ ਪਿਆ ਹੈ ਸਮੂਹ ਕਿਰਤੀ ਵਰਗ ਨੂੰ ਇੱਕ -ਮੁੱਠ ਹੋ ਕੇ ਸਾਝੇਂ ਸੰਘਰਸ਼ ਰਾਹੀਂ ਆਪਣੇ ਹੱਕਾਂ -ਹਿੱਤਾਂ ਲਈ ਪਹਿਰਾ ਦੇਣ ਦੀ ਲੋੜ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਸੁਖਦੇਵ ਸਿੰਘ ਕਾਦੀਆਂ ਯੂਥ ਅਕਾਲੀ ਦਲ (ਵਾਰਿਸ ਪੰਜਾਬ ਦੇ ) ਦੇ ਪੰਜਾਬ ਪ੍ਰਧਾਨ ਨਿਯੁਕਤ

## 15 ਮੈਂਬਰੀ ਕਾਰਜਕਾਰੀ ਕਮੇਟੀ, 4 ਜ਼ਿਲ੍ਹਾ ਪ੍ਰਧਾਨ ਅਤੇ 3 ਮੁੱਖ ਬੁਲਾਰਿਆਂ ਦੀਆਂ ਵੀ ਨਿਯੁਕਤੀਆਂ



**ਅੰਮ੍ਰਿਤਸਰ, 30 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਉਦੇਸ਼ ਨਾਲ ਅਹਿਮ ਫੈਸਲਾ ਲੈਂਦਿਆਂ ਸ੍ਰ ਸੁਖਦੇਵ ਸਿੰਘ ਕਾਦੀਆਂ ਨੂੰ ਯੂਥ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਪੰਜਾਬ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਮੀਡੀਆ ਇੰਚਾਰਜ ਭਾਈ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਭੇਜੇ ਗਏ ਪ੍ਰੈਸ ਨੋਟ ਰਾਹੀਂ ਮੁੱਖ ਦਫ਼ਤਰ ਸਕੱਤਰ ਭਾਈ ਪ੍ਰਗਟ ਸਿੰਘ ਮੀਆਂਵਿੰਡ ਦੇ ਦਸਤਖਤਾਂ ਹੇਠ ਪਾਰਟੀ ਲੈਟਰ ਹੈੱਡ ਦੁਆਰਾ ਇਹ ਜਾਣਕਾਰੀ ਸਾਂਝੀ ਕੀਤੀ ਗਈ। ਪਾਰਟੀ ਪ੍ਰਧਾਨ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਅਤੇ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਵਿੱਚ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਨੇ ਨਵੇਂ ਨਿਯੁਕਤ ਕੀਤੇ ਸੇਵਾਦਾਰਾਂ ਦੀਆਂ ਲੰਬੇ ਸਮੇਂ ਤੋਂ ਪੰਥਕ ਸੇਵਾਵਾਂ, ਜਜ਼ਬੇ ਅਤੇ ਨੌਜਵਾਨਾਂ ਵਿੱਚ ਮਜ਼ਬੂਤ ਪਕੜ ਨੂੰ ਧਿਆਨ ਵਿੱਚ ਰੱਖਦਿਆਂ ਇਹ ਜ਼ਿੰਮੇਵਾਰੀ ਸੌਂਪੀ ਹੈ। ਪਾਰਟੀ ਨੂੰ ਪੂਰਾ ਵਿਸ਼ਵਾਸ ਹੈ ਕਿ ਉਹ ਆਪਣੀ ਡਿਊਟੀ ਨੂੰ ਇਮਾਨਦਾਰੀ ਨਾਲ ਨਿਭਾਉਂਦੇ ਹੋਏ ਯੂਥ ਵਿੰਗ ਨੂੰ ਨਵੇਂ ਮੁਕਾਮਾਂ 'ਤੇ ਲੈ ਕੇ ਜਾਣਗੇ। ਇਸ ਦੇ ਨਾਲ ਹੀ ਪਾਰਟੀ ਵੱਲੋਂ ਜ਼ਮੀਨੀ ਪੱਧਰ 'ਤੇ ਪਕੜ ਮਜ਼ਬੂਤ ਕਰਨ ਲਈ ਇੱਕ 15 ਮੈਂਬਰੀ ਕਾਰਜਕਾਰੀ ਕਮੇਟੀ, ਚਾਰ ਜ਼ਿਲ੍ਹਾ ਪ੍ਰਧਾਨਾਂ ਅਤੇ ਤਿੰਨ ਮੁੱਖ ਬੁਲਾਰਿਆਂ ਦੀਆਂ ਨਿਯੁਕਤੀਆਂ ਵੀ ਕੀਤੀਆਂ ਗਈਆਂ। ਜਿੰਨਾਂ ਵਿੱਚ ਸ੍ਰ ਕਾਬਲ ਸਿੰਘ, ਬੀਬੀ ਸਤਨਾਮ ਕੌਰ, ਬੀਬੀ ਸੰਦੀਪ ਕੌਰ, ਐਡਵੋਕੇਟ ਹਰਪਾਲ ਸਿੰਘ ਖਾਰਾ, ਸ੍ਰ ਪ੍ਰਿਥੀਪਾਲ ਸਿੰਘ ਬਟਾਲਾ, ਸ੍ਰ ਚਰਨਦੀਪ ਸਿੰਘ ਭਿੰਡਰ, ਸ੍ਰ ਗੁਰਲਾਲ ਸਿੰਘ ਸਖੀਰਾ, ਸ੍ਰ ਜਸਵਿੰਦਰ ਸਿੰਘ ਬਾਦਲ, ਸ੍ਰ ਅਵਤਾਰ ਸਿੰਘ ਜਵਾਹਰਕੇ, ਸ੍ਰ ਜਸਕਰਨ ਸਿੰਘ ਲੋਪੋਕੇ, ਐਡਵੋਕੇਟ ਗਗਨਦੀਪ ਸਿੰਘ ਗੋਰਾਇਆ, ਸ੍ਰ ਜਸ਼ਨਦੀਪ ਸਿੰਘ, ਡਾਕਟਰ ਮੇਹਰਦੀਨ ਸਿੰਘ ਮਲੇਰਕੋਟਲਾ, ਸ੍ਰ ਜਗਰੂਪ ਸਿੰਘ ਅਤੇ ਸ੍ਰ ਕਰਮ ਸਿੰਘ ਭੋਈਆਂ ਨੂੰ ਕਾਰਜਕਾਰੀ ਕਮੇਟੀ ਮੈਂਬਰ ਨਿਯੁਕਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਸ੍ਰ ਜਗਦੀਪ ਸਿੰਘ ਕੰਸਾਲਾ (ਐਸ.ਏ.ਐਸ. ਨਗਰ ਮੋਹਾਲੀ), ਸ੍ਰ ਦਲਜੀਤ ਸਿੰਘ ਸੋਢੀ (ਰੂਪਨਗਰ), ਸ੍ਰ ਮਨਜਿੰਦਰ ਸਿੰਘ ਬੱਲ (ਬਟਾਲਾ) ਅਤੇ ਸ੍ਰ ਸਤਿੰਦਰਜੀਤ ਸਿੰਘ (ਗੁਰਦਾਸਪੁਰ) ਨੂੰ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਅਗਲੇ ਤੌਰ 'ਤੇ ਸ੍ਰ ਨਰਿੰਦਰ ਸਿੰਘ ਭਿੰਡਰ, ਸ੍ਰ ਸੁਖਬੀਰ ਸਿੰਘ ਬਲਬੇਹੜਾ ਅਤੇ ਸ੍ਰ ਜਸ਼ਨਦੀਪ ਸਿੰਘ ਨੂੰ ਪਾਰਟੀ ਦੇ ਮੁੱਖ ਬੁਲਾਰਿਆਂ ਵੱਜੋਂ ਜ਼ਿੰਮੇਵਾਰੀ ਸੌਂਪੀ ਗਈ ਹੈ। ਨਵ-ਨਿਯੁਕਤ ਸਮੂਹ ਅੱਹੁਦੇਦਾਰਾਂ ਨੇ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਪਾਰਟੀ ਦੀਆਂ ਨੀਤੀਆਂ ਅਤੇ ਸਿਧਾਂਤਾਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ ਅਤੇ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਅਤੇ ਬੇਰੁਜ਼ਗਾਰੀ ਤੋਂ ਬਚਾਉਣ ਲਈ ਅਗਵਾਈ ਕਰਨਗੇ। ਉਨ੍ਹਾਂ ਇਹ ਵੀ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਹਮੇਸ਼ਾਂ ਪੰਜਾਬ, ਪੰਥ ਅਤੇ ਜਵਾਨੀ ਦੇ ਹੱਕਾਂ ਲਈ ਲੜਦਾ ਆਇਆ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਇਸ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### 42ਵੇਂ ਘੱਲੂਘਾਰਾ ਦਿਵਸ ਨੂੰ ਸਮਰਪਿਤ ਦਮਦਮੀ ਟਕਸਾਲ ਵਿਖੇ

# ਸ੍ਰੀ ਆਖੰਡ ਪਾਠਾਂ ਸਾਹਿਬਾਨਾਂ ਦੀ ਲੜੀ ਆਰੰਭ

**ਦਮਦਮੀ ਟਕਸਾਲ ਦੇ 14 ਵੇ ਮੁੱਖੀ ਸ੍ਰੀ ਮਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਅਤੇ -ਜੂਨ ’84 ਤੀਸਰੇ ਘੱਲੂਘਾਰੇ ਵਿੱਚ ਹੋਏ ਸ਼ਹੀਦ ਸਿੰਘ, ਸਿੰਘਣੀਆਂ ਭੁਝੰਗੀ ਦੀ ਯਾਦ ’ਚ ਹਰ ਸਾਲ ਦੀ ਤਰ੍ਹਾਂ 6 ਜੂਨ ਨੂੰ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਦੀ ਰਹਿਨੁਮਾਈ ਹੇਠ ਦਮਦਮੀ ਟਕਸਾਲ ਦੇ ਹੈੱਡ ਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਹੋਣ ਜਾ ਰਹੇ 42 ਵੇਂ ਸ਼ਹੀਦੀ ਜੋੜ ਮੇਲੇ ਦੀਆਂ ਤਿਆਰੀਆਂ ਆਰੰਭ ਹੋ ਚੁੱਕੀਆਂ ਹਨ**










ਚੌਕ ਮਹਿਤਾ, 30 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)- ਦਮਦਮੀ ਟਕਸਾਲ ਦੇ 14 ਵੇ ਮੁੱਖੀ ਸ੍ਰੀ ਮਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਅਤੇ -ਜੂਨ ’84 ਤੀਸਰੇ ਘੱਲੂਘਾਰੇ ਵਿੱਚ ਹੋਏ ਸ਼ਹੀਦ ਸਿੰਘ, ਸਿੰਘਣੀਆਂ ਭੁਝੰਗੀ ਦੀ ਯਾਦ ’ਚ ਹਰ ਸਾਲ ਦੀ ਤਰ੍ਹਾਂ 6 ਜੂਨ ਨੂੰ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਦੀ ਰਹਿਨੁਮਾਈ ਹੇਠ ਦਮਦਮੀ ਟਕਸਾਲ ਦੇ ਹੈੱਡ ਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਹੋਣ ਜਾ ਰਹੇ 42 ਵੇਂ ਸ਼ਹੀਦੀ ਜੋੜ ਮੇਲੇ ਦੀਆਂ ਤਿਆਰੀਆਂ ਆਰੰਭ ਹੋ ਚੁੱਕੀਆਂ ਹਨ।ਇਸ ਦੌਰਾਨ 29 ਅਪ੍ਰੈਲ 2026 ਨੂੰ ਦਮਦਮੀ ਟਕਸਾਲ ਦੇ ਹੈੱਡ ਕੁਆਰਟਰ ਗੁਰਦੁਆਰਾ ਗੁਰਦਰਸਨ ਪ੍ਰਕਾਸ਼ ਜਥਾ ਭਿੰਡਰਾਂ ਮਹਿਤਾ ਵਿਖੇ ਪਵਿੱਤਰ ਪਾਵਨ ਸ੍ਰੀ ਆਖੰਡ ਪਾਠਾਂ ਸਾਹਿਬਾਨਾ ਲੜੀ ਆਰੰਭ ਕੀਤੀ ਗਈ ਹੈ।ਜਿਨ੍ਹਾਂ ਦੀ ਸਮਾਪਤੀ 6 ਜੂਨ ਨੂੰ ਹੋਵੇਗੀ।ਉਪਰੰਤ ਮੁੱਖ ਸਮਾਗਮ ਖੁੱਲ੍ਹੇ ਪੰਡਾਲ ਦੀਵਾਨ ਹਾਲ ਵਿੱਚ ਹੋਣਗੇ।



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਵਿਦਿਆਰਥੀਆਂ ਦੇ ਬਣਾਏ ਸੁਆਦੀ ਵਿਅੰਜਨ ਖੂਬ ਵਿਕੇ




**ਚੌਂਕ ਮਹਿਤਾ, 30 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵੱਲੋਂ ਬਿਜਨਸ ਬਲਾਸਟਰ ਤਹਿਤ ਵਿਦਿਆਰਥੀ ਨੂੰ ਸਵੈ-ਰੁਜ਼ਗਾਰ ਕਰਨ ਅਤੇ ਉਸ ਵਿੱਚ ਸਫਲਤਾ ਪ੍ਰਾਪਤ ਕਰਕੇ ਆਰਥਿਕ ਅਤੇ ਵਾਪਾਰਕ ਤੌਰ 'ਤ ਆਤਮ ਨਿਰਭਰ ਬਣਾਉਣ ਦਾ ਸਫਲਤਾ ਪੂਰਵਕ ਉਪਰਾਲਾ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਪਿਛਲੇ ਮਹੀਨੇ ਹੀ ਪੰਜਾਬ ਦੇ ਸਮੂਹ ਸਰਕਾਰੀ ਸਕੂਲਾਂ ਦੇ ਗਿਆਰਵੀਂ ਦੇ ਵਿਦਿਆਰਥੀਆਂ ਨੂੰ ਇੱਕ-ਇੱਕ ਹਜ਼ਾਰ ਰੁਪਏ ਦੀ ਰਾਸ਼ੀ ਉਨ੍ਹਾਂ ਦੇ ਅਕਿਉਂਟਾ ਵਿੱਚ ਭੇਜੀ ਗਈ ਹੈ ਸੀ। ਜ਼ਿਲ੍ਹਾ ਸਿੱਖਿਆ ਅਫ਼ਸਰ (ਸਸ) ਅੰਮ੍ਰਿਤਸਰ ਸ਼੍ਰੀ ਰਾਜੇਸ਼ ਸ਼ਰਮਾਂ, ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਸ਼੍ਰੀ ਰਾਜੇਸ਼ ਖੰਨਾ, ਡੀਡੀਓ ਪ੍ਰਿੰਸੀਪਲ ਸ਼੍ਰੀ ਦੀਪਕ ਕੁਮਾਰ ਤਰਸਿੱਕਾ ਦੀ ਸੁਯੋਗ ਰਹਿਨੁਮਾਈ ਹੇਠ ਬਿਜਨਸ ਬਲਾਸਟਰ ਨੂੰ ਪੂਰੀ ਤਨਦੇਹੀ ਨਾਲ ਵਿਦਿਆਰਥੀਆਂ ਵਿੱਚ ਪ੍ਰਚਾਰਿਤ ਕੀਤਾ ਜਾ ਰਿਹਾ ਹੈ। ਅੰਮ੍ਰਿਤਸਰ ਜ਼ਿਲ੍ਹੇ ਦੇ ਬਿਜ਼ਨਸ ਬਲਾਸਟਰ ਦੇ ਨੋਡਲ ਅਫਸਰ ਅਮਨਿੰਦਰ ਸਿੰਘ ਕੋਹਲੀ, ਬਲਾਕ ਨੋਡਲ ਅਫਸਰ ਤਰਸਿੱਕਾ ਸ਼੍ਰੀ ਸੁਰਿੰਦਰ ਭਾਟੀਆ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਵਿਦਿਆਰਥੀ ਦੇ ਸਵੈ- ਰੁਜ਼ਗਾਰ ਦਾ ਪ੍ਰਦਰਸ਼ਨੀ ਮੇਲਾ ਪੂਰੇ ਜ਼ਿਲ੍ਹੇ ਵਿੱਚ ਪੂਰੇ ਜੋਸੋ ਖਰੋਸ਼ ਨਾਲ ਲਾਇਆ ਜਾ ਰਿਹਾ ਹੈ। ਤਰਸਿੱਕਾ ਦੇ ਵੱਖ- ਵੱਖ ਸਰਕਾਰੀ ਸਕੂਲਾਂ ਤੋ ਇਲਾਵਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਤਾ ਨੰਗਲ ਵਿਖੇ ਸੀਨੀਅਰ ਲੈਕਚਰਾਰ ਸ਼੍ਰੀ ਗੁਰਮੀਤ ਸਿੰਘ, ਸ਼੍ਰੀ ਨਰਿੰਦਰ ਰਾਏ ਪ੍ਰਿੰਸੀਪਲ ਇੰਚਾਰਜ, ਸ ਕੁਲਦੀਪ ਸਿੰਘ, ਸ਼੍ਰੀ ਰਵਿੰਦਰ ਕੁਮਾਰ ਦੀ ਨਿਗਰਾਨੀ ਹੇਠ ਇਹ ਮੇਲਾ ਬਹੁਤ ਕਾਮਯਾਬ ਰਿਹਾ। ਮੈਡਮ ਕੁਲਜਿੰਦਰ ਕੌਰ ਦੀ ਸਲਾਹ ਨਾਲ ਵਿਦਿਆਰਥੀਆਂ ਵੱਲੋਂ ਬੇਹੱਦ ਸੁਆਦੀ ਵਿਅੰਜਨ ਬਣਾਏ ਗਏ, ਜਿਸ ਨੂੰ ਸਕੂਲ ਸਟਾਫ਼ ਅਤੇ ਵਿਦਿਆਰਥੀਆਂ ਵੱਲੋਂ ਸਟਾਲਾਂ ਤੋਂ ਖ਼੍ਰੀਦ ਕੇ ਖਾਧਾ ਗਿਆ। ਇਸ ਮੌਕੇ ਸੀਨੀਅਰ ਅਧਿਆਪਕ ਚਰਨਜੀਤ ਸਿੰਘ, ਮੈਡਮ ਹਰਪ੍ਰੀਤ ਕੌਰ, ਕੁਲਬੀਰ ਕੌਰ, ਮਮਤਾ, ਵਿਜੇਤਾ ਮਲਕ, ਜਸਮੀਤ ਕੌਰ, ਹਰਸਿਮਰਨ ਕੌਰ, ਅੰਕੁਰ ਰਾਲਾ, ਕ੍ਰਿਸ਼ਨ ਕੁਮਾਰ, ਸਲਵਿੰਦਰ ਸਿੰਘ, ਨਵਜੋਤ ਸਿੰਘ, ਰਾਕੇਸ਼ ਸ਼ਰਮਾਂ, ਸਾਹਿਬ, ਹਰਜੋਤ ਅਤੇ ਗੁਰਬਿੰਦਰ ਸਿੰਘ ਆਦਿ ਹਾਜ਼ਰ ਸਨ।

## ਜਗਰਾਜ ਧੌਲਾ, ਭਾਨ ਸਿੰਘ ਜੱਸੀ, ਕਾਹਨੇਕੇ, ਪੂਜਾ, ਰਾਮ ਸਿੰਘ ਹਠੂਰ ਦਾ

# ਮਈ ਦਿਵਸ 'ਤੇ ਹੋਵੇਗਾ ਸਨਮਾਨ



ਧੂਰੀ ( ਰਣਜੀਤ ਸਿੰਘ ਪੇਧਨੀ ) ਸੇਖਾ ਰੇਲਵੇ ਫਾਟਕਾਂ ਲਾਗੇ ਗੋਬਿੰਦ ਬਾਂਸਲ ਧਰਮਸ਼ਾਲਾ ਵਿੱਚ ਮਜ਼ਦੂਰ ਮੁਕਤੀ ਮੋਰਚਾ ਅਤੇ ਮਨਰੇਗਾ ਰੁਜਗਾਰ ਪ੍ਰਾਪਤ ਯੂਨੀਅਨ ਪੰਜਾਬ ਵੱਲੋਂ ਸਾਂਝੇ ਤੌਰ ਤੇ ਬੜੇ ਉਤਸਾਹ ਨਾਲ ਮਈ ਦਿਵਸ ਅਤੇ ਸਨਮਾਨ ਸਮਾਰੋਹ ਕੀਤਾ ਜਾ ਰਿਹਾ ਹੈ। ਉਪਰੋਕਤ ਜਾਣਕਾਰੀ ਦਿੰਦਿਆਂ ਜਥੇਬੰਦੀਆਂ ਦੇ ਆਗੂ ਕਾ: ਗੁਰਪ੍ਰੀਤ ਸਿੰਘ ਰੂੜੇਕੇ ਕਲਾ ਅਤੇ ਸੀ.ਪੀ.ਆਈ ਦੇ ਜ਼ਿਲ੍ਹਾ ਸਕੱਤਰ ਕਾ: ਖੁਸੀਆ ਸਿੰਘ ਨੇ ਦੱਸਿਆ ਕਿ ਮਈ ਦਿਵਸ ਦੇ ਮਹਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰਨ ਲਈ ਜਿਲ੍ਹੇ ਭਰ ਤੋਂ ਵੱਡੀ ਗਿਣਤੀ ਮਜ਼ਦੂਰ ਅਤੇ ਆਗੂ ਸ਼ਾਮਿਲ ਹੋ ਰਹੇ ਹਨ। ਉਹਨਾਂ ਦੱਸਿਆ ਕਿ ਜਿੱਥੇ ਇਸ ਦਿਨ ਸਿਕਾਗੋ ਦੇ ਸ਼ਹੀਦਾਂ ਨੂੰ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀਆਂ ਭੇਂਟ ਕੀਤੀਆਂ ਜਾਣਗੀਆਂ ਉੱਥੇ ਵੱਖ-ਵੱਖ ਖੇਤਰਾਂ ਵਿੱਚ ਯੋਗਦਾਨ ਪਾਉਣ ਵਾਲੀਆਂ ਪੰਜ ਨਾਮੀ ਸ਼ਖਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਜਾਵੇਗਾ। ਜਿਨਾਂ ਵਿੱਚੋਂ ਇਨਕਲਾਬੀ ਗਾਇਕ ਅਤੇ ਲੇਖਕ ਮਾ: ਜਗਰਾਜ ਧੌਲਾ , ਗਰੀਬਾਂ ਦੇ ਬੱਚਿਆਂ ਨੂੰ ਮੁਫਤ ਸਿੱਖਿਆ ਦੇਣ ਦੀ ਮੁਹਿੰਮ ਚਲਾਉਣ ਅਤੇ ਲੋੜਵੰਦ ਲੋਕਾਂ ਦੀ ਮਦਦ ਕਰਨ ਵਾਲੇ ਸਮਾਜ ਸੇਵੀ : ਭਾਨ ਸਿੰਘ ਜੱਸੀ , ਰੁੱਖ ਬਚਾਓ ਮੁਹਿੰਮ ਦੇ ਆਗੂ ਅਤੇ ਵਾਤਾਵਰਨ ਪ੍ਰੇਮੀ ਗੁਰਪ੍ਰੀਤ ਸਿੰਘ ਕਾਹਨੇਕੇ ,ਝੁੱਗੀਆਂ ਵਾਲੇ ਸਪੇਰਿਆਂ ਦੀ ਧੀ ਨੈਸ਼ਨਲ ਕਿੱਕ ਬਕਸਰ "ਪੂਜਾ" ਅਤੇ ਲੋਕ ਗਾਇਕ ਰਾਮ ਸਿੰਘ ਹਠੂਰ ਨੂੰ ਲੋਕਾਂ ਦੇ ਹੱਕਾਂ ਪ੍ਰਤੀ ਜਾਗਰਿਤ ਕਰਨ ਬਦਲੇ ਸਨਮਾਨਿਤ ਕੀਤਾ ਜਾਵੇਗਾ । ਉਪਰੋਕਤ ਆਗੂਆਂ ਨੇ ਦੱਸਿਆ ਕਿ ਲੋਕਾਂ ਦੇ ਹਿੱਤਾਂ ਲਈ ਮਾਣਮੱਤੀਆਂ ਸ਼ਹੀਦੀਆਂ ਪ੍ਰਾਪਤ ਕਰਨ ਵਾਲੇ ਮਈ ਦਿਵਸ ਦੇ ਮਹਾਂਮਾਨਵ ਯੋਧਿਆਂ ਨੂੰ ਵੱਖ ਵੱਖ ਕਵੀ ਅਤੇ ਇਨਕਲਾਬੀ ਗਾਇਕ ਆਪਣੇ ਗੀਤਾਂ ਰਾਹੀਂ ਸ਼ਰਧਾਂਜਲੀਆਂ ਭੇਂਟ ਕਰਨਗੇ।

# ਸ਼੍ਰੋਮਣੀ ਕਮੇਟੀ ਨੇ ਸੰਗਤ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਮੁਹੱਈਆ ਕਰਵਾਉਣ ਦੀ ਸੇਵਾ ਨੇ 20 ਮਈ ਤੀਕ ਰੋਕੀ

## ਡਿਜੀਟਲ ਰਿਕਾਰਡ ਸਿਸਟਮ ਤਿਆਰ ਕਰਨ ਦੇ ਨਾਲ ਨਾਲ ਕੀਤੀਆਂ ਜਾ ਰਹੀਆਂ ਹਨ ਕਈ ਅਹਿਮ ਤਬਦੀਲੀਆਂ



**ਨਵੀਂ ਦਿੱਲੀ, 30 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੰਗਤ ਅਤੇ ਗੁਰਦੁਆਰਾ ਸਾਹਿਬਾਨ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਮੁਹੱਈਆ ਕਰਵਾਉਣ ਦੀ ਸੇਵਾ 20 ਮਈ ਤੀਕ ਰੋਕਣ ਦਾ ਫੈਸਲਾ ਕੀਤਾ ਹੈ। ਪੰਜਾਬ ਸਰਕਾਰ ਵੱਲੋਂ "ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026" ਪਾਸ ਕਰਨ ਮਗਰੋਂ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪ੍ਰਕਾਸ਼ਨ ਅਤੇ ਸੰਗਤ ਦੀ ਮੰਗ ਅਨੁਸਾਰ ਸਰੂਪ ਦੇਣ ਦੇ ਨਿਯਮਾਂ ਵਿੱਚ ਕੀਤੀ ਜਾ ਰਹੀ ਤਬਦੀਲੀ ਦੇ ਮੱਦੇਨਜ਼ਰ ਇਹ ਨਿਰਣਾ ਲਿਆ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਪਬਲੀਕੇਸ਼ਨ ਵਿਭਾਗ, ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਪੂਰੀ ਮਰਿਆਦਾ ਅਤੇ ਸਤਿਕਾਰ ਨਾਲ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ਨ ਕਰਕੇ ਸੰਗਤ ਦੀ ਮੰਗ ਅਨੁਸਾਰ ਦੇਸ਼ ਦੁਨੀਆ ਅੰਦਰ ਗੁਰਦੁਆਰਾ ਸਾਹਿਬਾਨ ਵਿਖੇ ਮੁਹਈਆ ਕਰਵਾਏ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਇਸ ਸੇਵਾ ਸਮੇਂ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕਾਂ ਵੱਲੋਂ ਮੌਕੇ ਪੁਰ ਜਾ ਕੇ ਮਰਿਆਦਾ ਸੰਬੰਧੀ ਰਿਪੋਰਟ ਕਰਨ ਉਪਰੰਤ ਸ਼੍ਰੋਮਣੀ ਕਮੇਟੀ ਮੈਂਬਰ ਦੀ ਸਿਫਾਰਿਸ਼ ਨਾਲ ਪ੍ਰਕਿਰਿਆ ਪੂਰੀ ਕੀਤੀ ਜਾਂਦੀ ਹੈ। ਸ. ਕਾਹਲਵਾਂ ਨੇ ਦੱਸਿਆ ਕਿ ਭਾਵੇਂ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਸਬੰਧੀ ਪਹਿਲਾਂ ਤੋਂ ਹੀ ਮੁਕੰਮਲ ਰਿਕਾਰਡ ਰੱਖਿਆ ਜਾਂਦਾ ਹੈ ਲੇਕਿਨ ਹੁਣ ਇਹ ਕਾਰਜ ਨਵੀਆਂ ਤਰਜੀਹਾਂ ਅਤੇ ਸੇਧਾਂ ਅਨੁਸਾਰ ਕੀਤਾ ਜਾਵੇਗਾ। ਇਸ ਤਹਿਤ ਸ਼੍ਰੋਮਣੀ ਕਮੇਟੀ ਵੱਲੋਂ ਇੱਕ ਨਵੀਂ ਨੀਤੀ ਨੂੰ ਲਾਗੂ ਕੀਤਾ ਜਾ ਰਿਹਾ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ ਅਨੁਸਾਰ ਇਸ ਨਵੀਂ ਨੀਤੀ ਨੂੰ ਲਾਗੂ ਕਰਨ ਤੀਕ ਸੰਗਤ ਨੂੰ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਮੁਹੱਈਆ ਨਹੀਂ ਕਰਵਾਏ ਜਾ ਸਕਣਗੇ। ਇਸ ਲਈ 20 ਮਈ ਤੋਂ ਬਾਅਦ ਹੀ ਸੰਗਤਾਂ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਪ੍ਰਾਪਤ ਕਰ ਸਕਣਗੀਆਂ। ਉਨ੍ਹਾਂ ਜਾਣਕਾਰੀ ਦਿੱਤੀ ਕਿ ਨਵੀਂ ਯੋਜਨਾ ਅਨੁਸਾਰ ਸੰਗਤ ਦੀ ਮੰਗ 'ਤੇ ਦਿੱਤੇ ਜਾਣ ਵਾਲੇ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਡਿਜੀਟਲ ਰਿਕਾਰਡ ਸਿਸਟਮ ਤਿਆਰ ਕਰਨ ਅਤੇ ਉਸ ਨੂੰ ਵੈਬਸਾਈਟ 'ਤੇ ਪ੍ਰਕਾਸ਼ਿਤ ਕਰਨ ਲਈ ਤਕਨੀਕੀ ਅਤੇ ਪ੍ਰਬੰਧਕੀ ਤਬਦੀਲੀਆਂ ਜਾਰੀ ਹਨ, ਜੋ ਆਉਂਦੇ ਕੁਝ ਦਿਨਾਂ ਤੱਕ ਲਾਗੂ ਕਰ ਦਿੱਤੀਆਂ ਜਾਣਗੀਆਂ।

ਉਨ੍ਹਾਂ ਇਹ ਵੀ ਦੱਸਿਆ ਕਿ ਹੁਣ ਸੰਗਤ ਵੱਲੋਂ ਮੰਗ ਆਉਣ 'ਤੇ ਹੀ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ਨ ਹੋਵੇਗਾ ਅਤੇ ਇਸ ਸਾਰੀ ਪ੍ਰਕਿਰਿਆ ਲਈ ਸੰਗਤ ਨੂੰ ਕੁਝ ਸਮਾਂ ਇੰਤਜ਼ਾਰ ਕਰਨਾ ਪਵੇਗਾ। ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਪ੍ਰਾਪਤ ਕਰਨ ਮੌਕੇ ਗੁਰਦੁਆਰਾ ਕਮੇਟੀਆਂ ਅਤੇ ਸੰਗਤਾਂ ਦੀ ਪਛਾਣ ਫੋਟੋ ਸਮੇਤ ਡਿਜੀਟਲ ਮਾਧਿਅਮ ਨਾਲ ਸੰਭਾਲੀ ਜਾਵੇਗੀ ਅਤੇ ਉਨ੍ਹਾਂ ਨੂੰ ਮੌਕੇ ਪੁਰ ਇੱਕ ਪ੍ਰਮਾਣ ਪੱਤਰ ਦਿੱਤਾ ਜਾਵੇਗਾ, ਜਿਸ ਦੀ ਇੱਕ ਕਾਪੀ ਸੰਗਤ ਨੂੰ ਦਿੱਤੀ ਜਾਵੇਗੀ ਅਤੇ ਇੱਕ ਕਾਪੀ ਪਬਲੀਕੇਸ਼ਨ ਵਿਭਾਗ ਵਿੱਚ ਮੌਜੂਦ ਰਹੇਗੀ। ਇਸ ਦਾ ਡਿਜੀਟਲ ਰੂਪ ਆਪਣੇ ਆਪ ਹੀ ਸ਼੍ਰੋਮਣੀ ਕਮੇਟੀ ਦੇ ਸਰਵਰ ਉੱਤੇ ਹਮੇਸ਼ਾਂ ਲਈ ਸੁਰੱਖਿਅਤ ਹੋ ਜਾਵੇਗਾ। ਉਨ੍ਹਾਂ ਦੱਸਿਆ ਕਿ ਇੱਕ ਵਿਲੱਖਣ ਪਛਾਣ ਅੰਕ ਨਾਲ ਸਾਰਾ ਵੇਰਵਾ ਜੋੜਿਆ ਜਾਵੇਗਾ, ਜਿਸ ਨੂੰ ਪਬਲੀਕੇਸ਼ਨ ਵਿਭਾਗ ਦੇ ਨਾਲ ਨਾਲ ਸ਼੍ਰੋਮਣੀ ਕਮੇਟੀ ਦੇ ਮੁੱਖ ਦਫਤਰ ਵਿਖੇ ਕਿਸੇ ਵੀ ਸਮੇਂ ਦੇਖਿਆ ਜਾ ਸਕੇਗਾ। ਸ. ਕਾਹਲਵਾਂ ਨੇ ਇਹ ਜਾਣਕਾਰੀ ਵੀ ਸਾਂਝੀ ਕੀਤੀ ਕਿ ਸੰਗਤ ਨੂੰ ਦਿੱਤੇ ਜਾਣ ਵਾਲੇ ਪ੍ਰਮਾਣ ਪੱਤਰ ਵਿੱਚ ਸੇਵਾ ਸੰਭਾਲ ਲਈ ਨਿਯਮ ਤੇ ਪ੍ਰੇਰਨਾ ਸਬੰਧੀ ਜਾਣਕਾਰੀ ਵੀ ਦਰਜ ਹੋਵੇਗੀ। ਸ੍ਰੀ ਗੁਰੂ ਗ੍ਰੰਥ ਸਾਹਿਬ ਪ੍ਰਾਪਤ ਕਰਨ ਆਈ ਸੰਗਤ ਤੋਂ ਇਹ ਵੀ ਪ੍ਰਣ ਲਿਆ ਜਾਵੇਗਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੇਵਾ ਸੰਭਾਲ ਲਈ ਉਨ੍ਹਾਂ ਦੀ ਜਿੰਮੇਵਾਰੀ ਹੋਵੇਗੀ ਅਤੇ ਲੋੜੀਂਦੀ ਮਰਿਆਦਾ ਅਤੇ ਸਾਵਧਾਨੀਆਂ ਦਾ ਵੀ ਇਸ ਪੱਤਰ ਵਿੱਚ ਜ਼ਿਕਰ ਹੋਵੇਗਾ। ਇਸ ਦੇ ਨਾਲ ਹੀ ਕਿਉਂਕਿ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ 2013 ਵਿੱਚ ਹੋਏ ਆਦੇਸ਼ ਦੀ ਰੌਸ਼ਨੀ ਵਿੱਚ ਮਰਿਆਦਾ ਨੂੰ ਸਨਮੁਖ ਰੱਖਦਿਆਂ ਕਬਰਾਂ, ਸਮਾਧਾਂ ਅਤੇ ਜਠੇਰਿਆਂ ਆਦਿ ਦੀ ਜਗ੍ਹਾ ਉੱਤੇ ਸ੍ਰੀ ਅਖੰਡ ਪਾਠ ਸਾਹਿਬ ਦੀ ਮਨਾਹੀ ਹੈ, ਇਸ ਲਈ ਅਜਿਹੀਆਂ ਥਾਵਾਂ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਗੁਰਦੁਆਰਾ ਸਾਹਿਬਾਨ ਤੋਂ ਨਾ ਦੇਣ ਅਤੇ ਹੁਕਮਨਾਮੇ ਦਾ ਪਾਲਣ ਕਰਵਾਉਣ ਦੀ ਜਿੰਮੇਵਾਰੀ ਵੀ ਗੁਰਦੁਆਰਾ ਕਮੇਟੀਆਂ ਦੀ ਹੋਵੇਗੀ। ਸ਼੍ਰੋਮਣੀ ਕਮੇਟੀ ਸਕੱਤਰ ਨੇ ਕਿਹਾ ਕਿ ਇਸ ਸਾਰੀ ਪ੍ਰਕਿਰਿਆ ਦਾ ਕੇਂਦਰੀਕਰਨ ਕੀਤਾ ਜਾਣ ਕਰਕੇ ਭਵਿੱਖ ਵਿੱਚ ਸੰਗਤ ਨੂੰ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਕੇਵਲ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਸਥਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ ਤੋਂ ਹੀ ਦਿੱਤੇ ਜਾਇਆ ਕਰਨਗੇ। ਤਖ਼ਤ ਸਾਹਿਬਾਨ ਅਤੇ ਇਤਿਹਾਸਕ ਗੁਰਦੁਆਰਾ ਸਾਹਿਬਾਨ ਤੋਂ ਹੁਣ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਪ੍ਰਾਪਤ ਨਹੀਂ ਹੋ ਸਕਣਗੇ।

# ਪਹਿਲਵਾਨ ਨਿਰਮਲ ਸਿੰਘ ਕੰਢੀ ਖ਼ੇਤਰ 'ਚ ਮੁਫ਼ਤ ਟੈਂਕਰ ਸੇਵਾ ਰਾਹੀਂ ਲੋਕਾਂ ਦੀ ਪਿਆਸ ਬੁਝਾ ਰਹੇ

## 78 ਸਾਲ ਬੀਤ ਜਾਣ ਬਾਅਦ ਵੀ ਕੰਢੀ ਸ਼ੇਤਰ 'ਚ ਪੀਣ ਵਾਲੇ ਪਾਣੀ ਦੀ ਕਿਲੱਤ ਦੂਰ ਨਾ ਹੋਈ

**ਤਲਵਾੜਾ, ਹੁਸ਼ਿਆਰਪੁਰ, 30 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਦੇਸ਼ ਦੀ ਆਜ਼ਾਦੀ ਦੇ 78 ਸਾਲ ਬੀਤ ਜਾਣ ਬਾਅਦ ਵੀ ਕੰਢੀ ਵਾਸੀ ਪੀਣ ਵਾਲੇ ਪਾਣੀ ਦੀ ਕਿਲੱਤ ਨਾਲ ਜੂਝ ਰਹੇ ਹਨ। ਸਮੇਂ ਸਮੇਂ 'ਤੇ ਬਣੀਆਂ ਸਰਕਾਰਾਂ ਵੀ ਕੰਢੀ ਵਾਸੀਆਂ ਦੀ ਪਿਆਸ ਬੁਝਾਉਣ 'ਚ ਨਾਕਾਮ ਰਹੀਆਂ ਹਨ। ਨੀਮ ਪਹਾੜੀ ਪਿੰਡ ਗਰਮੀਆਂ 'ਚ ਹੀ ਨਹੀਂ ਸਗੋਂ ਸਰਦੀਆਂ ਵਿੱਚ ਵੀ ਪੀਣ ਵਾਲੇ ਪਾਣੀ ਦੀ ਬੂੰਦ ਬੂੰਦ ਨੂੰ ਤਰਸਦੇ ਹਨ। ਸਮੇਂ ਦੇ ਨਾਲ ਪਾਣੀ ਦੀ ਮੰਗ ਤਾਂ ਵਧੀ ਪਰ ਠੋਸ ਯੋਜਨਾ ਦੀ ਅਣਹੋਂਦ, ਪੁਰਾਣੀਆਂ ਪਾਈਪਾਂ ਨਾਲ ਬਦਲਣ ਆਦਿ ਕਾਰਨ ਪਿੰਡਾਂ 'ਚ ਪਾਣੀ ਦੀ ਨਾਕਸ ਸਪਲਾਈ ਹੈ। ਪਿੰਡ ਆਸਪੁਰ ਬਡਾਲੀਆਂ ਦੇ ਜੰਮਪਲ ਨਾਮਵਰ ਸਮਾਜ ਸੇਵਕ, ਪੰਜਾਬ ਪੁਲੀਸ ਦੇ ਸਾਬਕਾ ਇੰਸਪੈਕਟਰ ਤੇ ਕੌਮਾਂਤਰੀ ਪਹਿਲਵਾਨ ਨਿਰਮਲ ਸਿੰਘ ਕੰਢੀ ਦੇ ਨੀਮ ਪਹਾੜੀ ਪਿੰਡਾਂ 'ਚ ਮੁਫ਼ਤ ਟੈਂਕਰ ਸੇਵਾ ਰਾਹੀਂ ਲੋਕਾਂ ਦੀ ਪਿਆਸ ਬੁਝਾ ਰਹੇ ਹਨ। ਉਨ੍ਹਾਂ ਦਸਿਆ ਕਿ ਉਹ ਰੋਜ਼ਾਨਾ ਮੰਗ 'ਤੇ ਪਿੰਡਾਂ 'ਚ ਪਾਣੀ ਨਾਲ ਭਰੇ ਟੈਂਕਰ ਭੇਜਦੇ ਹਨ। ਬਾੜੀ ਬਲਾਂਬ, ਪੱਤੀ ਕੈਰੀ, ਹਡਿੰਬਾ ਦੇਵੀ, ਨੌਂਰੰਗਪੁਰ ਕੋਠੀ, ਬੇੜੰਗ, ਸੁਖਚੈਨਪੁਰ, ਕਸਬਾ ਕਮਾਹੀ ਦੇਵੀ ਅਤੇ ਦਾਤਾਰਪੁਰ ਅਧੀਨ ਆਉਂਦੇ ਉਚਾਈ ਵਾਲੇ ਪਿੰਡਾਂ 'ਚ ਅਕਸਰ ਹੀ ਪਾਣੀ ਦੀ ਘਾਟ ਰਹਿੰਦੀ ਹੈ। ਗਰਮੀਆਂ ਦੇ ਦਿਨਾਂ 'ਚ ਪਾਣੀ ਦੀ ਖਪਤ ਵਧਣ ਕਰਕੇ ਇਨ੍ਹਾਂ ਪਿੰਡਾਂ 'ਚ ਹਾਲਤ ਤਰਸਯੋਗ ਬਣ ਜਾਂਦੀ ਹੈ। ਉਹ ਨਿਰਵਿਘਨ ਬਿਨ੍ਹਾਂ ਭੇਦ ਭਾਵ ਇਲਾਕੇ ਦੇ ਲੋਕਾਂ 'ਚ ਪਿਛਲੇ ਪੰਜ ਸਾਲ ਤੋਂ ਵੀ ਵਧ ਸਮੇਂ ਤੋਂ ਮੁਫ਼ਤ ਪਾਣੀ ਦੀ ਸੇਵਾ ਕਰ ਰਹੇ ਹਨ। ਉਨ੍ਹਾਂ ਸਿਆਸੀ ਆਗੂਆਂ 'ਤੇ ਚੋਣਾਂ ਦੌਰਾਨ ਹੀ ਸਰਗਰਮ ਹੋਣ ਦਾ ਗਿਲ਼ਾ ਕੀਤਾ ਹੈ। ਚੋਣਾਂ ਮੁੱਕਣ ਉਪਰੰਤ ਲੋਕ ਮੁੱਦਿਆਂ ਨੂੰ ਵਿਸਾਰ ਦਿਤਾ ਜਾਂਦਾ ਹੈ। ਉਨ੍ਹਾਂ ਲੋਕਾਂ ਨੂੰ ਅਜਿਹੇ ਸਿਆਸੀ ਆਗੂਆਂ ਤੋਂ ਸਵਾਲ ਪੁਛੱਣ ਦੀ ਅਪੀਲ ਕੀਤੀ ਹੈ।




ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਪ੍ਰਕਾਸ਼ ਪੁਰਬ

**ਅਵਤਾਰ ਪੁਰਬ : ਧੰਨ ਸ਼੍ਰੀ ਗੁਰੂ ਅਮਰਦਾਸ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।**

☛ ਸ਼ੁੱਕਰਵਾਰ 1ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ। ਸ਼ਨਿੱਚਰਵਾਰ 2 ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 3 ਮਈ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕੀਰਤਨੀ ਜਥਾ ਰਾਗੀ ਭਾਈ ਗੁਰਦਿਆਲ ਸਿੰਘ ਸੋਢੀ ਦਿੱਲੀ ਵਾਲੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

### ਇਆਲੀ ਨੂੰ ਭਾਈ ਅੰਮ੍ਰਿਤਪਾਲ ਸਿੰਘ ਬਾਰੇ ਸੰਬੋਧਨ ਹੋਣ ਵੇਲੇ ਠੀਕ ਸ਼ਬਦਾਂ ਦੀ ਚੋਣ ਕਰਨੀ ਚਾਹੀਦੀ ਹੈ

# ਸਿੱਖ ਦੀ ਮੁੱਖ ਧਾਰਾ ਗ੍ਰੰਥ ਅਤੇ ਪੰਥ ਪ੍ਰਤੀ ਸਮਰਪਣ ਹੀ ਹੈ




**ਮਨਪ੍ਰੀਤ ਸਿੰਘ ਇਆਲੀ** ਨੂੰ ਦੂਜੇ ਰਵਾਇਤੀ ਅਕਾਲੀਆਂ ਨਾਲੋਂ ਜ਼ਿਆਦਾ ਇਸ ਕਰਕੇ ਸਤਿਕਾਰਿਆਂ ਗਿਆ ਕਿਉਂਕਿ ਉਹਨਾਂ ਬਾਦਲਾਂ ਨਾਲੋਂ ਲੰਬਾ ਸਮਾਂ ਪਹਿਲਾਂ ਨਾਤਾ ਤੋੜ ਲਿਆ ਸੀ ।ਸ੍ਰੀ ਅਕਾਲ ਤਖ਼ਤ ਸਾਹਿਬ ਦੇ 2 ਦਸੰਬਰ ਵਾਲੇ ਹੁਕਮਨਾਮੇ ਨੂੰ ਮੰਨ ਕੇ ਨਵੀਂ ਭਰਤੀ ਕਰਾਉਣ ਦੀ ਪ੍ਰਕਿਰਿਆ ਵਿੱਚ ਯੋਗਦਾਨ ਪਾਉਣ ਕਾਰਨ ਵੀ ਉਹਨਾਂ ਦਾ ਸਤਿਕਾਰ ਵਧਿਆ ਹੈ ।ਭਾਈ ਅੰਮ੍ਰਿਤਪਾਲ ਸਿੰਘ ਬਾਰੇ ਉਹਨਾਂ ਵੱਲੋਂ ਵਾਰ-ਵਾਰ ਆਵਾਜ਼ ਉਠਾਏ ਜਾਣ ਕਰਕੇ ਨੌਜਵਾਨ ਵਰਗ ਵੀ ਉਹਨਾਂ ਬਾਰੇ ਚੰਗੀ ਰਾਏ ਰੱਖਦਾ ਹੈ ।ਇਆਲੀ ਸਾਹਿਬ ਨਾਲ ਗੱਲਬਾਤ ਕਰਨ ਅਤੇ ਉਹਨਾਂ ਦੇ ਵਿਚਾਰ ਜਾਣਨ ਦਾ ਮੈਨੂੰ ਵੀ ਕਈ ਵਾਰ ਮੌਕਾ ਮਿਲਿਆ ਹੈ ।

ਇਆਲੀ ਸਾਹਿਬ ਵੱਲੋਂ ਪਿਛਲੇ ਕਈ ਮਹੀਨਿਆਂ ਦੌਰਾਨ ਵਿਧਾਨ ਸਭਾ ਅਤੇ ਵੱਖ-ਵੱਖ ਚੈਨਲਾਂ ਉੱਪਰ ਭਾਈ ਅੰਮ੍ਰਿਤਪਾਲ ਸਿੰਘ ਦੇ "ਮੁੱਖ ਧਾਰਾ" ਵਿੱਚ ਸ਼ਾਮਲ ਹੋਣ ਦੇ ਕੀਤੇ ਦਾਅਵਿਆਂ ਨਾਲ ਮੈਂ ਉੱਕਾ ਹੀ ਸਹਿਮਤ ਨਹੀਂ ਹਾਂ । ਮੇਰਾ ਵਿਚਾਰ ਹੈ ਕਿ ਸਿੱਖ ਦੀ ਮੁੱਖ ਧਾਰਾ ਗ੍ਰੰਥ ਅਤੇ ਪੰਥ ਹੀ ਹਨ ।ਗੁਰੂ ਦੇ ਸਿੱਖ ਲਈ ਤਾਂ ਪੰਥ ਹੀ ਪ੍ਰਥਮ ਹੈ ਅਤੇ ਹਮੇਸ਼ਾ ਇਹੋ ਹੀ ਰਹੇਗਾ ।ਗੁਰੂ ਨੂੰ ਸਮਰਪਿਤ ਸਿੱਖ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦਿਆਂ ਉੱਥੋਂ ਦੇ ਕਾਨੂੰਨ ਅਤੇ ਸੰਵਿਧਾਨ ਦੀ ਪਾਲਣਾ ਕਰਦੇ ਹੋਏ ਗ੍ਰੰਥ ਅਤੇ ਪੰਥ ਦੀ ਸਰਵਉਚਤਾ ਨੂੰ ਪ੍ਰਵਾਨ ਕਰਦੇ ਹਨ ।1947 ਤੋਂ ਬਾਅਦ ਭਾਰਤ ਵਿੱਚ ਰਹਿੰਦਿਆਂ ਵੀ ਸਿੱਖਾਂ ਨੇ ਕਾਨੂੰਨ ਅਤੇ ਸੰਵਿਧਾਨ ਪ੍ਰਤੀ ਆਪਣੇ ਫਰਜ਼ ਨਿਭਾਏ ਹਨ ,ਪਰ ਦੇਸ਼ ਦੇ ਹੁਕਮਰਾਨਾਂ ਨੇ ਸਿੱਖਾਂ ਪ੍ਰਤੀ ਹਮੇਸ਼ਾ ਆਪਣੇ ਬਣਾਏ ਕਾਨੂੰਨਾਂ ਅਤੇ ਸੰਵਿਧਾਨ ਦੀਆਂ ਧੱਜੀਆਂ ਉਡਾਈਆਂ ਹਨ ।ਸੱਠਵਿਆਂ ਤੱਕ ਸੱਚੇ ਅਕਾਲੀ ਪੰਥ ਪ੍ਰਥਮ ਵਾਲੀ ਆਪਣੀ ਵਚਨਬੱਧਤਾ ਪ੍ਰਗਟਾਉਣ ਤੋਂ ਕਦੇ ਨਹੀਂ ਝਿਜਕਦੇ ਸਨ ।ਅਕਾਲੀਆਂ ਦੀ ਇਹੀ ਵਚਨਬੱਧਤਾ ਹੀ ਉਹਨਾਂ ਨੂੰ ਪੰਥਕ ਹੱਕਾਂ ਲਈ ਜੂਝਣ ਦੀ ਪ੍ਰੇਰਨਾ ਦਿੰਦੀ ਆਈ ਸੀ ।ਪਰ ਜਦੋਂ ਤੋ ਅਕਾਲੀਆਂ ਨੇ ਦੇਸ਼ ਅਤੇ ਨਿੱਜੀ ਹਿੱਤਾਂ ਨੂੰ ਪੰਥ ਤੋਂ ਪਹਿਲ ਦੇਣੀ ਸ਼ੁਰੂ ਕਰ ਦਿੱਤੀ ਹੈ,ਅਕਾਲੀ ਦਲ ਦਾ ਸਿਧਾਂਤਕ ਤੌਰ'ਤੇ ਵਿਨਾਸ਼ ਹੋ ਗਿਆ ਹੈ ।ਬਾਦਲਵਾਦ ਉਸੇ ਵਿਨਾਸ਼ ਰੂਪੀ ਵਰਤਾਰੇ ਦਾ ਸਾਕਾਰ ਰੂਪ ਹੈ ।

ਭਾਈ ਅੰਮ੍ਰਿਤਪਾਲ ਸਿੰਘ ਸਿੱਖਾਂ ਦੀ ਆਜ਼ਾਦ ਅਤੇ ਨਿਆਰੀ ਹਸਤੀ ਦਾ ਹਾਮੀ ਆਗੂ ਹੈ ।ਆਪਣੀ ਵਿਚਾਰਧਾਰਕ ਪ੍ਰਪੱਕਤਾ ਅਤੇ ਸਿਦਕ ਰਾਹੀਂ ਉਹਨਾਂ ਇਹ ਸਾਬਤ ਕਰ ਦਿੱਤਾ ਕਿ ਪੰਥ ਪ੍ਰਤੀ ਉਹਨਾਂ ਦੀ ਵਚਨਬੱਧਤਾ ਕੁਝ ਖਾਸ ਨਾਅਰਿਆਂ ਅਤੇ ਸ਼ਬਦਾਂ ਦੀ ਮੁਹਤਾਜ ਨਹੀਂ ਰਹੀ ਹੈ ।ਆਪਣੀ ਗ੍ਰਿਫਤਾਰੀ ਤੋਂ ਪਹਿਲਾਂ ਉਹਨਾਂ ਵੱਲੋਂ ਨਿਭਾਏ ਰੋਲ ਅਤੇ ਰਿਹਾਈ ਤੋਂ ਬਾਅਦ ਉਹਨਾਂ ਵੱਲੋਂ ਨਿਭਾਏ ਜਾਣ ਵਾਲੇ ਰੋਲ ਵਿੱਚ ਅੰਤਰ ਜਰੂਰ ਹੋ ਸਕਦਾ ਹੈ ।ਪਰ ਕੋਈ ਵੀ ਜਿੰਮੇਵਾਰੀ ਜਾਂ ਰੋਲ ਉਸ ਨੌਜਵਾਨ ਦੀ ਪ੍ਰਤੀਬੱਧਤਾ ਵਿੱਚ ਬੰਧਨ ਨਹੀਂ ਬਣ ਸਕਦਾ । ਮੇਰੀ ਇਆਲੀ ਸਾਹਿਬ ਸਮੇਤ ਭਾਈ ਅੰਮ੍ਰਿਤਪਾਲ ਸਿੰਘ ਦੇ ਰਾਜਨੀਤਕ ਸਮਰਥਕਾਂ ਨੂੰ ਅਪੀਲ ਹੈ ਕਿ ਉਹ ਭਾਈ ਅੰਮ੍ਰਿਤਪਾਲ ਸਿੰਘ ਨੂੰ ਆਪਣੀ ਸੋਚ ਦੇ ਘੇਰੇ ਵਿੱਚ ਬੰਦ ਕਰਨ ਦੀ ਬਜਾਏ ਉਹਨਾਂ ਦੀ ਦ੍ਰਿੜ ਅਤੇ ਬੇਬਾਕ ਸ਼ਖਸੀਅਤ ਤੋਂ ਪ੍ਰੇਰਨਾ ਲੈਣ ।ਫਰੀਦਕੋਟ ਤੋਂ ਮੈਂਬਰ ਪਾਰਲੀਮੈਂਟ ਸਰਬਜੀਤ ਸਿੰਘ ਨੂੰ ਵੀ ਇਸ ਮਾਮਲੇ ਵਿੱਚ ਅਜੇ ਬਹੁਤ ਕੁੱਝ ਸਿੱਖਣ ਦੀ ਲੋੜ ਹੈ। ਮੈਨੂੰ ਇਹ ਮੰਨਣ ਵਿੱਚ ਕੋਈ ਹਰਜ ਨਹੀਂ ਕਿ ਵੋਟ ਰਾਜਨੀਤੀ ਵਿੱਚ ਖਾਲਿਸਤਾਨ ਵਾਲੇ ਮੁੱਦੇ ਨਾਲ ਸਫਲਤਾ ਹਾਸਲ ਕਰਨੀ ਅਸੰਭਵ ਹੈ ਅਤੇ ਵੋਟ ਰਾਜਨੀਤੀ ਦੇ ਖੇਤਰ ਨੂੰ ਸਵਾਰਥੀ ਲੋਕਾਂ ਲਈ ਖਾਲੀ ਵੀ ਨਹੀਂ ਛੱਡਿਆ ਜਾ ਸਕਦਾ ।ਇਹ ਵੀ ਜ਼ਰੂਰੀ ਨਹੀ ਕਿ ਵੋਟ ਰਾਜਨੀਤੀ ਵਿੱਚ ਸ਼ਮੂਲੀਅਤ ਕਰਨ ਵਾਲਾ ਸਾਡਾ ਹਰੇਕ ਆਗੂ ਖਾਲਿਸਤਾਨ ਦੀ ਹੀ ਮੰਗ ਕਰੇ ।ਪਰ ਖਾਲਿਸਤਾਨ ਦੇ ਮੁੱਦੇ ਉੱਪਰ ਵਾਰ-ਵਾਰ ਸਫਾਈਆਂ ਦੇ ਕੇ ਮੁੱਖ ਧਾਰਾ ਦੀ ਦੁਹਾਈ ਦੇਣੀ ਉਹਨਾਂ ਦੀ ਪੰਥ ਪ੍ਰਤੀ ਵਫ਼ਾਦਾਰੀ ਨੂੰ ਸ਼ੱਕੀ ਕਰਦਾ ਹੈ । ਖਾਲਿਸਤਾਨ ਬਾਰੇ ਪੁੱਛੇ ਜਾਣ ਵਾਲੇ ਸਵਾਲ ਤੋਂ ਸਿੱਖ ਸਿਆਸਤਦਾਨਾਂ ਦੀਆਂ ਲੱਤਾਂ ਨਹੀ ਕੰਬਣੀਆਂ ਚਾਹੀਦੀਆਂ ਹਨ ।ਉਹਨਾਂ ਵਿੱਚ ਇਸ ਸਵਾਲ ਦਾ ਟਾਕਰਾ ਕਰਨ ਦੀ ਯੋਗਤਾ ਅਤੇ ਜੁਅਰਤ ਹੋਣੀ ਬਹੁਤ ਜਰੂਰੀ ਹੈ ।ਖਾਲਿਸਤਾਨ ਦੇ ਨਾਅਰੇ ਪ੍ਰਤੀ ਸਹਿਮਤੀ ਜ਼ਾਹਿਰ ਕੀਤੇ ਬਿਨਾਂ ਵੀ ਸਿੱਖ ਪੰਥ ਦੇ ਵਿਸ਼ਵਾਸ ਨੂੰ ਬਣਾਈ ਰੱਖਣ ਲਈ ਬਹੁਤ ਸਾਰੀਆਂ ਠੋਸ ਦਲੀਲਾਂ ਦਿੱਤੀਆਂ ਜਾ ਸਕਦੀਆਂ ਹਨ ।ਅਜਿਹੀ ਕਾਬਲੀਅਤ ਦੀ ਗੈਰ-ਮੌਜੂਦਗੀ ਹੀ ਸਿੱਖ ਨੇਤਾਵਾਂ ਦੀ ਮਾਨਸਿਕ ਗੁਲਾਮੀ ਦੀ ਨਿਸ਼ਾਨੀ ਹੈ । ਇਹ ਮਾਨਸਿਕ ਗੁਲਾਮੀ ਹੀ ਸਿੱਖ ਸਿਆਸਤ ਵਿੱਚਲੇ ਸਿਧਾਂਤਕ ਵਿਨਾਸ਼ ਦੀ ਅਸਲ ਜੜ ਹੈ ।ਇਹੋ ਕਾਰਨ ਹੈ ਕਿ ਸਿੱਖ ਸਿਆਸਤ ਵਿੱਚੋਂ ਸਿੱਖਾਂ ਦੀ ਆਜ਼ਾਦ,ਨਿਆਰੀ ਅਤੇ ਵਿਲੱਖਣ ਹਸਤੀ ਦਾ ਅਹਿਸਾਸ ਮਿੱਟਦਾ ਜਾ ਰਿਹਾ ਹੈ ।ਇਹੀ ਕਮਜ਼ੋਰੀ ਹੀ ਮੁੱਖ ਧਾਰਾ ਦਾ ਰਾਗ ਅਲਾਪਣ ਦਾ ਕਾਰਨ ਬਣਦੀ ਹੈ ।ਪੁਰਾਤਨ ਅਕਾਲੀ ਦਲ ਦੀ ਮੈਂਬਰਸ਼ਿਪ ਸਲਿੱਪ ਪਿੱਛੇ ਛਪੇ ਮੰਤਵਾਂ ਵਿੱਚ ਨੰਬਰ ਇੱਕ ਇਹ ਹੁੰਦਾ ਸੀ ਕਿ " ਅਜਿਹੇ ਦੇਸ਼ ਕਾਲ ਦੀ ਸਿਰਜਨਾ,ਜਿੱਥੇ ਪੰਥਕ ਜਜ਼ਬਾ ਪ੍ਰਫੁੱਲਤ ਹੋ ਸਕੇ " ।ਅਕਾਲੀ ਦਲ ਦਾ ਪੁਰਾਤਨ ਸਰੂਪ ਬਹਾਲ ਕਰਨ ਦਾ ਦਾਅਵਾ ਕਰਨ ਵਾਲੇ ਇਆਲੀ ਸਾਹਿਬ ਅਤੇ ਹੋਰਨਾਂ ਆਗੂਆਂ ਨੂੰ ਪੁਰਾਤਨ ਅਕਾਲੀ ਦਲ ਦੇ ਮੰਤਵ ਪੜਨ ਦੀ ਲੋੜ ਹੈ ।ਜਿਸ ਦਿਨ ਅਕਾਲੀ ਆਗੂਆਂ ਨੇ ਆਪਣੇ ਵਿਰੋਧੀਆਂ ਵੱਲੋਂ ਉਠਾਏ ਖਾਲਿਸਤਾਨ ਦੇ ਸਵਾਲ ਦਾ ਜਵਾਬ ਬੌਧਿਕ ਕਾਬਲੀਅਤ ਅਤੇ ਜੁਅਰਤ ਨਾਲ ਦੇਣਾ ਸਿੱਖ ਲਿਆ,ਉਸ ਦਿਨ ਹੀ ਪੰਥਕ ਸਿਆਸਤ ਪਟੜੀ ਉੱਪਰ ਆ ਜਾਵੇਗੀ ਅਤੇ ਸਿੱਖ ਸਿਆਸਤ ਵਿਚਲਾ ਗਰਮ ਅਤੇ ਨਰਮ ਧਾਰਾ ਵਾਲਾ ਪਾੜਾ ਵੀ ਘੱਟ ਜਾਵੇਗਾ।

### ਸੁਖਜਿੰਦਰ ਸਿੰਘ ਰੰਧਾਵਾ ਦੇ ਬੇਬੁਨਿਆਦ ਅਤੇ ਭੜਕਾਊ ਬਿਆਨਾਂ 'ਤੇ

# ਬਾਪੂ ਤਰਸੇਮ ਸਿੰਘ ਦਾ ਤਿੱਖਾ ਵਾਰ



**ਚੰਡੀਗੜ੍ਹ 30 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)** -ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਵੱਲੋਂ ਕਾਂਗਰਸ ਦੇ ਸੀਨੀਅਰ ਆਗੂ ਸੁਖਜਿੰਦਰ ਸਿੰਘ ਰੰਧਾਵਾ ਵੱਲੋਂ ਕੀਤੇ ਗਏ ਹਾਲੀਆ ਬਿਆਨਾਂ 'ਤੇ ਤਿੱਖੀ ਪ੍ਰਤੀਕਿਰਿਆ ਜਤਾਈ ਗਈ ਹੈ।ਮੀਡੀਆ ਇੰਚਾਰਜ ਭਾਈ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਜਾਰੀ ਕੀਤੇ ਪ੍ਰੈਸ ਨੋਟ ਰਾਹੀ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਸਾਬਕਾ ਕਾਂਗਰਸ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਉੱਤੇ ਲਗਾਏ ਜਾ ਰਹੇ ਦੋਸ਼ ਨਾਂ ਸਿਰਫ਼ ਬਿਨਾਂ ਕਿਸੇ ਢੁੱਕਵੇਂ ਸਬੂਤ ਦੇ ਹਨ, ਸਗੋਂ ਇਹ ਸਿੱਧੇ ਤੌਰ 'ਤੇ ਸਿਆਸੀ ਲਾਭ ਲਈ ਲੋਕਾਂ ਵਿੱਚ ਡਰ ਅਤੇ ਭਰਮ ਪੈਦਾ ਕਰਨ ਦੀ ਕੋਸ਼ਿਸ਼ ਹੈ। ਬਾਪੂ ਤਰਸੇਮ ਸਿੰਘ ਨੇ ਸਪੱਸ਼ਟ ਕੀਤਾ ਕਿ ਭਾਈ ਅੰਮ੍ਰਿਤਪਾਲ ਸਿੰਘ ਇਸ ਵੇਲੇ ਵੀ ਆਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਸਖ਼ਤ ਸੁਰੱਖਿਆ ਘੇਰੇ ਹੇਠ ਨਜ਼ਰਬੰਦ ਹਨ। ਅਜਿਹੇ ਹਾਲਾਤਾਂ ਵਿੱਚ ਉਹਨਾਂ ਨੂੰ ਕਿਸੇ ਵੀ ਤਾਜ਼ਾ ਘਟਨਾਂ ਨਾਲ ਜੋੜਨਾ ਸਿਰਫ਼ ਅਤੇ ਸਿਰਫ਼ ਝੂਠਾ ਪ੍ਰਚਾਰ ਹੈ। ਉਨ੍ਹਾਂ ਕਿਹਾ ਕਿ ਜੇ ਕਿਸੇ ਕੋਲ ਸੱਚਮੁੱਚ ਕੋਈ ਸਬੂਤ ਹੈ ਤਾਂ ਉਹ ਅਦਾਲਤਾਂ ਵਿੱਚ ਪੇਸ਼ ਕੀਤਾ ਜਾਵੇ, ਮੀਡੀਆ ਰਾਹੀਂ ਬੇਬੁਨਿਆਦ ਦੋਸ਼ ਲਗਾ ਕੇ ਲੋਕਾਂ ਨੂੰ ਗੁੰਮਰਾਹ ਕਰਨਾ ਲੋਕਤੰਤਰਕ ਮਰਿਆਦਾਵਾਂ ਦੇ ਖਿਲਾਫ਼ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦਾ ਇਤਿਹਾਸ ਸਿੱਖ ਕੌਮ ਨਾਲ ਕੀਤੀਆਂ ਬੇਇਨਸਾਫੀਆਂ ਨਾਲ ਭਰਿਆ ਪਿਆ ਹੈ। 1984 ਦਾ ਦਿੱਲੀ ਕਤਲੇਆਮ, ਪੰਜਾਬ ਵਿੱਚ ਹੋਈਆਂ ਝੂਠੀਆਂ ਮੁਠਭੇੜਾਂ ਅਤੇ ਬੇਗੁਨਾਹ ਨੌਜਵਾਨਾਂ 'ਤੇ ਕੀਤੇ ਜ਼ੁਲਮ ਅਜੇ ਵੀ ਇਤਿਹਾਸ ਦੇ ਕਾਲੇ ਅਧਿਆਇ ਹਨ। ਅੱਜ ਤੱਕ ਉਹਨਾਂ ਘਟਨਾਵਾਂ ਲਈ ਪੂਰਾ ਨਿਆਂ ਨਹੀਂ ਮਿਲਿਆ, ਜਿਸ ਕਰਕੇ ਸਿੱਖ ਕੌਮ ਦੇ ਦਿਲਾਂ ਵਿੱਚ ਗਹਿਰੇ ਜ਼ਖ਼ਮ ਮੌਜੂਦ ਹਨ।

> **ਕਾਂਗਰਸ ਆਪਣੇ ਕਾਲੇ ਇਤਿਹਾਸ ਤੋਂ ਧਿਆਨ ਹਟਾਉਣ ਲਈ ਸਿੱਖ ਨੌਜਵਾਨੀ ਨੂੰ ਨਿਸ਼ਾਨਾ ਬਣਾ ਰਹੀ ਹੈ, 1984 ਦੇ ਜ਼ਖ਼ਮ ਅਜੇ ਵੀ ਤਾਜ਼ਾ**

ਬਾਪੂ ਤਰਸੇਮ ਸਿੰਘ ਨੇ ਕਿਹਾ ਕਿ ਜਿਹੜੀ ਪਾਰਟੀ ਆਪਣੇ ਭੂਤਕਾਲ ਦੇ ਇਨ੍ਹਾਂ ਗੰਭੀਰ ਮਸਲਿਆਂ 'ਤੇ ਸਪੱਸ਼ਟੀਕਰਨ ਦੇਣ ਤੋਂ ਕੱਤਰਉਂਦੀ ਰਹੀ ਹੈ, ਉਹ ਅੱਜ ਸਿੱਖ ਨੌਜਵਾਨੀ ਨੂੰ ਕਟਹਿਰੇ ਵਿੱਚ ਖੜ੍ਹਾ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਇਹ ਸਿਰਫ਼ ਦੋਹਰੇ ਮਾਪਦੰਡਾਂ ਅਤੇ ਸਿਆਸੀ ਨਾਟਕਬਾਜ਼ੀ ਦੀ ਨਿਸ਼ਾਨੀ ਹੈ। ਉਨ੍ਹਾਂ ਨੇ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਹਮੇਸ਼ਾਂ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਦੂਰ ਕਰਨ, ਸਿੱਖੀ ਦੇ ਮੂਲ ਸਿਧਾਂਤਾਂ ਨੂੰ ਮਜ਼ਬੂਤ ਕਰਨ ਅਤੇ ਸਮਾਜ ਵਿੱਚ ਸਕਾਰਾਤਮਕ ਬਦਲਾਅ ਲਿਆਉਣ ਲਈ ਕੰਮ ਕਰਦੇ ਆਏ ਹਨ। ਉਹਨਾਂ ਨੂੰ ਕਿਸੇ ਵੀ ਧਰਮ ਜਾਂ ਭਾਈਚਾਰੇ ਲਈ ਖ਼ਤਰਾ ਦੱਸਣਾ ਨਿਰਾਧਾਰ ਅਤੇ ਸਿਆਸਤ ਤੋਂ ਪ੍ਰੇਰਿਤ ਪ੍ਰਚਾਰ ਹੈ। ਪੰਜਾਬ ਦੀ ਸਾਂਝੀਵਾਲਤਾ ਅਤੇ ਭਾਈਚਾਰੇ ਦੀ ਗੀਤ ਨੂੰ ਖ਼ਰਾਬ ਕਰਨ ਦੀ ਕੋਈ ਵੀ ਕੋਸ਼ਿਸ਼ ਕਦੇ ਕਾਮਯਾਬ ਨਹੀਂ ਹੋਵੇਗੀ। ਬਾਪੂ ਤਰਸੇਮ ਸਿੰਘ ਨੇ ਕਾਂਗਰਸ ਆਗੂਆਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਬੇਬੁਨਿਆਦ ਅਤੇ ਭੜਕਾਊ ਬਿਆਨ ਦੇਣ ਤੋਂ ਗੁਰੇਜ਼ ਕਰਨ। ਪੰਜਾਬ ਦੇ ਲੋਕ ਹੁਣ ਜਾਗਰੂਕ ਹਨ ਅਤੇ ਉਹ ਹਰ ਉਸ ਸਿਆਸੀ ਤਾਕਤ ਨੂੰ ਕਰਾਰਾ ਜਵਾਬ ਦੇਣ ਲਈ ਤਿਆਰ ਹਨ ਜੋ ਸੂਬੇ ਦੇ ਮਾਹੌਲ ਨੂੰ ਖ਼ਰਾਬ ਕਰਨ ਦੀ ਕੋਸ਼ਿਸ਼ ਕਰਦੀ ਹੈ। ਉਨ੍ਹਾਂ ਅੰਤ ਵਿੱਚ ਕਿਹਾ ਕਿ ਸੱਚਾਈ ਨੂੰ ਕਦੇ ਵੀ ਝੂਠ ਨਾਲ ਦਬਾਇਆ ਨਹੀਂ ਜਾ ਸਕਦਾ ਅਤੇ ਸਮਾਂ ਆਉਣ 'ਤੇ ਹਰ ਗੱਲ ਸਪੱਸ਼ਟ ਹੋ ਜਾਂਦੀ ਹੈ। ਅਕਾਲੀ ਦਲ ਵਾਰਿਸ ਪੰਜਾਬ ਦੇ ਹਮੇਸ਼ਾਂ ਸੱਚ, ਇਨਸਾਫ ਅਤੇ ਪੰਜਾਬ ਦੇ ਹੱਕਾਂ ਲਈ ਡੱਟ ਕੇ ਖੜ੍ਹਾ ਰਹੇਗਾ ਅਤੇ ਰਹੇਗਾ।

## ਖਾਲਿਸਤਾਨ ਐਲਾਨਾਮਾ ਦਿਵਸ ਨੂੰ ਸਮਰਪਿਤ ਕਿਤਾਬ "ਸਿੱਦਕੀ ਤੇ ਸੰਘਰਸ਼ੀ" ਰਿਲੀਜ਼




**ਜਲੰਧਰ, 30 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-26 ਜਨਵਰੀ 1986 ਨੂੰ ਸ੍ਰੀ ਅਕਾਲ ਤਖਤ ਸਾਹਿਬ 'ਤੇ ਸਰਬੱਤ ਖਾਲਸਾ ਹੋਇਆ ਸੀ। ਸਰਬੱਤ ਖਾਲਸਾ ਵੱਲੋਂ ਬਣਾਈ ਗਈ ਪੰਜ ਮੈਂਬਰੀ ਪੰਥਕ ਕਮੇਟੀ ਨੇ 29 ਅਪ੍ਰੈਲ 1986 ਵਾਲੇ ਦਿਨ ਆਜ਼ਾਦ ਸਿੱਖ ਰਾਜ ਖਾਲਿਸਤਾਨ ਦਾ ਐਲਾਨ ਕੀਤਾ ਸੀ। ਇਸ ਐਲਾਨ ਦਿਵਸ ਦੀ ਚਾਲੀਵੀਂ ਵਰ੍ਹੇਗੰਢ ਦੀ ਪੂਰਬ ਸੰਧਿਆ ਮੌਕੇ ਸੰਘਰਸ਼ ਦੌਰਾਨ ਆਪਾ ਨਿਛਾਵਰ ਕਰ ਗਏ ਸ਼ਹੀਦਾਂ ਦੇ ਪਰਿਵਾਰਾਂ ਅਤੇ ਜਲਾਵਤਨੀ ਯੋਧਿਆਂ ਦੀ ਦਾਸਤਾਨ 'ਤੇ ਅਧਾਰਿਤ ਨਿਵੇਕਲੀ ਅਤੇ ਇਤਿਹਾਸਕ ਕਿਤਾਬ "ਸਿੱਦਕੀ ਅਤੇ ਸੰਘਰਸ਼ੀ" ਜਾਰੀ ਕੀਤੀ ਗਈ। ਸ਼ਹੀਦ ਸਿੰਘਾਂ ਦੀਆਂ ਸਿੰਘਣੀਆਂ ਵੱਲੋਂ ਅੱਜ ਜਲੰਧਰ ਵਿਖੇ ਇਸ ਨਵੀਂ ਕਿਤਾਬ ਨੂੰ ਲੋਕ ਅਰਪਣ ਕੀਤਾ ਗਿਆ। ਇਹ ਕਿਤਾਬ 'ਪੀਂਘਾਂ ਸੋਚ ਦੀਆਂ ਪਬਲਿਕੇਸ਼ਨ' ਵੱਲੋਂ ਪ੍ਰਕਾਸ਼ਿਤ ਕੀਤੀ ਗਈ ਹੈ, ਜਿਸਦੇ ਲੇਖਕ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਹਨ ਅਤੇ ਇਸਦੀ ਸੰਪਾਦਨਾ ਬੀਬੀ ਰਸ਼ਿਪੰਦਰ ਕੌਰ ਗਿੱਲ ਵੱਲੋਂ ਕੀਤੀ ਗਈ ਹੈ।

**ਕਿਤਾਬ ਬਾਰੇ ਮੁੱਖ ਜਾਣਕਾਰੀ**-ਵਰਤਮਾਨ ਸਮੇਂ ਵਿੱਚ ਸਿੱਖ ਹੱਕਾਂ, ਹਿੱਤਾਂ ਦੀ ਪੂਰਤੀ ਅਤੇ ਸਿੱਖ ਕੌਮ ਦੀ ਆਜ਼ਾਦੀ ਵਾਸਤੇ ਦਮਦਮੀ ਟਕਸਾਲ ਦੇ ਮੁਖੀ ਸ਼ਹੀਦ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਆਰੰਭੇ ਗਏ ਕੌਮੀ ਸੰਘਰਸ਼ ਵਿੱਚ ਅਣਗਿਣਤ ਸਿੱਖ ਸ਼ਹੀਦ ਹੋ ਚੁੱਕੇ ਹਨ। ਸਿੱਖਾਂ ਬਾਰੇ ਅਕਸਰ ਇਹ ਕਿਹਾ ਜਾਂਦਾ ਹੈ ਕਿ ਸਿੱਖ ਇਤਿਹਾਸ ਬਣਾਉਣਾ ਜਾਣਦੇ ਹਨ ਪਰ ਸਾਂਭਣਾ ਨਹੀਂ ਜਾਣਦੇ। ਇਸ ਧਾਰਨਾ ਨੂੰ ਰੱਦ ਕਰਦਿਆਂ, ਸਿੱਖ ਸੰਘਰਸ਼ ਦਾ ਅਹਿਮ ਹਿੱਸਾ ਰਹੇ ਜੁਝਾਰੂ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਵੱਲੋਂ ਵਰਤਮਾਨ ਸਿੱਖ ਇਤਿਹਾਸ ਨੂੰ ਕਲਮਬੱਧ ਕਰਨ ਦਾ ਯਤਨ ਕੀਤਾ ਗਿਆ ਹੈ।

ਇਹ ਕਿਤਾਬ ਇਤਿਹਾਸ ਦੀ ਇੱਕ ਨਿਵੇਕਲੀ ਅਤੇ ਸ਼ਾਇਦ ਪਹਿਲੀ ਅਜਿਹੀ ਕਿਤਾਬ ਹੈ, ਜੋ ਸ਼ਹੀਦ ਸਿੰਘਾਂ ਦੀ ਥਾਂ ਉਹਨਾਂ ਦੀਆਂ ਸਿੰਘਣੀਆਂ (ਪਤਨੀਆਂ) ਦੇ ਸੰਘਰਸ਼ ਨੂੰ ਬਿਆਨ ਕਰਦੀ ਹੈ। ਜਿਹਨਾਂ ਬੀਬੀਆਂ ਨੇ ਆਪਣੇ ਪਤੀਆਂ ਦੀਆਂ ਸ਼ਹਾਦਤਾਂ ਤੋਂ ਬਾਅਦ ਆਰਥਿਕ ਅਤੇ ਸਮਾਜਿਕ ਮੁਸ਼ਕਲਾਂ ਦਾ ਦ੍ਰਿੜਤਾ ਨਾਲ ਸਾਹਮਣਾ ਕੀਤਾ, ਬੱਚਿਆਂ ਦੀ ਪਰਵਰਿਸ਼ ਕੀਤੀ ਅਤੇ ਉਹਨਾਂ ਨੂੰ ਜ਼ਿੰਦਗੀ ਦੇ ਚੰਗੇ ਮੁਕਾਮ 'ਤੇ ਪਹੁੰਚਾਇਆ। ਇਸ ਦੇ ਨਾਲ ਹੀ ਇਸ ਕਿਤਾਬ ਵਿੱਚ ਆਜ਼ਾਦ ਸਿੱਖ ਰਾਜ ਖਾਲਿਸਤਾਨ ਲਈ ਗੁੰਮਨਾਮੀ ਦੀ ਜ਼ਿੰਦਗੀ ਬਸਰ ਕਰ ਰਹੇ ਉਹਨਾਂ ਜਲਾਵਤਨੀ ਯੋਧਿਆਂ ਦਾ ਵੀ ਜ਼ਿਕਰ ਹੈ, ਜਿਹਨਾਂ ਨੇ ਕਦੇ ਪਿੱਛੇ ਮੁੜ ਕੇ ਨਹੀਂ ਦੇਖਿਆ ਅਤੇ ਕੌਮੀ ਨਿਸ਼ਾਨੇ ਪ੍ਰਤੀ ਦ੍ਰਿੜ ਰਹਿੰਦੇ ਹੋਏ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ।

**ਲੇਖਕ ਦਾ ਪਿਛੋਕੜ**-ਇਸ ਤੋਂ ਪਹਿਲਾਂ ਲਵਸ਼ਿੰਦਰ ਸਿੰਘ ਡੱਲੇਵਾਲ ਵੱਲੋਂ ਆਪਣੇ ਅੱਖੀਂ ਡਿੱਠੇ ਅਤੇ ਹੱਡੀਂ ਹੰਢਾਏ ਤਜਰਬਿਆਂ ਅਤੇ ਐਕਸ਼ਨਾਂ 'ਤੇ ਆਧਾਰਿਤ ਕਿਤਾਬ "ਸੰਘਰਸ਼ ਦਾ ਦੌਰ" ਸਾਲ 2024 ਵਿੱਚ ਲਿਖੀ ਗਈ ਸੀ, ਜਿਸਦਾ ਦੂਜਾ ਐਡੀਸ਼ਨ ਸਾਲ 2025 ਵਿੱਚ ਆਇਆ। ਉਸ ਕਿਤਾਬ ਦੀਆਂ ਤਕਰੀਬਨ 80 ਫੀਸਦੀ ਕਾਪੀਆਂ ਸੰਗਤਾਂ ਨੂੰ ਨਿਸ਼ਕਾਮ ਭਾਵਨਾ ਨਾਲ ਵੰਡੀਆਂ ਜਾ ਚੁੱਕੀਆਂ ਹਨ।

**ਪ੍ਰਾਪਤੀ ਅਤੇ ਵੰਡ**-ਸਿੱਦਕੀ ਤੇ ਸੰਘਰਸ਼ੀ" ਕਿਤਾਬ ਪੰਜਾਬ ਵਿੱਚ ਸ਼ਹੀਦ ਸਿੰਘਾਂ ਦੇ ਪਰਿਵਾਰਾਂ ਅਤੇ ਜੁਝਾਰੂ ਸਿੰਘਾਂ ਨੂੰ ਬੀਬੀ ਰਸ਼ਿਪੰਦਰ ਕੌਰ ਗਿੱਲ ਵੱਲੋਂ ਬਿਲਕੁਲ ਮੁਫਤ ਭੇਟ ਕੀਤੀ ਜਾਵੇਗੀ। ਡਿਸਟ੍ਰੀਬਿਊਟਰ ਅਤੇ ਚਾਹਵਾਨ ਪਾਠਕ ਇਸ ਕਿਤਾਬ ਨੂੰ ਖਰੀਦਣ ਲਈ ਬੀਬੀ ਰਸ਼ਿਪੰਦਰ ਕੌਰ ਗਿੱਲ ਨਾਲ ਸੰਪਰਕ ਕਰ ਸਕਦੇ ਹਨ।

ਇਸ ਮੌਕੇ ਹੇਠ ਲਿਖੀਆਂ ਸਤਿਕਾਰਯੋਗ ਸ਼ਖਸੀਅਤਾਂ ਹਾਜ਼ਰ ਸਨ:

ਬੀਬੀ ਰਸ਼ਿਪੰਦਰ ਕੌਰ ਗਿੱਲ (ਪ੍ਰਧਾਨ, ਪੀਂਘਾਂ ਸੋਚ ਦੀਆਂ ਪਬਲਿਕੇਸ਼ਨ)
ਬੀਬੀ ਜਸਮੀਤ ਕੌਰ ਛੀਨਾ (ਪਤਨੀ, ਸ਼ਹੀਦ ਭਾਈ ਸਤਨਾਮ ਸਿੰਘ ਛੀਨਾ)
ਬੀਬੀ ਸੋਹਣਜੀਤ ਕੌਰ (ਪਤਨੀ, ਸ਼ਹੀਦ ਭਾਈ ਖੜਕ ਸਿੰਘ ਘਿੱਲੀ)
ਬੀਬੀ ਹਰਜਿੰਦਰ ਕੌਰ (ਪਤਨੀ, ਸ਼ਹੀਦ ਭਾਈ ਗੁਰਪਾਲ ਸਿੰਘ ਪਾਲਾ ਬਿਲਗਾ)
ਬੀਬੀ ਕਿਰਪਾਲ ਕੌਰ ਮਾਨ ਫਗਵਾੜਾ

**ਹਾਜ਼ਰ ਪਰਿਵਾਰਾਂ ਦਾ ਨਿੱਜੀ ਸੰਘਰਸ਼:**ਬੀਬੀ ਜਸਮੀਤ ਕੌਰ ਛੀਨਾ ਅਤੇ ਬੀਬੀ ਸੋਹਣਜੀਤ ਕੌਰ ਦੇ ਜਿੱਥੇ ਪਤੀ ਸ਼ਹੀਦ ਹੋਏ ਹਨ, ਉੱਥੇ ਉਹਨਾਂ ਨੇ ਖੁਦ ਵੀ ਸੰਘਰਸ਼ਮਈ ਜੀਵਨ ਹੰਢਾਇਆ, ਰੂਪੋਸ਼ ਜ਼ਿੰਦਗੀ ਬਸਰ ਕੀਤੀ ਅਤੇ ਲੰਬਾ ਸਮਾਂ ਜੇਲ੍ਹਾਂ ਦੀਆਂ ਕਾਲ ਕੋਠੜੀਆਂ ਵਿੱਚ ਕੈਦ ਕੱਟੀ। ਇਸੇ ਤਰ੍ਹਾਂ ਬੀਬੀ ਹਰਜਿੰਦਰ ਕੌਰ ਬਿਲਗਾ ਦੇ ਪਤੀ ਦੀ ਸ਼ਹਾਦਤ ਤੋਂ ਬਾਅਦ ਉਹਨਾਂ ਦੀ ਬੇਟੀ ਨੂੰ ਸਹੁਰੇ ਪਰਿਵਾਰ ਨੇ ਰੱਖ ਲਿਆ ਪਰ ਉਹਨਾਂ ਨੂੰ ਘਰੋਂ ਕੱਢ ਦਿੱਤਾ ਗਿਆ। ਅੱਜ ਤੱਕ ਉਹ ਆਪਣੇ ਪੇਕੇ ਘਰ ਰਹਿ ਰਹੇ ਹਨ।

**ਜਾਰੀ ਕਰਤਾ: ਪੀਂਘਾਂ ਸੋਚ ਦੀਆਂ ਪਬਲਿਕੇਸ਼ਨ**
**ਰਸ਼ਿਪੰਦਰ ਕੌਰ ਗਿੱਲ**, +91-9888697078

## ਖਾਲਿਸਤਾਨ ਐਲਾਨ ਨਾਮੇ ਨੂੰ ਸਮਰਪਿਤ ਯੂਕੇ ਵਿਖੇ ਸਿੰਘਾਂ ਵਲੋਂ ਮਾਰਚ



ਨਵੀਂ ਦਿੱਲੀ 30 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- 29 ਅਪ੍ਰੈਲ 2026 ਨੂੰ ਖਾਲਿਸਤਾਨ ਦੇ ਐਲਾਨ ਦੀ 40ਵੀਂ ਵਰ੍ਹੇਗੰਢ ਮੌਕੇ ਵਿਸ਼ਵ ਭਰ ਵਿੱਚ ਵੱਖ-ਵੱਖ ਸਮਾਗਮ ਕੀਤੇ ਗਏ। ਉੱਥੇ ਹੀ ਲੰਡਨ ਵਿੱਚ ਵੀ ਇਸ ਦਿਨ ਨੂੰ ਲੈ ਕੇ ਸਰਗਰਮੀਆਂ ਵੇਖਣ ਨੂੰ ਮਿਲੀਆਂ। ਪੰਜ ਮੈਂਬਰੀ ਪੰਥਕ ਕਮੇਟੀ ਵਲੋਂ ਸ਼ਹੀਦ ਬਾਬਾ ਗੁਰਬਚਨ ਸਿੰਘ ਮਾਨੋਚਾਹਲ ਨੇ 29 ਅਪ੍ਰੈਲ 1986 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਖਾਲਿਸਤਾਨ ਦਾ ਐਲਾਨ ਨਾਮਾ ਕੀਤਾ ਸੀ। ਇਸ ਇਤਿਹਾਸਿਕ ਦਿਹਾੜੇ ਨੂੰ ਸਮਰਪਿਤ ਲੰਡਨ ਦੀ ਐਸਐਫਜੇ ਟੀਮ ਵਲੋ ਹੱਥਾਂ ਵਿਚ ਪੀਲੇ ਖਾਲਸਾਈ ਝੰਡੇ ਫੜਕੇ ਟਰਾਫਲਗਰ ਸਕੁਏਅਰ ਤੋ ਲੈ ਕੇ 10 ਡਾਊਨਿੰਗ ਸਟ੍ਰੀਟ ਇੰਗਲੈਂਡ ਦੇ ਰਾਸ਼ਟਰਪਤੀ ਦੇ ਘਰ ਤੱਕ ਇਕ ਵਿਸ਼ਾਲ ਪੈਦਲ ਮਾਰਚ ਕੱਢਿਆ ਗਿਆ। ਭਾਈ ਨਛੱਤਰ ਸਿੰਘ, ਭਾਈ ਮੰਗਲ ਸਿੰਘ, ਭਾਈ ਰਘਵੀਰ ਸਿੰਘ, ਭਾਈ ਗੁਰਦੇਵ ਸਿੰਘ, ਜੰਡੂ ਸਾਬ ਅਤੇ ਗੁਰਜੋਤ ਸਿੰਘ ਨੇ ਦਸਿਆ ਕਿ ਟਰਾਫਲਗਰ ਸਕੁਏਅਰ ਤੋ ਹੀ 12 ਅਗਸਤ 2018 ਵਿੱਚ ਖਾਲਿਸਤਾਨ ਰੈਫਰੈਂਡਮ2020 ਦਾ ਐਲਾਨ ਕੀਤਾ ਗਿਆ ਸੀ ਜੋ ਅੱਜ ਪੂਰੀ ਦੁਨੀਆ ਵਿਚ ਹੋ ਰਿਹਾ ਹੈ। ਖਾਲਿਸਤਾਨ ਰੈਫਰੈਂਡਮ ਦਾ ਅਗਲਾ ਕੇਂਦਰ 16 ਅਗਸਤ ਨੂੰ ਇੰਡੀਆਨਾਪੋਲਿਸ ਅਤੇ 18 ਅਕਤੂਬਰ ਨੂੰ ਐਡਮਿੰਟਨ ਹੋਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਕੀਰਤਪੁਰ ਸਾਹਿਬ ਦੀ ਚੌਥੀ ਸਥਾਪਨਾ ਸ਼ਤਾਬਦੀ

# ਇਤਿਹਾਸਕ ਨਜ਼ਰੀਏ ਤੋਂ ਕੀਰਤਪੁਰ ਦੀ ਮਹੱਤਤਾ

## ਇੱਕ ਪੰਛੀ ਝਾਤ





☛ ਇਸ ਨਗਰ ਦੀ ਸਥਾਪਨਾ ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਨੇ 1 ਮਈ, 1626 ਈ ਨੂੰ ਕੀਤੀ।

☛ ਆਪਣੇ ਵੱਡੇ ਸਪੁੱਤਰ ਬਾਬਾ ਗੁਰਦਿੱਤਾ ਜੀ ਪਾਸੋਂ ਨਗਰ ਦੀ ਮੋੜ੍ਹੀ ਗਡਵਾਈ।

☛ ਇਸ ਨਗਰ ਵਿੱਚ ਛੇ ਗੁਰੂ ਸਾਹਿਬਾਨ ਨੇ ਚਰਨ ਪਾਏ।

☛ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਚਰਨਛੋਹ ਨਾਲ ਪਵਿੱਤਰ ਕੀਤਾ। ਗੁ. ਚਰਨਕੰਵਲ ਸਾਹਿਬ ਵਿਖੇ ਭਾਈ ਮਰਦਾਨਾ ਜੀ ਨਾਲ ਬਿਰਾਏ।

☛ ਗੁਰੂ ਨਾਨਕ ਸਾਹਿਬ ਨੇ ਸਾਈਂ ਬੁੱਢਣ ਸ਼ਾਹ ਨੂੰ ਇੱਥੇ ਉਪਦੇਸ਼ ਦਿੱਤਾ।

-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ :
98143-24040



☛ ਜਦੋਂ ਮਰਦਾਨਾ ਜੀ ਨੇ ਜਗਤ ਗੁਰੂ ਨਾਨਕ ਸਾਹਿਬ ਦੇ ਹੁਕਮ ਮੁਤਾਬਕ ਕੀਰਤਨ ਕੀਤਾ ਤਾਂ ਇਸ ਨਗਰ ਦਾ ਪਹਿਲਾ ਨਾਂਅ 'ਕੀਰਤਪੁਰ' ਪ੍ਰਚਲਿੱਤ ਹੋਇਆ।

☛ ਗੁਰਦੁਆਰਾ ਸ਼ੀਸ਼ ਮਹਿਲ ਸਾਹਿਬ ਬਾਬਾ ਗੁਰਦਿੱਤਾ ਜੀ ਦਾ ਨਿਵਾਸ ਅਸਥਾਨ ਸੀ, ਇੱਥੇ ਹੀ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿ ਰਾਇ ਸਾਹਿਬ ਤੇ ਅੱਠਵੇਂ ਪਾਤਸ਼ਾਹ ਦਾ ਪ੍ਰਕਾਸ਼ (ਆਗਮਨ) ਹੋਇਆ।

☛ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਨੇ ਇੱਥੇ ਹੀ ਸ੍ਰੀ ਕੋਟ ਸਾਹਿਬ ਦਾ ਨਿਰਮਾਣ ਕਰਵਾਇਆ। ਇੱਥੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਤਰ੍ਹਾਂ ਫੈਸਲੇ ਕੀਤੇ ਜਾਂਦੇ ਹਨ।

☛ ਇਤਿਹਾਸਕ ਸਰੋਤਾਂ ਮੁਤਾਬਕ ਛੇਵੇਂ ਪਾਤਸ਼ਾਹ ਦੇ ਦਰਸ਼ਨਾਂ ਲਈ ਬਾਬਾ ਸ੍ਰੀ ਚੰਦ ਸਾਹਿਬ ਇੱਥੇ ਪਧਾਰੇ। ਬਿਰਧ ਅਵਸਥਾ ਹੋਣ ਕਰਕੇ ਆਪਣੇ ਸਪੁੱਤਰਾਂ ਵਿੱਚੋਂ ਇੱਕ ਸਪੁੱਤਰ ਨੂੰ ਉਦਾਸੀਨ ਸੰਪਰਦਾ ਦੀ ਸੇਵਾ ਸੰਭਾਲਣ ਲਈ ਬੇਨਤੀ ਕੀਤੀ। ਬਾਬਾ ਗੁਰਦਿੱਤਾ ਸਾਹਿਬ ਦੀ ਚੋਣ ਕਰਕੇ ਉਦਾਸੀਨ ਸੰਪਰਦਾ ਨਿਕਟ ਭਵਿੱਖ ਦੇ ਮੁਖੀ ਬਣਾਇਆ ਗਿਆ।

☛ ਪੁਰਾਤਨ ਬਾਉਲੀ ਛੇਵੇਂ ਪਾਤਸ਼ਾਹ ਦੇ ਸਮੇਂ ਇਸੇ ਮਿਲਣੀ ਦੇ ਸਤਿਕਾਰ ਵਜੋਂ ਉਸਾਰੀ ਗਈ।

☛ ਛੇਵੇਂ ਪਾਤਸ਼ਾਹ ਵੱਲੋਂ ਤੀਰ ਛੱਡ ਕੇ ਗੁ. ਪਤਾਲਪੁਰੀ ਸਾਹਿਬ ਦੀ ਨਿਸ਼ਾਨਦੇਹੀ ਕੀਤੀ ਗਈ। ਗੁਰੂ ਸਾਹਿਬ ਜੀ ਦਾ ਅੰਤਿਮ ਸੰਸਕਾਰ ਵੀ ਇੱਥੇ ਹੀ ਕੀਤਾ ਗਿਆ।

☛ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿ ਰਾਇ ਸਾਹਿਬ ਨੇ ਲੱਖਾ ਬਾਗ ਵੀ ਇੱਥੇ ਹੀ ਸਥਾਪਿਤ ਕੀਤਾ, ਜਿਸ ਦੀਆਂ ਜੜ੍ਹੀਆਂ ਬੂਟੀਆਂ ਨਾਲ ਦਵਾਈਆਂ ਤਿਆਰ ਕੀਤੀਆਂ ਜਾਂਦੀਆਂ ਸਨ।

☛ ਦਾਰਾ ਸ਼ਿਕੋਹ ਦਾ ਇਲਾਜ ਵੀ ਇੱਥੇ ਹੀ ਹੋਇਆ।

☛ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਤੋਂ ਬਾਅਤ ਭਾਈ ਜੈਤਾ ਜੀ (ਭਾਈ ਜੀਵਨ ਸਿੰਘ ਜੀ), ਸ੍ਰੀ ਗੁਰੂ ਸਾਹਿਬ ਦਾ ਪਾਵਨ ਸੀਸ ਕੀਰਤਪੁਰ ਸਾਹਿਬ ਲੈ ਕੇ ਪੁੱਜੇ। ਇਸ ਅਸਥਾਨ ਦਾ ਨਾਂਅ ਗੁਰਦੁਆਰਾ ਬਿਬਾਣਗੜ੍ਹ ਸਾਹਿਬ ਹੈ।

☛ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਸਮੇਂ-ਸਮੇਂ ਇਸ ਪਾਵਨ ਧਰਤੀ 'ਤੇ ਪੁੱਜਦੇ ਰਹੇ।

☛ ਜਿਨ੍ਹਾਂ ਅਸਥਾਨਾਂ 'ਤੇ ਗੁਰੂ ਸਾਹਿਬਾਨ ਨੇ ਚਰਨ ਪਾਏ, ਉਨ੍ਹਾਂ ਉਪਰ 22 ਗੁਰਦੁਆਰਾ ਸਾਹਿਬਾਨ ਮੌਜੂਦ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

## ਭਾਰਤ ਦੇਸ਼ ਦੀ ਇਹ ਬਦਨਸੀਬੀ ਹੈ ਕਿ ਅੱਜ ਦੇਸ਼ ਦੇ ਮੁਖੀਆ ਧਾਰਮਿਕ ਮਸਲਿਆਂ ਨੂੰ ਅੱਗੇ ਰੱਖ ਕੇ ਲੋਕਾਂ ਦਾ ਧਿਆਨ ਅਸਲ ਸਮੱਸਿਆਵਾਂ ਤੋਂ ਹਟਾ ਰਹੇ ਹਨ

ਸਤਿਕਾਰਯੋਗ ਬਹੁਜਨ ਮੂਲਨਿਵਾਸੀ ਭਰਾਵੋ ਅਤੇ ਭੈਣੋ,

ਭਾਰਤ ਦੇਸ਼ ਦੀ ਇਹ ਬਦਨਸੀਬੀ ਹੈ ਕਿ ਅੱਜ ਦੇਸ਼ ਦੇ ਮੁਖੀਆ ਧਾਰਮਿਕ ਮਸਲਿਆਂ ਨੂੰ ਅੱਗੇ ਰੱਖ ਕੇ ਲੋਕਾਂ ਦਾ ਧਿਆਨ ਅਸਲ ਸਮੱਸਿਆਵਾਂ ਤੋਂ ਹਟਾ ਰਹੇ ਹਨ। ਦੂਜੇ ਪਾਸੇ, ਗਰੀਬ ਲੋਕ ਬੇਰੋਜ਼ਗਾਰੀ, ਮਹਿੰਗਾਈ ਅਤੇ ਅਸੁਰੱਖਿਆ ਦੇ ਮਾਹੌਲ ਵਿੱਚ ਜੀ ਰਹੇ ਹਨ।



ਦੇਸ਼ ਦੇ ਕਈ ਸਰਕਾਰੀ ਸਾਧਨ ਅਤੇ ਸੰਸਥਾਵਾਂ ਨੂੰ ਨਿੱਜੀ (ਕਾਰਪੋਰੇਟ) ਹੱਥਾਂ ਵਿੱਚ ਦਿੱਤਾ ਜਾ ਰਿਹਾ ਹੈ। ਸਿੱਖਿਆ ਦੇ ਖੇਤਰ ਵਿੱਚ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਅਧਿਆਪਕਾਂ ਦੀ ਘਾਟ ਹੈ, ਜਿਸ ਕਾਰਨ ਪੜ੍ਹਾਈ ਦਾ ਮਿਆਰ ਘਟਦਾ ਜਾ ਰਿਹਾ ਹੈ। ਜੇ ਲੋਕ ਸਿੱਖਿਆ ਪ੍ਰਾਪਤ ਨਹੀਂ ਕਰਨਗੇ, ਤਾਂ ਉਹ ਆਪਣੇ ਹੱਕਾਂ ਪ੍ਰਤੀ ਜਾਗਰੂਕ ਕਿਵੇਂ ਹੋਣਗੇ ?

ਆਵਾਜ਼ਿ ਕੌਮ AWAZE QAUM International Newspaper & WEB TV

ਸਿਹਤ ਸੇਵਾਵਾਂ ਦੀ ਹਾਲਤ ਵੀ ਚਿੰਤਾਜਨਕ ਹੈ। ਵੱਡੇ-ਵੱਡੇ ਖਰਚੇ ਮੂਰਤੀਆਂ ਅਤੇ ਪ੍ਰਤੀਕਾਂ 'ਤੇ ਕੀਤੇ ਜਾ ਰਹੇ ਹਨ, ਜਦਕਿ ਆਮ ਲੋਕ ਇਲਾਜ ਦੀ ਕਮੀ ਕਾਰਨ ਤਕਲੀਫ਼ਾਂ ਸਹਿ ਰਹੇ ਹਨ।

ਅੱਜ ਦੇ ਸਮੇਂ ਵਿੱਚ ਦੇਸ਼ ਦੀ ਅੰਤਰਰਾਸ਼ਟਰੀ ਸਾਖ 'ਤੇ ਵੀ ਸਵਾਲ ਉੱਠ ਰਹੇ ਹਨ। ਵਿਸ਼ਵ ਪੱਧਰ 'ਤੇ ਹੋ ਰਹੀਆਂ ਘਟਨਾਵਾਂ ਵਿੱਚ ਗਲਤ ਫੈਸਲੇ ਦੇਸ਼ ਲਈ ਭਵਿੱਖ ਵਿੱਚ ਚੁਣੌਤੀ ਬਣ ਸਕਦੇ ਹਨ। ਲੋਕ ਹੁਣ ਮਹਿਸੂਸ ਕਰਨ ਲੱਗੇ ਹਨ ਕਿ ਦੇਸ਼ ਦਾ ਸ਼ਾਸਨ ਸੰਵਿਧਾਨ ਦੀ ਆਤਮਾ ਅਨੁਸਾਰ ਨਹੀਂ ਚੱਲ ਰਿਹਾ। ਇਸ ਲਈ ਬਦਲਾਅ ਦੀ ਲੋੜ ਹੈ।

ਬਹੁਜਨ ਸਮਾਜ ਪਾਰਟੀ ਦਾ ਮਤ ਹੈ ਕਿ ਜੇ ਸਰਕਾਰ ਲੋਕਾਂ ਦੀ ਭਲਾਈ ਲਈ ਕੰਮ ਨਹੀਂ ਕਰਦੀ, ਤਾਂ ਉਸਨੂੰ ਬਦਲਣਾ ਚਾਹੀਦਾ ਹੈ। ਭਾਰਤ ਦੇ ਨਾਗਰਿਕ ਹੁਣ ਹੋਰ ਸਮੇਂ ਲਈ ਭਰਮਿਤ ਨਹੀਂ ਰਹਿਣਗੇ।

ਇੱਕ ਮੌਕਾ ਬਹੁਜਨ ਸਮਾਜ ਪਾਰਟੀ ਨੂੰ ਦੇ ਕੇ, ਭਾਰਤੀ ਸੰਵਿਧਾਨ ਦੇ ਅਸੂਲਾਂ—ਸਮਾਨਤਾ, ਆਜ਼ਾਦੀ ਅਤੇ ਨਿਆਂ—ਨੂੰ ਪੂਰੀ ਤਰ੍ਹਾਂ ਲਾਗੂ ਕੀਤਾ ਜਾ ਸਕਦਾ ਹੈ, ਤਾਂ ਜੋ ਦੇਸ਼ ਨੂੰ ਮੁੜ ਤਰੱਕੀ ਦੇ ਰਾਹ 'ਤੇ ਲਿਆਂਦਾ ਜਾ ਸਕੇ। ਜੈ ਭੀਮ, ਜੈ ਭਾਰਤ, ਜੈ ਸੰਵਿਧਾਨ

— ਡਾ. ਜਗਜੀਵਨ ਸਿੰਘ, ਪ੍ਰਧਾਨ, ਮਾਤਾ ਚੰਦ ਕੌਰ ਯਾਦਗਾਰੀ ਟਰਸਟ (ਰਜਿ.) ਜ਼ਿਲ੍ਹਾ ਸੰਗਰੂਰ, ਪੰਜਾਬ

## ਦਿੱਲੀ ਕਮੇਟੀ ਪ੍ਰਬੰਧਕਾਂ ਵਲੋਂ ਮੌਜੂਦਾ ਐਕਟ ਅਤੇ ਨਿਯਮਾਂ ਨੂੰ ਛਿੱਕੇ ਟੰਗ ਕੇ ਫੈਸਲੇ ਲੈਣ ਕਰਕੇ ਅਸਤੀਫੇ ਦੀ ਮੰਗ: ਪਰਮਜੀਤ ਸਿੰਘ ਵੀਰਜੀ

### ਅਦਾਲਤ ਅੰਦਰ ਕਾਨੂੰਨੀ ਦਾਵਪੇਚਾਂ ਵਿਚ ਲਗਾਤਾਰ ਨਾਕਾਮਯਾਬੀ ਉਨ੍ਹਾਂ ਦੀ ਪ੍ਰਬੰਧਕੀ ਅਸਫਲਤਾ

ਨਵੀਂ ਦਿੱਲੀ 30 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਦੀ ਇਕ ਅਦਾਲਤ ਅੰਦਰ ਬੀਤੇ ਦਿਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਕਾਨੂੰਨੀ ਦਾਵਪੇਚਾਂ ਵਿੱਚ ਮੁੜ ਨਾਕਾਮਯਾਬ ਹੋਈ ਹੈ ਜਿਸ ਦਾ ਮੁੱਖ ਆਧਾਰ ਕਾਨੂੰਨੀ ਪ੍ਰਕਿਰਿਆਵਾਂ ਦੀ ਉਲੰਘਣਾ ਹੈ। ਜਿਸ ਨਾਲ ਇਹ ਸਾਬਿਤ ਹੁੰਦਾ ਹੈ ਕਿ ਕਮੇਟੀ ਮੌਜੂਦਾ ਐਕਟ ਅਤੇ ਨਿਯਮਾਂ ਨੂੰ ਛਿੱਕੇ ਟੰਗ ਕੇ ਫੈਸਲੇ ਲੈਂਦੀ ਹੈ ਜਿਸ ਨਾਲ ਕੌਮ ਨੂੰ ਵਾਰ ਵਾਰ ਵਡੀ ਨਮੋਸ਼ੀ ਦਾ ਸਾਹਮਣਾ ਕਰਣਾ ਪੈਂਦਾ ਹੈ । ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਗੁਰੂਬਾਣੀ ਰਿਸਰਚ ਫਾਉਂਡੇਸ਼ਨ ਦੇ ਮੁੱਖੀ ਅਤੇ ਦਿੱਲੀ ਕਮੇਟੀ ਦੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਕੋ ਚੇਅਰਮੈਨ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਦਿੱਲੀ ਹਾਈ ਕੋਰਟ ਨੇ ਕਮੇਟੀ ਦੇ ਪ੍ਰਧਾਨ ਅਤੇ ਜਨਰਲ ਸਕੱਤਰ ਨੂੰ ਅਦਾਲਤੀ ਹੁਕਮਾਂ ਦੀ "ਜਾਣਬੁੱਝ ਕੇ ਉਲੰਘਣਾ" ਕਰਨ ਦਾ ਦੋਸ਼ੀ ਪਾਇਆ ਹੈ। ਬੀਤੇ ਦਿਨ ਅਦਾਲਤੀ ਸੁਣਵਾਈ ਉਪਰੰਤ ਕਮੇਟੀ ਦੀ ਜਾਇਦਾਦਾ ਨੂੰ ਕੁਰਕ ਹੋਣ ਖਤਰਾ ਪੈਦਾ ਹੋ ਗਿਆ ਹੈ ਕਿਉਕਿ ਕਮੇਟੀ ਦੀਆਂ ਅਸਫਲਤਾਵਾਂ ਕਾਰਨ ਅਦਾਲਤ ਨੇ ਦਿੱਲੀ ਅਤੇ ਹਰਿਆਣਾ ਵਿੱਚ ਕਮੇਟੀ ਦੀਆਂ ਜਾਇਦਾਦਾਂ ਨੂੰ ਵੇਚਣ ਜਾਂ ਤੀਜੀ ਧਿਰ ਨੂੰ ਦੇਣ 'ਤੇ ਰੋਕ ਲਗਾ ਦਿੱਤੀ ਹੈ ਤਾਂ ਜੋ ਅਧਿਆਪਕਾਂ ਦੇ ਬਕਾਏ (ਲਗਭਗ ?400 ਕਰੋੜ) ਦੀ ਵਸੂਲੀ ਕੀਤੀ ਜਾ ਸਕੇ। ਅਧਿਆਪਕਾਂ ਦੇ ਬਕਾਏ ਮਾਮਲੇ ਵਿਚ ਅਦਾਲਤ ਨੇ ਕਿਹਾ ਕਿ ਵਾਰ-ਵਾਰ ਭਰੋਸਾ ਦੇਣ ਦੇ ਬਾਵਜੂਦ ਕਮੇਟੀ ਨੇ ਅਧਿਆਪਕਾਂ ਦੀਆਂ ਤਨਖਾਹਾਂ ਅਤੇ ਬਕਾਏ ਅਦਾ ਨਹੀਂ ਕੀਤੇ। ਦਿੱਲੀ ਹਾਈ ਕੋਰਟ ਅਨੁਸਾਰ, ਤਨਖਾਹਾਂ ਦੇਣ ਵਿੱਚ ਅਸਮਰੱਥਾ ਸਕੂਲਾਂ ਅਤੇ ਕਮੇਟੀ ਦੇ ਮਾਮਲਿਆਂ ਵਿੱਚ "ਭਾਰੀ ਕੁਸ਼ਾਸਨ" ਨੂੰ ਦਰਸਾਉਂਦੀ ਹੈ। ਇਸ ਲਈ ਅਦਾਲਤ ਨੇ ਕਮੇਟੀ ਵਲੋਂ ਦਿੱਤੇ ਗਏ ਐਮਓਯੂ ਨੂੰ ਖਾਰਿਜ ਕਰ ਦਿੱਤਾ ਹੈ ਕਿਉਕਿ ਉਨ੍ਹਾਂ ਕੋਲ ਅਧਿਆਪਕਾ ਨੂੰ ਬਕਾਇਆ ਦੇਣ ਲਈ ਮਜਬੂਤ ਤਥਾਂ ਤੇ ਅਧਾਰਿਤ ਕੋਈ ਸਪਸ਼ਟ ਰੋਡ ਮੈਪ ਨਹੀਂ ਹੈ। ਅਦਾਲਤ ਨੇ ਬੀਤੀ ਸੁਣਵਾਈਆਂ ਦੌਰਾਨ ਇਹ ਵੀ ਕਿਹਾ ਸੀ ਕਿ ਜਦੋਂ ਵਿਦਿਆਰਥੀਆਂ ਤੋਂ ਫੀਸਾਂ ਲਈਆਂ ਜਾ ਰਹੀਆਂ ਹਨ, ਤਾਂ ਤਨਖਾਹਾਂ ਨਾ ਦੇਣ ਦਾ ਕੋਈ ਜਾਇਜ਼ ਕਾਰਨ ਨਹੀਂ ਹੋ ਸਕਦਾ। ਇਕ ਅਦਾਲਤੀ ਸੁਣਵਾਈ ਦੌਰਾਨ ਸਖ਼ਤ ਲਹਿਜੇ ਵਿੱਚ ਕਿਹਾ ਗਿਆ ਕਿ ਸਿੱਖ ਧਰਮ ਉਦਾਰਤਾ ਅਤੇ ਇਮਾਨਦਾਰੀ ਸਿਖਾਉਂਦਾ ਹੈ, ਪਰ ਕਮੇਟੀ ਆਪਣੇ ਹੀ ਅਧਿਆਪਕਾਂ ਨਾਲ ਬੁਰਾ ਸਲੂਕ ਕਰ ਰਹੀ ਹੈ। ਅਦਾਲਤ ਨੇ ਇਹ ਟਿੱਪਣੀ ਵੀ ਕੀਤੀ ਹੈ ਕਿ "ਸਿੱਖ ਧਰਮ ਉਦਾਰਤਾ ਦਾ ਪ੍ਰਚਾਰ ਕਰਦਾ ਹੈ÷, ਇਸ ਲਈ ਇਹ ਕਹਿੰਦੇ ਹੋਏ ਕਿ ਇਹ ਬਹੁਤ ਅਫਸੋਸਜਨਕ ਹੈ ਕਿ ਇੱਕ ਸੰਸਥਾ ਜੋ ਉਦਾਰਤਾ ਅਤੇ ਦਾਨ ਸਿਖਾਉਂਦੀ ਹੈ, ਆਪਣੇ ਕਰਮਚਾਰੀਆਂ ਨੂੰ ਤਨਖਾਹ ਨਹੀਂ ਦੇ ਸਕਦੀ, ਕਿਉਕਿ "ਦਾਨ ਘਰ ਤੋਂ ਸ਼ੁਰੂ ਹੁੰਦਾ ਹੈ" ਅਤੇ ਇਹ ਵੀ ਉਜਾਗਰ ਕੀਤਾ ਕਿ ਕਮੇਟੀ ਨੇ ਬਕਾਏ ਦਾ ਭੁਗਤਾਨ ਕਰਨ ਲਈ ਕਈ ਵਾਅਦੇ ਤੋੜੇ ਹਨ । ਇਸ ਲਈ ਦਿੱਲੀ ਹਾਈ ਕੋਰਟ ਨੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਉੱਚ ਅਧਿਕਾਰੀਆਂ ਨੂੰ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਸਟਾਫ਼ ਅਤੇ ਅਧਿਆਪਕਾਂ ਨੂੰ ਤਨਖਾਹਾਂ ਅਤੇ ਬਕਾਏ ਦਾ ਭੁਗਤਾਨ ਕਰਨ ਵਿੱਚ ਅਸਫਲ ਰਹਿਣ ਲਈ ਮਾਣਹਾਨੀ ਦਾ ਦੋਸ਼ੀ ਠਹਿਰਾਇਆ ਹੈ । ਇਸੇ ਤਰ੍ਹਾਂ ਸਾਬਕਾ ਪ੍ਰਧਾਨਾਂ ਪਰਮਜੀਤ ਸਿੰਘ ਸਰਨਾ ਅਤੇ ਮਨਜੀਤ ਸਿੰਘ ਜੀ.ਕੇ. ਦੀ ਮੈਂਬਰਸ਼ਿਪ ਖਾਰਜ ਕਰਨ ਦੇ ਫੈਸਲੇ ਨੂੰ ਅਦਾਲਤੀ ਚੁਣੌਤੀਆਂ ਦਾ ਸਾਹਮਣਾ ਕਰਨਾ ਪਿਆ ਕਿਉਂਕਿ ਕਥਿਤ ਤੌਰ 'ਤੇ ਇਹ ਪ੍ਰਕਿਰਿਆ ਦਿੱਲੀ ਗੁਰਦੁਆਰਾ ਐਕਟ ਦੇ ਅਨੁਸਾਰ ਨਹੀਂ ਸੀ। ਉਨ੍ਹਾਂ ਕਿਹਾ ਕਿ ਮੌਜੂਦਾ ਪ੍ਰਬੰਧਕਾਂ ਦੇ ਕੰਮਕਾਜ ਵਿੱਚ ਸਰਕਾਰੀ ਦਖਲਅੰਦਾਜ਼ੀ ਵੱਧ ਗਈ ਹੈ, ਜਿਸ ਨਾਲ ਕਮੇਟੀ ਅਤੇ ਸਿੱਖ ਸੰਸਥਾਵਾਂ ਦੀ ਖੁਦਮੁਖਤਿਆਰੀ ਖਤਰੇ ਵਿੱਚ ਹੈ। ਅੰਤ ਵਿਚ ਉਨ੍ਹਾਂ ਕਿਹਾ ਕਿ ਇੰਨ੍ਹਾ ਹਾਲਾਤਾਂ ਨੂੰ ਦੇਖਦਿਆਂ ਕਮੇਟੀ ਪ੍ਰਧਾਨ ਅਤੇ ਸਕੱਤਰ ਨੂੰ ਆਪਣੇ ਅਹੁਦਿਆਂ ਤੇ ਬਣੇ ਰਹਿਣ ਦਾ ਕੋਈ ਅਧਿਕਾਰ ਨਹੀਂ ਰਹਿ ਜਾਂਦਾ ਹੈ ਇਸ ਲਈ ਉਨ੍ਹਾਂ ਨੂੰ ਤੁਰੰਤ ਆਪਣੇ ਅਹੁਦਿਆਂ ਤੋਂ ਅਸਤੀਫ਼ਾ ਦੇ ਦੇਣਾ ਚਾਹੀਦਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਅਕਾਲ ਯੂਨੀਵਰਸਿਟੀ ਦੇ ਵਿਦਿਆਰਥੀਆਂ ਵੱਲੋਂ

# ਕੀਰਤਨ ਤੇ ਅਰਦਾਸ ਸਮਾਗਮ ਦਾ ਆਯੋਜਨ





**ਤਲਵੰਡੀ ਸਾਬੋ, 30 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਅਕਾਲ ਯੂਨੀਵਰਸਿਟੀ ਅਕਾਦਮਿਕ, ਨੈਤਿਕ, ਸਮਾਜਿਕ ਆਦਿ ਵੱਖ-ਵੱਖ ਖੇਤਰਾਂ ਵਿਚ ਆਪਣੀਆਂ ਖ਼ਾਸ ਪ੍ਰਾਪਤੀਆਂ ਸਦਕਾ ਮਾਲਵਾ ਖੇਤਰ ਦੀ ਇਕ ਨਾਮਵਰ ਵਿੱਦਿਅਕ ਸੰਸਥਾ ਵੱਜੋਂ ਪਛਾਣ ਬਣਾ ਚੁਕੀ ਹੈ। ਵਰਤਮਾਨ ਚਲ ਰਹੇ ਸੈਸ਼ਨ ਵਿਚ ਵਿਦਿਆਰਥੀਆਂ ਦੀਆਂ ਕਲਾਸਾਂ ਮਈ ਦੇ ਪਹਿਲੇ ਹਫਤੇ ਵਿਚ ਖਤਮ ਹੋ ਜਾਣੀਆਂ ਹਨ। ਉਪਰੰਤ 12 ਮਈ ਤੋਂ ਸਮੈਸਟਰ ਪ੍ਰੀਖਿਆਵਾਂ ਸ਼ੁਰੂ ਹੋਣੀਆਂ ਹਨ। ਇਸ ਮੌਕੇ ਸਰਵਪੱਖੀ ਵਿਕਾਸ ਦੇ ਆਪਣੇ ਮਿਸ਼ਨ ਦੇ ਤਹਿਤ ਅਕਾਲ ਯੂਨੀਵਰਸਿਟੀ ਵਿਚ ਇਕ ਕੀਰਤਨ ਤੇ ਅਰਦਾਸ ਸਮਾਗਮ ਉਲੀਕਿਆ ਗਿਆ, ਜਿਸ ਵਿਚ ਦੋ ਦਿਨ ਤੋਂ ਜਾਰੀ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਹ ਸਮਾਗਮ ਸਮੂਹ ਵਿਦਿਆਰਥੀਆਂ ਵੱਲੋਂ ਡੀਨ ਵਿਦਿਆਰਥੀ ਭਲਾਈ ਡਾ. ਜਨਪ੍ਰੀਤ ਸਿੰਘ ਦੀ ਅਗਵਾਈ ਵਿਚ ਆਯੋਜਿਤ ਕੀਤਾ ਗਿਆ।ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਅਕਾਲ ਪੁਰਖ ਅੱਗੇ ਪ੍ਰੀਖਿਆਵਾਂ ਵਿਚ ਸਫਲਤਾ, ਸਦਾ ਚੜਦੀਕਲਾ ਵਿਚ ਰਹਿਣ ਅਤੇ ਵਿੱਦਿਆ ਦਾ ਦਾਨ ਗ੍ਰਹਿਣ ਕਰਨ ਲਈ ਅਰਦਾਸ ਕਰਦਿਆਂ ਗੁਰਮਤਿ ਸਮਾਗਮ ਵਿਚ ਹਿੱਸਾ ਲਿਆ। ਸਮਾਗਮ ਵਿਚ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਜਿੱਥੇ ਸ਼ਬਦ ਕੀਰਤਨ ਕੀਤਾ, ਉੱਥੇ ਕਵਿਤਾ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਵੀ ਸਾਂਝੀਆਂ ਕੀਤੀਆਂ।ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ ਨੇ ਮੰਚ ਤੋਂ ਗੁਰਮਤਿ ਉਪਦੇਸ਼ਾਂ ਵਾਲੀਆਂ ਸਾਖੀਆਂ ਵੀ ਪੇਸ਼ ਕੀਤੀਆਂ।ਹਾਜ਼ਰੀਨ ਨੇ ਬੜੀ ਸ਼ਰਧਾ ਨਾਲ ਗੁਰ ਦਰਬਾਦ ਵਿਚ ਕੀਰਤਨ ਦਾ ਆਨੰਦ ਮਾਣਿਆ। ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋਫ਼ੈਸਰ ਗੁਰਮੇਲ ਸਿੰਘ ਨੇ ਵਿਦਿਆਰਥੀਆਂ ਨੂੰ ਜ਼ਿੰਦਗੀ ਵਿਚ ਸਫਲ ਹੋਣ ਲਈ ਆਪਣੇ ਭਵਿੱਖ ਦੀ ਯੋਜਨਾਬੰਦੀ ਕਰਨ ਲਈ ਪ੍ਰੇਰਿਤ ਕੀਤਾ। ਉਹਨਾਂ ਨੇ ਵਿਦਿਆਰਥੀਆਂ ਨਾਲ ਗੁਰੂ ਸਾਹਿਬਾਨਾਂ ਤੇ ਗੁਰਮੁਖ ਸ਼ਖ਼ਸੀਅਤਾਂ ਦੇ ਸੰਘਰਸ਼ਮਈ ਜੀਵਨ ਦੇ ਅਨੁਭਵ ਸਾਂਝੇ ਕਰਦਿਆਂ ਇਕ ਰੋਚਕ ਸੰਵਾਦ ਰਚਾਇਆ। ਉਹਨਾਂ ਨੇ ਸਮੂਹ ਵਿਦਿਆਰਥੀਆਂ ਨੂੰ ਹੋਣ ਜਾ ਰਹੀਆਂ ਪ੍ਰੀਖਿਆਵਾਂ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਤੋਂ ਇਲਾਵਾ ਡੀਨ ਵਿਦਿਆਰਥੀ ਭਲਾਈ ਡਾ. ਜਨਪ੍ਰੀਤ ਸਿੰਘ ਵੀ ਵਿਦਿਆਰਥੀਆਂ ਨੂੰ ਮੁਖਾਤਿਬ ਹੋਏ ਅਤੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਉਹਨਾਂ ਨੇ ਵਿਦਿਆਰਥੀਆਂ ਨੂੰ ਪ੍ਰੀਖਿਆਂ ਸੰਬੰਧੀ ਧਿਆਨ ਵਿਚ ਰੱਖਣਯੋਗ ਮਹੱਤਵਪੂਰਨ ਨੁਕਤੇ ਵੀ ਦੱਸੇ। ਇਸ ਮੌਕੇ ਡੀਨ ਅਕਾਦਮਿਕ ਮਾਮਲੇ ਮੇਜਰ ਜਨਰਲ ਡਾ. ਗੁਰਚਰਨ ਸਿੰਘ ਲਾਂਬਾ, ਰਜਿਸਟਰਾਰ ਡਾ. ਸਵਰਨ ਸਿੰਘ, ਵੱਖ-ਵੱਖ ਵਿਭਾਗਾਂ ਦੇ ਮੁਖੀ, ਅਧਿਆਪਕ ਅਤੇ ਵਿਦਿਆਰਥੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿਚ ਨਤਮਸਤਕ ਹੋਏ।



### ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ ਮਜ਼ਦੂਰ ਦਿਵਸ ਨੂੰ ਮੁੱਖ ਰੱਖਦਿਆਂ

# ਵਿਸ਼ੇਸ਼ ਅਸੈਂਬਲੀ ਰਾਹੀਂ ਮਿਹਨਤ ਅਤੇ ਸਮਾਨਤਾ ਦਾ ਦਿੱਤਾ ਸੰਦੇਸ਼




**ਬਿਲਾਸਪੁਰ/ ਮੋਗਾ (ਵਰਿਆਮ ਹਠੂਰ)**-ਜਿਲ੍ਹਾ ਮੋਗਾ ਦੇ ਪਿੰਡ ਬਿਲਾਸਪੁਰ ਵਿਖੇ ਸਥਿੱਤ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਜੋ ਕਿ ਵਿੱਦਿਆ ਦੇ ਖੇਤਰ ਵਿੱਚ ਇੱਕ ਮੋਹਰੀ ਸੰਸਥਾ ਹੈ ਉੱਥੇ ਹਮੇਸ਼ਾ ਹੀ ਵਿਦਿਆਰਥੀਆਂ ਦੇ ਵਿੱਦਿਅਕ ਮਿਆਰ ਨੂੰ ਉੱਚਾ ਚੁੱਕਣ ਦੇ ਨਾਲ ਨਾਲ ਉਹਨਾਂ ਨੂੰ ਇੱਕ ਜਿੰਮੇਵਾਰ ਨਾਗਰਿਕ ਬਣਾਉਣ ਲਈ ਵੱਖ-ਵੱਖ ਤਰ੍ਹਾਂ ਦੀਆਂ ਗਤੀਵਿਧੀਆਂ ਵਿੱਚ ਉਹਨਾਂ ਦੀ ਭਾਗੇਦਾਰੀ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾਂਦੀ ਹੈ ਤਾਂ ਜੋ ਇੱਕ ਅਨੁਸ਼ਾਸਿਤ ਸਮਾਜ ਦੀ ਸਿਰਜਨਾ ਹੋ ਸਕੇ। ਇਸੇ ਹੀ ਗੱਲ ਨੂੰ ਲੈਕੇ ਮਜ਼ਦੂਰ ਦਿਵਸ ਨੂੰ ਮੁੱਖ ਰੱਖਦਿਆਂ ਸਪੈਸ਼ਲ ਅਸੈਂਬਲੀ ਦਾ ਆਯੋਜਨ ਕੀਤਾ ਗਿਆ। ਅਸੈਂਬਲੀ ਦੀ ਸ਼ੁਰੂਆਤ ਪ੍ਰਾਰਥਨਾ ਨਾਲ ਹੋਈ ਜਿਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਮਜ਼ਦੂਰ ਦਿਵਸ ਦੀ ਮਹੱਤਤਾ ਬਾਰੇ ਵਿਚਾਰ ਪੇਸ਼ ਕੀਤੇ ਗਏ ਅਧਿਆਪਕ ਦੁਆਰਾ ਭਾਸ਼ਣ ਰਾਹੀਂ ਮਿਹਨਤ ਦੀ ਮਹੱਤਤਾ ਅਤੇ ਮਜ਼ਦੂਰਾਂ ਦੇ ਯੋਗਦਾਨ ਨੂੰ ਉਜਾਗਰ ਕੀਤਾ ਗਿਆ। ਇਸ ਮੌਕੇ ਸਕੂਲ ਦੇ ਸਹਾਇਕ ਸਟਾਫ ਬਾਰੇ ਵਿਸ਼ੇਸ਼ ਤੌਰ ਤੇ ਚਰਚਾ ਕੀਤੀ ਗਈ।ਉਹਨਾਂ ਦੀ ਸੇਵਾ ਲਈ ਧੰਨਵਾਦ ਪ੍ਰਗਟਾਇਆ ਗਿਆ। ਸਕੂਲ ਪ੍ਰਿੰਸੀਪਲ ਕੁੰਜੂਮੋਲ ਜੋਆਏ ਤੇ ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਮਿਹਨਤ ਦੀ ਕਦਰ ਕਰਨ ਅਤੇ ਕੰਮ ਕਰਨ ਵਾਲੇ ਦੀ ਇੱਜਤ ਕਰਨ ਦਾ ਸੰਦੇਸ਼ ਦਿੱਤਾ। ਇਸ ਮੌਕੇ ਤੇ ਮੌਜੂਦ ਸਕੂਲ ਪ੍ਰਧਾਨ ਸਮਾਜ ਸੇਵੀ ਚਰਨ ਸਿੰਘ ਸਕੂਲ ਚੇਅਰਮੈਨ ਯੋਗਿੰਦਰ ਪ੍ਰਸਾਦ ਸ਼ਰਮਾ ਨੇ ਕਿਹਾ ਕਿ ਮਜ਼ਦੂਰ ਸਾਡੇ ਸਮਾਜ ਦੀ ਰੀੜ ਦੀ ਹੱਡੀ ਹਨ ਅਤੇ ਸਾਨੂੰ ਉਹਨਾਂ ਦੇ ਯੋਗਦਾਨ ਨੂੰ ਕਦੇ ਨਹੀਂ ਭੁੱਲਣਾ ਚਾਹੀਦਾ। ਇਸ ਮੌਕੇ ਸਕੂਲ ਸਟਾਫ ਅਤੇ ਬੱਚੇ ਹਾਜਰ ਸਨ।

# ਪੰਚਾਇਤਾਂ, ਧਾਰਮਿਕ ਜਥੇਬੰਦੀਆਂ ਅਤੇ ਵਿਦਿਆਰਥੀ ਸੰਸਥਾਵਾਂ ਪੰਜਾਬੀ ਮਾਤ-ਭਾਸ਼ਾ ਲਿਖਵਾਉਣ ਲਈ ਘਰ-ਘਰ ਮੁਹਿੰਮ ਚਲਾਉਣ

**☛ ਜਨਗਣਨਾ ਦੌਰਾਨ ਹਰ ਘਰ ਦੇ ਬੱਚੇ ਤੋਂ ਲੈ ਕੇ ਬਜ਼ੁਰਗ ਤੱਕ ਸਾਰਿਆਂ ਦੀ ਗਿਣਤੀ 'ਪੰਜਾਬੀ' ਵਜੋਂ ਦਰਜ ਕਰਵਾਉਣਾ ਸਾਡਾ ਕੌਮੀ ਫ਼ਰਜ਼ ☛ ਜਨਗਣਨਾ ਦੌਰਾਨ ਸਮੂਹ 'ਸਿੰਘ' ਅਤੇ 'ਕੌਰ' ਆਪਣੇ ਧਰਮ ਦੇ ਖਾਨੇ ਵਿੱਚ 'ਸਿੱਖ' ਹੋਣਾ ਜ਼ਰੂਰ ਦਰਜ ਕਰਵਾਉਣ: ਕਰਨੈਲ ਸਿੰਘ ਪੀਰ ਮੁਹੰਮਦ**



**ਚੰਡੀਗੜ੍ਹ, 30 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰਸੁਰਜੀਤ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਰਪ੍ਰਸਤ ਸ੍ਰ. ਕਰਨੈਲ ਸਿੰਘ ਪੀਰ ਮੁਹੰਮਦ ਨੇ ਦੇਸ਼ ਵਿੱਚ ਹੋ ਰਹੀ ਮਰਦਮਸ਼ੁਮਾਰੀ (ਜਨਗਣਨਾ) ਦੇ ਮੱਦੇਨਜ਼ਰ ਸਮੂਹ ਪੰਜਾਬੀ ਜਗਤ ਅਤੇ ਸਿੱਖ ਕੌਮ ਨੂੰ ਇੱਕ ਬਹੁਤ ਹੀ ਅਹਿਮ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਜਨਗਣਨਾ ਸਾਡੀ ਧਾਰਮਿਕ ਅਤੇ ਭਾਸ਼ਾਈ ਹੋਂਦ ਨੂੰ ਸੰਵਿਧਾਨਕ ਤੌਰ 'ਤੇ ਮਜ਼ਬੂਤ ਕਰਨ ਦਾ ਵੱਡਾ ਮੌਕਾ ਹੈ। ਸ੍ਰ. ਪੀਰ ਮੁਹੰਮਦ ਨੇ ਵਿਸ਼ੇਸ਼ ਤੌਰ 'ਤੇ ਕਿਹਾ ਕਿ ਸਮੂਹ ਸਿੰਘ ਅਤੇ ਕੌਰ ਆਪਣੀ ਧਾਰਮਿਕ ਪਛਾਣ ਪ੍ਰਤੀ ਸੁਚੇਤ ਰਹਿਣ। ਉਨ੍ਹਾਂ ਅਪੀਲ ਕੀਤੀ ਕਿ: ਜਨਗਣਨਾ ਦੌਰਾਨ ਜਦੋਂ ਧਰਮ ਬਾਰੇ ਪੁੱਛਿਆ ਜਾਵੇ, ਤਾਂ ਹਰ ਸਿੱਖ ਪਰਿਵਾਰ ਇਹ ਯਕੀਨੀ ਬਣਾਏ ਕਿ ਉਨ੍ਹਾਂ ਦੇ ਧਰਮ ਦੇ ਖਾਨੇ ਵਿੱਚ ਸਪੱਸ਼ਟ ਤੌਰ 'ਤੇ 'ਸਿੱਖ' ਦਰਜ ਕੀਤਾ ਗਿਆ ਹੈ। ਇਹ ਸਾਡੀ ਗਿਣਤੀ ਅਤੇ ਕੌਮੀ ਤਾਕਤ ਨੂੰ ਦਰਸਾਉਣ ਲਈ ਅਤਿ ਲੋੜੀਂਦਾ ਹੈ। ਪਰਿਵਾਰ ਦੇ ਹਰ ਮੈਂਬਰ, ਚਾਹੇ ਉਹ ਨਵਜੰਮਿਆ ਬੱਚਾ ਹੋਵੇ ਜਾਂ ਬਜ਼ੁਰਗ, ਸਾਰਿਆਂ ਦਾ ਵੇਰਵਾ ਸਿੱਖ ਧਰਮ ਅਤੇ ਪੰਜਾਬੀ ਮਾਤ-ਭਾਸ਼ਾ ਵਜੋਂ ਹੀ ਦਰਜ ਹੋਣਾ ਚਾਹੀਦਾ ਹੈ। ਉਨ੍ਹਾਂ ਪਿੰਡਾਂ ਦੀਆਂ ਪੰਚਾਇਤਾਂ, ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਵਿਦਿਆਰਥੀ ਜਥੇਬੰਦੀਆਂ ਨੂੰ ਘਰ-ਘਰ ਜਾ ਕੇ ਲੋਕਾਂ ਨੂੰ ਜਾਗਰੂਕ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਸੰਸਥਾਵਾਂ ਇਹ ਯਕੀਨੀ ਬਣਾਉਣ ਕਿ ਕੋਈ ਵੀ ਸਿੱਖ ਪਰਿਵਾਰ ਜਾਣਕਾਰੀ ਦੀ ਘਾਟ ਕਾਰਨ ਆਪਣੀ ਸਹੀ ਪਛਾਣ ਦਰਜ ਕਰਵਾਉਣ ਤੋਂ ਰਹਿ ਨਾ ਜਾਵੇ। ਸ੍ਰ. ਪੀਰ ਮੁਹੰਮਦ ਨੇ ਦੱਸਿਆ ਕਿ ਜਨਗਣਨਾ ਦੇ ਅੰਕੜੇ ਹੀ ਭਵਿੱਖ ਵਿੱਚ ਸਾਡੀਆਂ ਰਾਜਨੀਤਿਕ, ਆਰਥਿਕ ਅਤੇ ਸੱਭਿਆਚਾਰਕ ਸਹੂਲਤਾਂ ਦਾ ਅਧਾਰ ਬਣਦੇ ਹਨ।ਜੇਕਰ ਅਸੀਂ ਆਪਣੀ ਅਸਲ ਗਿਣਤੀ ਦਰਜ ਕਰਵਾਉਣ ਵਿੱਚ ਅਸਫਲ ਰਹੇ, ਤਾਂ ਇਹ ਸਾਡੀਆਂ ਆਉਣ ਵਾਲੀਆਂ ਨਸਲਾਂ ਦੇ ਹੱਕਾਂ 'ਤੇ ਡਾਕਾ ਮਾਰਨ ਵਾਂਗ ਹੋਵੇਗਾ। "ਆਪਣੀ ਮਾਤ-ਭਾਸ਼ਾ 'ਪੰਜਾਬੀ' ਅਤੇ ਆਪਣਾ ਧਰਮ 'ਸਿੱਖ' ਲਿਖਵਾਉਣਾ ਸਾਡੀ ਨੈਤਿਕ ਅਤੇ ਕੌਮੀ ਜ਼ਿੰਮੇਵਾਰੀ ਹੈ। ਆਓ, ਪੂਰੇ ਉਤਸ਼ਾਹ ਨਾਲ ਇਸ ਪ੍ਰਕਿਰਿਆ ਵਿੱਚ ਭਾਗ ਲਈਏ ਅਤੇ ਆਪਣੀ ਹੋਂਦ ਦਾ ਪ੍ਰਗਟਾਵਾ ਕਰੀਏ।"

# ਐਨ. ਐਸ. ਕਿਊ. ਐਫ ਤਕਨੀਕੀ ਵਿਦਿਆ ਵਿਚਾਰੀ ਤਾਂ ਕਾਰਪੋਰੇਟ ਘਰਾਣਿਆਂ ਨੇ ਖਾ ਲਈ : ਗੁਰਪ੍ਰੀਤ ਸਿੰਘ



**ਚੌਕ ਮਹਿਤਾ, 30 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਹਰ ਸਾਲ 1 ਮਈ ਨੂੰ ਦੇਸ਼ ਅਤੇ ਦੁਨੀਆ ਵਿੱਚ ਮਜ਼ਦੂਰ ਦਿਵਸ ਮਨਾਇਆ ਜਾਂਦਾ ਹੈ। ਮਜ਼ਦੂਰਾਂ ਨੂੰ ਸਨਮਾਨਿਤ ਕਰਨ ਦੇ ਮਕਸਦ ਨਾਲ ਹਰ ਸਾਲ ਮਈ ਦਾ ਇੱਕ ਦਿਨ ਮਜ਼ਦੂਰਾ ਨੂੰ ਸਮਰਪਿਤ ਕੀਤਾ ਜਾਂਦਾ ਹੈ। ਜਿਸ ਨੂੰ ਮਜ਼ਦੂਰ ਦਿਵਸ ਅਤੇ ਮਈ ਦਿਵਸ ਵਜੋਂ ਜਾਣਿਆ ਜਾਂਦਾ ਹੈ।ਮਜ਼ਦੂਰ ਦਿਵਸ ਨਾ ਸਿਰਫ਼ ਮਜ਼ਦੂਰਾਂ ਦਾ ਸਨਮਾਨ ਕਰਨ ਦਾ ਦਿਨ ਹੈ, ਸਗੋਂ ਇਸ ਦਿਨ ਮਜ਼ਦੂਰਾਂ ਦੇ ਹੱਕਾਂ ਲਈ ਵੀ ਆਵਾਜ਼ ਬੁਲੰਦ ਕੀਤੀ ਜਾਂਦੀ ਹੈ। ਤਾਂ, ਜੋ ਉਨ੍ਹਾਂ ਨੂੰ ਬਰਾਬਰ ਦਾ ਹੱਕ ਮਿਲ ਸਕੇ। ਆਓ ਜਾਣਦੇ ਹਾਂ ਕਿ ਭਾਰਤ ਵਿੱਚ ਮਜ਼ਦੂਰ ਦਿਵਸ ਦਾ ਇਤਿਹਾਸ ਅਤੇ ਇਸ ਦਿਨ ਨੂੰ ਮਨਾਉਣ ਦਾ ਮਕਸਦ ਕੀ ਹੈ।

ਭਾਰਤ ਵਿੱਚ ਮਜ਼ਦੂਰ ਦਿਵਸ ਮਨਾਉਣ ਦੀ ਸ਼ੁਰੂਆਤ 1 ਮਈ 1923 ਨੂੰ ਚੇਨਈ ਤੋਂ ਹੋਈ ਸੀ। ਇਹ ਫੈਸਲਾ ਮਜ਼ਦੂਰ ਕਿਸਾਨ ਪਾਰਟੀ ਆਫ ਹਿੰਦੁਸਤਾਨ ਦੀ ਪ੍ਰਧਾਨਗੀ ਹੇਠ ਲਿਆ ਗਿਆ। ਇਸ ਮੀਟਿੰਗ ਨੂੰ ਕਈ ਜਥੇਬੰਦੀਆਂ ਅਤੇ ਸਮਾਜਿਕ ਪਾਰਟੀਆਂ ਦਾ ਸਮਰਥਨ ਮਿਲਿਆ। ਜੋ ਮਜ਼ਦੂਰਾਂ ਦੇ ਅੱਤਿਆਚਾਰਾਂ ਅਤੇ ਸ਼ੋਸ਼ਣ ਵਿਰੁੱਧ ਆਵਾਜ਼ ਬੁਲੰਦ ਕਰ ਰਹੇ ਸਨ।

ਅੱਜ 2026 ਚ ਅੰਤਰਰਾਸ਼ਟਰੀ ਮਜ਼ਦੂਰ ਦਿਵਸ (1 ਮਈ) ਦੇ ਮੌਕੇ 'ਤੇ, ਕੱਚੇ ਮੁਲਾਜ਼ਮਾਂ ਦੀ ਸਥਿਤੀ ਅਤੇ ਉਨ੍ਹਾਂ ਦੇ ਸੰਘਰਸ਼ 'ਤੇ ਖਾਸ ਤੌਰ 'ਤੇ ਧਿਆਨ ਦੇਣ ਦੀ ਲੋੜ ਹੈ। ਇਹ ਦਿਨ ਸਿਰਫ਼ ਮਜ਼ਦੂਰਾਂ ਦੀ ਪ੍ਰਸ਼ੰਸਾ ਕਰਨ ਦਾ ਨਹੀਂ, ਸਗੋਂ ਉਨ੍ਹਾਂ ਦੇ ਹੱਕਾਂ ਅਤੇ ਆਰਥਿਕ ਸੁਰੱਖਿਆ ਨੂੰ ਯਕੀਨੀ ਬਣਾਉਣ ਦਾ ਵੀ ਹੈ।

ਆਮ ਆਦਮੀ ਪਾਰਟੀ ਦੀ ਸਰਕਾਰ ਨੇ 2022 ਚ ਆਪਣੇ ਚੋਣ ਮਨੋਰਥ ਪੱਤਰ ਵਿੱਚ ਚੋਥੀ ਗਰੰਟੀ ਦਿੰਦੇ ਹੋਏ ਪੰਜਾਬ ਵਾਸੀਆਂ ਨਾਲ ਵਾਅਦਾ ਕੀਤਾ ਸੀ ਕਿ ਸਰਕਾਰ ਬਣਨ ਮਗਰੋਂ ਠੇਕੇਦਾਰੀ ਸਿਸਟਮ ਬੰਦ ਕਰ ਦਿੱਤਾ ਜਾਵੇਗਾ ਅਤੇ ਸਰਕਾਰ ਸਾਰੇ ਹੀ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰੇਗੀ ਪਰ ਸਰਕਾਰ ਦੇ ਚਾਰ ਸਾਲ ਦੇ ਕਾਰਜਕਾਲ ਦੌਰਾਨ ਕੱਚੇ ਮੁਲਾਜ਼ਮਾਂ ਨੂੰ ਕੁੱਝ ਨਹੀਂ ਮਿਲਿਆ ਸਗੋਂ ਇਸ ਸਰਕਾਰ ਨੇ ਠੇਕੇਦਾਰਾਂ ਰਾਹੀਂ ਹੋਰ ਮੁਲਾਜ਼ਮਾਂ ਨੂੰ ਭਰਤੀ ਕੀਤਾ ਹੈ ॥

ਪੰਜਾਬ ਸਰਕਾਰ ਪਿਛਲੇ ਕੁੱਝ ਮਹੀਨਿਆਂ ਤੋਂ ਲਗਾਤਾਰ ਪੰਜਾਬ ਭਰ ਚ ਪ੍ਰਚਾਰ ਕਰ ਰਹੀ ਹੈ ਕਿ ਉਸਨੇ ਆਪਣੇ ਕੀਤੇ ਵਾਅਦੇ ਪੂਰੇ ਕੀਤੇ ਹਨ ਪਰ ਸਰਕਾਰ ਨੇ ਐਨ ਐਸ ਐਸ ਕਿਊ ਐਫ ਮੁਲਾਜ਼ਮਾਂ ਨਾਲ ਕੀਤਾ ਵਾਅਦਾ ਪੂਰਾ ਨਹੀਂ ਕੀਤਾ ਹੈ ॥

ਸਰਕਾਰ ਨਾਲ ਸੈਂਕੜੇ ਮੀਟਿੰਗਾਂ ਹੋਣ ਦੇ ਬਾਵਜੂਦ ਵੀ ਇਹਨਾਂ ਵੋਕੇਸ਼ਨਲ ਅਧਿਆਪਕਾਂ ਦਾ ਸ਼ੋਸ਼ਣ ਲਗਾਤਾਰ ਜਾਰੀ ਹੈ ॥ ਇਹ ਅਧਿਆਪਕ ਸਰਕਾਰੀ ਸਕੂਲਾਂ ਵਿੱਚ ਨੌਵੀਂ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੂੰ ਪੜ੍ਹਾਉਂਦੇ ਹਨ ਤੇ ਹੋਰ ਵੀ ਸਕੂਲਾਂ ਦੇ ਬਹੁਤ ਸਾਰੇ ਕਾਰਜ ਕਰਦੇ ਹਨ ਪਰ ਇਹਨਾਂ ਦੀ ਤਨਖ਼ਾਹ ਸਕੂਲ ਦੇ ਚਪੜਾਸੀ ਤੋ ਵੀ ਘੱਟ ਹੈ ਜਦਕਿ ਇਹਨਾਂ ਅਧਿਆਪਕਾਂ ਦੀ ਪੜ੍ਹਾਈ ਇੰਜੀਨੀਅਰਿੰਗ ਤੇ ਡਾਕਟਰੇਟ ਡਿਗਰੀ ਤੱਕ ਦੀ ਹੈ ॥ ਸਮੁੱਚੇ ਯੂਰੋਪ ਚ ਵੋਕੇਸ਼ਨਲ ਸਿੱਖਿਆ ਦੀ ਭਰਮਾਰ ਹੈ ਪਰ ਪੰਜਾਬ ਦੇ ਸਰਕਾਰੀ ਸਕੂਲਾਂ ਚ ਪੜਾ ਰਹੇ ਇਹ ਅਧਿਆਪਕਾਂ ਦੀ ਕਿਸੇ ਸਰਕਾਰ ਨੇ ਸਾਰ ਨਹੀਂ ਲਈ ॥

ਐਨ ਐਸ ਕਿਊ ਐਫ ਮੁਲਾਜ਼ਮਾਂ ਦਾ ਸੰਘਰਸ਼: ਕੱਚੇ ਮੁਲਾਜ਼ਮ ਅਕਸਰ ਬਿਨਾਂ ਨੌਕਰੀ ਦੀ ਸੁਰੱਖਿਆ, ਘੱਟ ਤਨਖਾਹ ਅਤੇ ਘੱਟ ਸਹੂਲਤਾਂ (ਜਿਵੇਂ ਕਿ ਮੈਡੀਕਲ ਲੀਵ ਜਾਂ ਪੈਨਸ਼ਨ) ਦੇ ਨਾਲ ਮਿਹਨਤ ਕਰਦੇ ਹਨ।

ਸਮਾਨ ਕੰਮ, ਸਮਾਨ ਤਨਖਾਹ: ਕਈ ਕੱਚੇ ਮੁਲਾਜ਼ਮ ਪੱਕੇ ਮੁਲਾਜ਼ਮਾਂ ਦੇ ਬਰਾਬਰ ਕੰਮ ਕਰਦੇ ਹਨ, ਪਰ ਉਨ੍ਹਾਂ ਨੂੰ ਘੱਟ ਮਿਹਨਤਾਨਾ ਮਿਲਦਾ ਹੈ। ਮਜ਼ਦੂਰ ਦਿਵਸ 'ਤੇ ਇਸ ਅਸਮਾਨਤਾ ਨੂੰ ਦੂਰ ਕਰਨ ਦੀ ਮੰਗ ਉਠਾਈ ਜਾਂਦੀ ਹੈ।

ਸਥਾਈਕਰਨ ਦੀ ਮੰਗ: ਮੁੱਖ ਮੰਗ ਹਮੇਸ਼ਾ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਦੀ ਹੁੰਦੀ ਹੈ ਤਾਂ ਜੋ ਉਹ ਆਰਥਿਕ ਤੌਰ 'ਤੇ ਸੁਰੱਖਿਅਤ ਮਹਿਸੂਸ ਕਰ ਸਕਣ।

ਸੋਸ਼ਣ ਦੇ ਖਿਲਾਫ: ਇਹ ਦਿਨ ਕੱਚੇ ਮੁਲਾਜ਼ਮਾਂ ਦੇ ਸੋਸ਼ਣ ਨੂੰ ਰੋਕਣ ਅਤੇ ਉਨ੍ਹਾਂ ਨੂੰ ਬਿਹਤਰ ਕੰਮਕਾਜੀ ਹਾਲਾਤ ਪ੍ਰਦਾਨ ਕਰਨ ਲਈ ਜਾਗਰੂਕਤਾ ਫੈਲਾਉਂਦਾ ਹੈ।

### ਬਿਜਲੀ ਕੱਟਾਂ ਨੂੰ ਲੈ ਕੇ ਅਕਾਲੀ ਦਲ ਨੇ

# ਜਗਰਾਉਂ ਵਿੱਚ ਲਾਇਆ ਜਬਰਦਸਤ ਰੋਸ ਧਰਨਾ







ਜਗਰਾਉਂ -(ਵਰਿਆਮ ਹਠੂਰ) ਪੰਜਾਬ ਵਿੱਚ ਲਗਾਤਾਰ ਬਿਜਲੀ ਸਪਲਾਈ ਪ੍ਰਭਾਵਿਤ ਹੋਣ ਅਤੇ ਲਗਾਤਾਰ ਲੱਗ ਰਹੇ ਬਿਜਲੀ ਕੱਟਾਂ ਦੇ ਵਿਰੋਧ ਵਿੱਚ ਹਲਕਾ ਜਗਰਾਉਂ ਦੇ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਅਤੇ ਵਰਕਰਾਂ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਅਤੇ ਸਾਬਕਾ ਵਧਾਇਕ ਸ੍ਰੀ ਐੱਸ ਆਰ ਕਲੇਰ ਦੀ ਅਗਵਾਈ ਹੇਠ ਜਗਰਾਉਂ ਵਿਖੇ ਬਿਜਲੀ ਬੋਰਡ ਦੇ ਐਕਸੀਅਨ ਦਫ਼ਤਰ ਅੱਗੇ ਜ਼ਬਰਦਸਤ ਰੋਸ ਧਰਨਾ ਲਗਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਅਤੇ ਵਰਕਰ ਸ਼ਾਮਲ ਹੋਏ। ਧਰਨੇ ਦੌਰਾਨ ਬਿਜਲੀ ਵਿਭਾਗ ਅਤੇ ਸਰਕਾਰ ਖ਼ਿਲਾਫ਼ ਨਾਰੇਬਾਜ਼ੀ ਕਰਦਿਆਂ ਤੁਰੰਤ ਬਿਜਲੀ ਸਪਲਾਈ ਸੁਚਾਰੂ ਕਰਨ ਦੀ ਮੰਗ ਕੀਤੀ। ਧਰਨੇ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਅਤੇ ਹਲਕਾ ਇੰਚਾਰਜ ਐਸ.ਆਰ.ਕਲੇਰ ਨੇ ਕਿਹਾ ਕਿ ਪੰਜਾਬ ਵਿੱਚ ਬਿਜਲੀ ਪ੍ਰਬੰਧਨ ਪੂਰੀ ਤਰ੍ਹਾਂ ਫੇਲ੍ਹ ਹੋ ਚੁੱਕਾ ਹੈ। ਉਨ੍ਹਾਂ ਕਿਹਾ ਕਿ ਬਿਜਲੀ ਦੇ ਕੱਟਾਂ ਕਾਰਨ ਕਿਸਾਨਾਂ ਦੀਆਂ ਫਸਲਾਂ ਪ੍ਰਭਾਵਿਤ ਹੋ ਰਹੀਆਂ ਹਨ, ਖੇਤਾਂ ਵਿੱਚ ਲੱਗੇ ਟਿਊਬਵੈੱਲ ਬੰਦ ਪਏ ਹਨ ਅਤੇ ਸਿੰਚਾਈ ਦਾ ਕੰਮ ਰੁਕਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਕਿਸਾਨਾਂ ਦੀਆਂ ਮੁਸ਼ਕਿਲਾਂ ਦਾ ਬਿਲਕੁੱਲ ਅਹਿਸਾਸ ਨਹੀਂ। ਇਸ ਮੌਕੇ ਐਸ.ਜੀ.ਪੀ.ਸੀ ਮੈਂਬਰ ਗੁਰਚਰਨ ਸਿੰਘ ਗਰੇਵਾਲ ਨੇ ਕਿਹਾ ਕਿ ਬਿਜਲੀ ਕੱਟਾਂ ਕਾਰਨ ਛੋਟੇ ਵਪਾਰੀਆਂ ਅਤੇ ਦੁਕਾਨਦਾਰਾਂ ਦਾ ਕਾਰੋਬਾਰ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ। ਗਰਮੀ ਦੇ ਮੌਸਮ ਵਿੱਚ ਫ੍ਰਿਜ, ਕੂਲਰ ਅਤੇ ਹੋਰ ਬਿਜਲੀ ਉਪਕਰਣ ਬੰਦ ਹੋਣ ਕਾਰਨ ਦੁਕਾਨਦਾਰਾਂ ਨੂੰ ਆਰਥਿਕ ਨੁਕਸਾਨ ਝੱਲਣਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਹਾਲਾਤ ਜਲਦ ਨਾ ਸੁਧਰੇ ਤਾਂ ਲੋਕ ਸੜਕਾਂ 'ਤੇ ਉਤਰਣ ਲਈ ਮਜਬੂਰ ਹੋਣਗੇ। ਇਸ ਮੌਕੇ ਸਿਵਰਾਜ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਮਜ਼ਦੂਰ ਵਰਗ ਵੀ ਬਿਜਲੀ ਕੱਟਾਂ ਕਾਰਨ ਬਹੁਤ ਪ੍ਰੇਸ਼ਾਨ ਹੈ। ਛੋਟੇ ਉਦਯੋਗ ਅਤੇ ਕਾਰਖਾਨਿਆਂ ਵਿੱਚ ਕੰਮ ਰੁਕਣ ਕਾਰਨ ਦਿਹਾੜੀਦਾਰ ਮਜ਼ਦੂਰਾਂ ਦੀ ਰੋਜ਼ੀ-ਰੋਟੀ 'ਤੇ ਅਸਰ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਤੁਰੰਤ ਇਸ ਸੰਕਟ ਦਾ ਹੱਲ ਕਰਨਾ ਚਾਹੀਦਾ ਹੈ। ਧਰਨੇ ਦੌਰਾਨ ਹਾਜ਼ਰ ਆਗੂਆਂ ਨੇ ਆਖਿਆ ਕਿ ਬਿਜਲੀ ਕੱਟਾਂ ਕਾਰਨ ਘਰੇਲੂ ਜੀਵਨ ਵੀ ਪ੍ਰਭਾਵਿਤ ਹੋ ਰਿਹਾ ਹੈ। ਬੱਚਿਆਂ ਦੀ ਪੜ੍ਹਾਈ, ਪੀਣ ਵਾਲੇ ਪਾਣੀ ਦੀ ਸਪਲਾਈ ਅਤੇ ਰੋਜ਼ਾਨਾ ਦੇ ਕੰਮਾਂ ਵਿੱਚ ਵੱਡੀ ਰੁਕਾਵਟ ਪੈ ਰਹੀ ਹੈ। ਲੋਕਾਂ ਨੇ ਮੰਗ ਕੀਤੀ ਕਿ ਬਿਜਲੀ ਸਪਲਾਈ ਦਾ ਪੱਕਾ ਸ਼ਿਡਊਲ ਜਾਰੀ ਕੀਤਾ ਜਾਵੇ ਅਤੇ ਬਿਨਾਂ ਕਾਰਨ ਲੱਗ ਰਹੇ ਕੱਟ ਤੁਰੰਤ ਬੰਦ ਕੀਤੇ ਜਾਣ। ਪ੍ਰਧਾਨ ਚੰਦ ਸਿੰਘ ਡੱਲਾ, ਕਮਲਜੀਤ ਸਿੰਘ ਮੱਲ੍ਹਾ ਅਤੇ ਦੀਦਾਰ ਸਿੰਘ ਮਲਕ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਅਤੇ ਬਿਜਲੀ ਵਿਭਾਗ ਨੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਨਾ ਕੀਤਾ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ ਅਤੇ ਵੱਡੇ ਪੱਧਰ 'ਤੇ ਅੰਦੋਲਨ ਕੀਤਾ ਜਾਵੇਗਾ। ਇਸ ਮੌਕੇ ਇਸ ਮੌਕੇ ਹਾਜ਼ਰ ਐਸ.ਜੀ.ਪੀ.ਸੀ. ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਜ਼ਿਲ੍ਹਾ ਪ੍ਰਧਾਨ ਚੰਦ ਸਿੰਘ ਡੱਲਾ, ਸਾਬਕਾ ਚੇਅਰਮੈਨ ਕਮਲਜੀਤ ਸਿੰਘ ਮੱਲ੍ਹਾ, ਸਾਬਕਾ ਚੇਅਰਮੈਨ ਦੀਦਾਰ ਸਿੰਘ ਮਲਕ, ਸਾਬਕਾ ਸੀਨੀਅਰ ਮੀਤ ਪ੍ਰਧਾਨ ਦਵਿੰਦਰਜੀਤ ਸਿੰਘ ਸਿੱਧੂ, ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾ, ਸਰਕਲ ਪ੍ਰਧਾਨ ਸ਼ਿਵਰਾਜ ਸਿੰਘ ਸਰਪੰਚ, ਸਰਕਲ ਪ੍ਰਧਾਨ ਮਨਦੀਪ ਸਿੰਘ ਗਾਲਿਬ, ਸਰਕਲ ਪ੍ਰਧਾਨ ਕੁਲਦੀਪ ਸਿੰਘ ਗਿੱਦੜਵਿੰਡੀ, ਸਰਕਲ ਪ੍ਰਧਾਨ ਸਰਪ੍ਰੀਤ ਸਿੰਘ ਕਾਉਂਕੇ, ਸਰਕਲ ਪ੍ਰਧਾਨ ਰਣਧੀਰ ਸਿੰਘ ਚਕਰ, ਸਰਕਲ ਪ੍ਰਧਾਨ ਚਰਨਜੀਤ ਸਿੰਘ ਜਗਰਾਉਂ, ਐੱਸ.ਸੀ ਵਿੰਗ ਹਲਕਾ ਪ੍ਰਧਾਨ ਰੇਸ਼ਮ ਸਿੰਘ ਮਾਣੂੰਕੇ, ਆਈਟੀ ਵਿੰਗ ਹਲਕਾ ਕੋਆਰਡੀਨੇਟਰ ਗੁਰਪ੍ਰੀਤ ਸਿੰਘ ਬੱਸੂਵਾਲ, ਸੀਨੀਅਰ ਯੂਥ ਆਗੂ ਸੰਦੀਪ ਸਿੰਘ ਮੱਲਾ, ਲਖਵੀਰ ਸਿੰਘ ਚਕਰ ਯੂਥ ਆਗੂ, ਯੂਥ ਆਗੂ ਸੁਖੂ ਜਗਰਾਉਂ, ਯੂਥ ਆਗੂ ਹਰਕੀਰਤ ਸਿੰਘ ਸਿੱਧਵਾਂ ਖੁਰਦ, ਪ੍ਰਧਾਨ ਅਮਰਜੀਤ ਸਿੰਘ ਰਸੂਲਪੁਰ, ਸੀਨੀਅਰ ਅਕਾਲੀ ਆਗੂ ਸਤਨਾਮ ਸਿੰਘ ਬਸੂਵਾਲ, ਸਾਬਕਾ ਸਰਪੰਚ ਜੋਰਾ ਸਿੰਘ ਸਵੱਦੀ ਖੁਰਦ, ਸੀਨੀਅਰ ਅਕਾਲੀ ਆਗੂ ਮਿੰਟੂ ਸਵੱਦੀ, ਪ੍ਰਧਾਨ ਜਸਵੰਤ ਕੋਠੇ ਖਜੂਰਾਂ, ਡਾਇਰੈਕਟਰ ਬਲਜੀਤ ਸਿੰਘ ਹਠੂਰ, ਪ੍ਰਧਾਨ ਪਰਮਿੰਦਰ ਕੰਬੋ ਹਠੂਰ, ਬਲਵੰਤ ਸਿੰਘ ਬਾਦਲ ਹਠੂਰ, ਤਾਰੀ ਕੋਠੇ ਅੱਠ ਚੱਕ, ਜਗਤਾਰ ਸਿੰਘ ਕੋਠੇ ਚੱਕ, ਮਨਦੀਪ ਸਿੰਘ ਸਿੱਧਵਾਂ, ਸਰਦਾਰ ਭਜਨ ਸਿੰਘ ਦੇੜਕਾ, ਜੀਵਨ ਸਿੰਘ ਬਰਸਾਲ, ਨੰਬਰਦਾਰ ਗੋਪਾਲ ਸਿੰਘ ਭੰਮੀਪੁਰਾ, ਯੂਥ ਆਗੂ ਪ੍ਰਿਤਪਾਲ ਸਿੰਘ ਮੱਲ੍ਹਾ, ਜਸਵੰਤ ਸਿੰਘ ਪੱਤੀ ਮੁਲਤਾਨੀ, ਸਾਬਕਾ ਸਰਪੰਚ ਸੁਰਿੰਦਰ ਸਿੰਘ ਪਰਜੀਆਂ ਬਿਹਾਰੀਪੁਰ,ਯੂਥ ਆਗੂ ਅਮਨਾ ਡੱਲਾ, ਸੀਨੀਅਰ ਅਕਾਲੀ ਆਗੂ ਬਿੱਟੂ ਡੱਲਾ, ਕੁਲਵੀਰ ਸਿੰਘ ਬਹਾਦਰਕੇ, ਪ੍ਰਧਾਨ ਜਤਿੰਦਰ ਸਿੱਧਵਾਂ, ਗੁਰਮੀਤ ਸਿੰਘ ਜਗਰਾਉਂ, ਸਾਬਕਾ ਸਰਪੰਚ ਸੁਖਬੀਰ ਸਿੰਘ ਰਾਜੂ ਡਾਂਗੀਆ, ਦਵਿੰਦਰ ਸਿੰਘ ਖੇਲਾ, ਵਿੱਕੀ ਜਗਰਾਉਂ ,ਯੂਥ ਆਗੂ ਰਿੰਕੂ ਅਮਰਗੜ੍ਹ ਕਲੇਰਾਂ, ਯੂਥ ਆਗੂ ਮਨਪ੍ਰੀਤ ਸਿੰਘ ਕਲੇਰਾਂ , ਸਤਨਾਮ ਸਿੰਘ ਵਾਰਡ ਨੰਬਰ ਨੌ ਜਗਰਾਉਂ, ਸ਼ੰਕਰ ਵਾਰਡ ਨੰਬਰ ਅੱਠ ਜਗਰਾਉਂ, ਸਾਬਕਾ ਸਰਪੰਚ ਪਰਮਿੰਦਰ ਸਿੰਘ ਫਤਿਹਗੜ੍ਹ ਫਤਿਹਦੀਨ, ਸਾਬਕਾ ਸਰਪੰਚ ਕਰਮਜੀਤ ਸਿੰਘ ਕੋਠੇ ਸ਼ੇਰ ਜੰਗ, ਸਾਬਕਾ ਸਰਪੰਚ ਜਸਦੇਵ ਸਿੰਘ ਲੀਲਾ, ਬਲਰਾਜ ਸਿੰਘ ਗਰੇਵਾਲ, ਸਾਬਕਾ ਸਰਪੰਚ ਮਨਜਿੰਦਰ ਸਿੰਘ ਮਨੀ ਕਾਉਂਕੇ, ਪ੍ਰਧਾਨ ਜਗਜੀਤ ਸਿੰਘ ਡੱਲਾ, ਗੁਰਪ੍ਰੀਤ ਸਿੰਘ ਕਾਉਂਕੇ, ਰੂਪ ਸਿੰਘ ਬਾਠ ਚਕਰ, ਮਹਿੰਦਰ ਸਿੰਘ ਚਕਰ, ਝਰਮਲ ਸਿੰਘ ਬਾਠ ਚਕਰ ,ਗੁਰਪ੍ਰੀਤ ਸਿੰਘ ਕਾਲਾ ਚਕਰ, ਗੁਰਦੀਪ ਥਿੰਦ ਚਕਰ, ਕੇਵਲ ਸਿੰਘ ਚਕਰ, ਹਰਜਿੰਦਰ ਸਿੰਘ ਚਕਰ ਤੋਂ ਇਲਾਵਾ ਹੋਰ ਕਈ ਮੋਹਤਵਾਰ ਤੇ ਪਿੰਡਾਂ ਦੇ ਅਕਾਲੀ ਆਗੂ ਅਤੇ ਵਰਕਰ ਹਾਜ਼ਰ ਸਨ।

**ਬਿਜਲੀ ਸਪਲਾਈ ਦਾ ਪ੍ਰਬੰਧ ਸੁਚਾਰੂ ਨਾਂ ਕੀਤਾ ਤਾਂ ਵੱਡਾ ਸ਼ੰਘਰਸ਼ ਵਿੱਢਾਂਗੇ: ਕਲੇਰ/ਗਰੇਵਾਲ/ਡੱਲਾ**

ਆਵਾਜ਼ਿ ਕੌਮ AWAZE QAUM International Newspaper & WEB TV

## ਸਿਹਤ ਵਿਭਾਗ ਵੱਲੋਂ ਡੇਂਗੂ ਜਾਗਰੂਕਤਾ ਮੁਹਿੰਮ ਤਹਿਤ ਹੌਟ ਸਪੋਟ ਖੇਤਰਾਂ ਵਿੱਚ ਜਾ ਕੇ ਜਾਗਰੂਕਤਾ ਗਤੀਵਿਧੀਆਂ ਦੇ ਨਾਲ ਡੇਂਗੂ ਦੇ ਲਾਰਵੇ ਦੀ ਕੀਤੀ ਭਾਲ



**ਚੌਕ ਮਹਿਤਾ, 30 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਾਨਯੋਗ ਸਿਹਤ ਮੰਤਰੀ ਪੰਜਾਬ ਡਾ ਬਲਬੀਰ ਸਿੰਘ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਵਲ ਸਰਜਨ ਡਾ ਸਤਿੰਦਰਜੀਤ ਸਿੰਘ ਬਜਾਜ ਦੀ ਅਗਵਾਈ ਹੇਠ ਡੇਂਗੂ ਜਾਗਰੂਕਤਾ ਮੁਹਿੰਮ ਤਹਿਤ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਮਕਬੂਲਪੁਰਾ ਰੋਡ ਹਾਊਸਿੰਗ ਬੋਰਡ ਦੇ ਕਵਾਟਰਾਂ, ਜਹਾਜਗੜ੍ਹ, ਰੋਡਵੇਜ਼ ਵਰਕਸ਼ਾਪ ਅਤੇ ਸ਼ਹਿਰ ਦੇ ਹੋਟ ਸਪੋਟ ਇਲਾਕਿਆਂ ਵਿੱਚ ਜਾ ਕੇ ਡੇਂਗੂ ਦੇ ਲਾਰਵੇ ਦੀ ਭਾਲ ਕੀਤੀ ਗਈ। ਇਸ ਦੌਰਾਨ ਸਿਹਤ ਵਿਭਾਗ ਦੀਆਂ ਟੀਮਾ ਵੱਲੋਂ ਇਹਨਾਂ ਸਾਰੇ ਇਲਾਕੇ ਵਿਚ ਘਰਾਂ-ਘਰਾਂ ਵਿੱਚ ਜਾ ਕੇ ਜਾਗਰੂਕਤਾ ਦਾ ਸੰਦੇਸ਼ ਦਿੱਤਾ ਗਿਆ ਅਤੇ ਲੋਕਾਂ ਦੇ ਘਰਾਂ ਵਿੱਚ ਜਾ ਕੇ ਐਂਟੀ ਲਾਰਵਾ ਗਤੀਵਿਧੀਆਂ ਕੀਤੀਆਂ ਗਈਆਂ। ਜਿਸ ਦੌਰਾਨ ਸਮੂਹ ਸਿਹਤ ਅਧਿਕਾਰੀਆਂ, ਕਰਮਚਾਰੀਆਂ ਅਤੇ ਕਾਰਪੋਰੇਸ਼ਨ ਦੇ ਸਟਾਫ ਨਾਲ ਮਿਲਕੇ ਸਮੂਹ ਇਲਾਕੇਆ ਵਿੱਚ ਘਰਾਂ ਘਰਾਂ ਵਿੱਚ ਜਾ ਕੇ ਡੇਂਗੂ ਦੇ ਲਾਰਵੇ ਦੀ ਭਾਲ ਕੀਤੀ ਗਈ ਅਤੇ ਪੂਰੇ ਇਲਾਕੇ ਵਿੱਚ ਫੋਗਿੰਗ ਤੇ ਸਪਰੇ ਕਰਵਾਈ ਗਈ। ਇਸ ਅਵਸਰ ਤੇ ਸਿਵਲ ਸਰਜਨ ਡਾ ਬਜਾਜ ਨੇ ਕਿਹਾ ਕਿ ਆਉਣ ਵਾਲੇ ਬਰਸਾਤ ਦੇ ਮੌਸਮ ਵਿਚ ਬਹੁਤ ਸਾਰੀਆਂ ਥਾਵਾਂ ਤੇ ਪਾਣੀ ਦਾ ਇੱਕਠਾ ਹੋਣਾਂ ਸੁਭਾਵਿਕ ਹੀ ਹੈ, ਪਰ ਇਸਦੇ ਨਾਲ ਹੀ ਜਿਥੇ ਪਾਣੀ ਇੱਕਠਾ ਹੋਵੇਗਾ ਉਥੇ ਮੱਛਰ ਦੀ ਪੈਦਾਵਾਰ ਵੀ ਹੋਵੇਗੀ, ਇਸ ਲਈ ਸਾਡੀ ਸਾਰਿਆਂ ਦੀ ਇਹ ਜਿੰਮੇਵਾਰੀ ਬਣਦੀ ਹੈ ਕਿ ਮੱਛਰ ਦੀ ਪੈਦਾਵਰ ਨੂੰ ਰੋਕਣ ਲਈ ਸਿਹਤ ਵਿਭਾਗ ਦਾ ਸਹਿਯੋਗ ਕਰੀਏ ਅਤੇ ਹਫਤੇ ਦੇ ਹਰ ਸ਼ੁਕਰਵਾਰ ਵਾਲੇ ਦਿਨ ਆਪਣੇ ਘਰਾਂ ਵਿਚ ਕੂਲਰਾਂ, ਫਰਿਜਾਂ, ਗਮਲਿਆਂ, ਟੈਂਕੀਆਂ, ਛੱਤ ਤੇ ਪਿਆ ਨਾਕਾਰਾ ਸਾਮਾਨ ਅਦਿ ਵਿਚ ਪਾਣੀ ਇੱਕਠਾ ਨਾਂ ਹੋਣ ਦਈਏ ਕਿਓਂਕਿ ਡੇਂਗੂ ਤੋ ਬਚਣ ਲਈ ਸਭ ਤੋ ਜਿਆਦਾ ਜਰੂਰੀ ਹੈ ਕਿ ਮੱਛਰ ਦੀ ਪੈਦਾਵਾਰ ਨੂੰ ਹੀ ਰੋਕਿਆ ਜਾਵੇ। ਇਸ ਦੇ ਨਾਲ ਹੀ ਪੂਰੀ ਬਾਹਵਾਂ ਤੇ ਕੱਪੜੇ ਪਹਿਨੇ ਜਾਣ ਅਤੇ ਮੱਛਰ ਭਜਾਉਣ ਵਾਲੀਆ ਕਰੀਮਾਂ ਆਦੀ ਦਾ ਇਸਤੇਮਾਲ ਵੀ ਸਾਨੂੰ ਡੇਗੂ ਤੋ ਬਚਾ ਸਕਦਾ ਹੈ। ਉਹਨਾਂ ਕਿਹਾ ਕਿ ਸਿਹਤ ਵਿਭਾਗ ਦੀਆਂ ਟੀਮਾਂ ਘਰਾਂ ਘਰਾਂ ਵਿੱਚ ਜਾ ਕੇ ਲੋਕਾਂ ਨੂੰ ਜਾਗਰੂਕ ਕਰ ਰਹੀਆਂ ਹਨ। ਇਸ ਸੰਬਧੀ ਹੋਰ ਜਾਣਕਾਰੀ ਦਿੰਦਿਆ ਜਿਲ੍ਹਾ ਐਪੀਡਿਮੋਲੋਜਿਸਟ ਡਾ ਹਰਜੋਤ ਕੌਰ ਨੇ ਕਿਹਾ ਕਿ ਨੇ ਕਿਹਾ ਕਿ ਡੇਂਗੂ ਇੱਕ ਵਾਇਰਲ ਬੁਖਾਰ ਹੈ ਜੋ ਕਿ ਏਡੀਜ ਅਜਿਪਟੀ ਨਾਂ ਦੇ ਮੱਛਰ ਦੇ ਕੱਟਣ ਨਾਲ ਪੈਦਾ ਹੁੰਦਾ ਹੈ। ਜਿਸਦੇ ਲੱਛਣ ਤੇਜ ਸਿਰ-ਦਰਦ ਅਤੇ ਤੇਜ ਬੁਖਾਰ, ਮਾਸ ਪੇਸ਼ੀਆ ਅਤੇ ਜੋੜਾਂ ਦਾ ਦਰਦ, ਅੱਖਾ ਦੇ ਪਿਛਲੇ ਹਿੱਸੇ ਦਰਦ, ਉਲਟੀਆਂ, ਨੱਕ-ਮੂੰਹ ਅਤੇ ਮਸੂੜਿਆਂ ਵਿੱਚੋ ਖ਼ੂਨ ਵਗਣਾ ਆਦੀ ਹੈ। ਡੇਂਗੂ ਬੁਖਾਰ ਦੇ ਸ਼ੱਕ ਹੋਣ ਦੀ ਸੂਰਤ ਵਿੱਚ ਤੂਰੰਤ ਸਰਕਾਰੀ ਹਸਪਤਾਲ ਤੋ ਫਰੀ ਚੈਕਅੱਪ ਅਤੇ ਇਲਾਜ ਕਰਵਾਉਣ। ਇਸ ਅਵਸਰ ਤੇ ਜਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ ਵੱਲੋ ਸਮੂਹ ਸਟਾਫ ਅਤੇ ਆਮ ਲੋਕਾਂ ਨੂੰ ਡੇਂਗੂ ਦੇ ਸੰਬੰਧ ਵਿਚ ਵਿਸ਼ੇਸ਼ ਜਾਣਕਾਰੀ ਦਿੱਤੀ ਗਈ। ਇਸ ਮੋਕੇ ਤੇ ਸਹਾਇਕ ਮਲੇਰੀਆ ਅਫਸਰ ਗੁਰਦੇਵ ਸਿੰਘ ,ਬਲਜੀਤ ਸਿੰਘ ਪ੍ਰਿਤਪਾਲ ਸਿੰਘ, ਐਸ ਆਈ ਸੁਖਦੇਵ ਸਿੰਘ ,ਹਰਵਿੰਦਰ ਸਿੰਘ ਹਰਕਮਲ ਸਿੰਘ, ਆਈ ਸੀ ਹਰਮੀਤ ਸਿੰਘ, ਬਿਕਰਮਜੀਤ ਸਿੰਘ, ਰਣਜੋਧ ਸਿੰਘ,ਸੰਜੀਵ ਕੁਮਾਰ, ਕੁਲਦੀਪ ਸਿੰਘ ਅਤੇ ਕਾਰਪੋਰੇਸ਼ਨ ਵੱਲੋਂ ਸੀਐਸਓ ਮਲਕੀਤ ਸਿੰਘ, ਸੁਪਰਵਾਈਜ਼ਰ ਪ੍ਰਦੀਪ ਕੁਮਾਰ ਸਮੇਤ ਸਮੂਹ ਸਟਾਫ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸੰਤ ਕਰਤਾਰ ਸਿੰਘ ਜੀ ਖ਼ਾਲਸਾ ਅਕੈਡਮੀ ਵਿਖੇ ਮਨਾਇਆ ਗਿਆ 'ਅੰਤਰ-ਰਾਸ਼ਟਰੀ ਮਜ਼ਦੂਰ ਦਿਵਸ'



ਫਿਰੋਜ਼ਪੁਰ 30 ਅਪ੍ਰੈਲ (ਮਨੋਹਰ ਲਾਲ): ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ, ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ ਜੀ ਦੀ ਸਰਪ੍ਰਸਤੀ ਹੇਠ ਚੱਲ ਰਹੇ ਬਹੁਤ ਸਾਰੇ ਅਦਾਰਿਆਂ ਵਿਚੋਂ ਇਕ ਅਦਾਰਾ ਸੰਤ ਕਰਤਾਰ ਸਿੰਘ ਜੀ ਖ਼ਾਲਸਾ ਸੀਨੀਅਰ ਸਕੈਂਡਰੀ ਸਕੂਲ ਬੁਰਜ ਮੱਖਣ, ਫ਼ਿਰੋਜਪੁਰ ਵਿਚ 'ਅੰਤਰ-ਰਾਸ਼ਟਰੀ ਮਜ਼ਦੂਰੀ ਦਿਵਸ' ਨਾਲ ਸੰਬੰਧਿਤ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ ਜਿਸ ਵਿਚ ਸਮੁੱਚੇ ਸਟਾਫ਼ ਅਤੇ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ। ਵਿਦਿਆਰਥੀਆਂ ਵਿਚ ਸੱਤਵੀਂ ਕਲਾਸ ਦੀ ਗੁਰਪ੍ਰੀਤ ਕੌਰ ਅਤੇ ਛੇਵੀਂ ਕਲਾਸ ਦੇ ਯਾਦਵਿੰਦਰ ਸਿੰਘ ਨੇ ਮਜ਼ਦੂਰੀ ਨਾਲ ਸੰਬੰਧਿਤ ਵਿਚਾਰ ਪੇਸ਼ ਕੀਤੇ। ਅਧਿਆਪਕਾਂ ਵਿਚੋਂ ਮੈਡਮ ਕੀਰਤੀ ਅਤੇ ਵੀਨਾ ਮੈਡਮ ਨੇ ਮਜ਼ਦੂਰੀ ਦਿਵਸ ਨਾਲ ਸੰਬੰਧੀ ਜਾਣਕਾਰੀ ਵਿਦਿਆਰਥੀਆਂ ਨੂੰ ਦਿੱਤੀ, ਉਨ੍ਹਾਂ ਮਜ਼ਦੂਰ ਦਿਵਸ ਦਾ ਪਿਛੋਕੜ ਦੱਸਦਿਆਂ ਮਜ਼ਦੂਰਾਂ ਦੇ ਯੋਗਦਾਨ ਅਤੇ ਕਿਸੇ ਦੇਸ ਦੀ ਅਰਥ ਵਿਵਸਥਾ ਵਿਚ ਇਨ੍ਹਾਂ ਦਾ ਯੋਗਦਾਨ ਕਿੰਨਾ ਅਹਿਮ ਹੈ ਸੰਬੰਧੀ ਜਾਣਕਾਰੀ ਦਿੱਤੀ। ਵਿਦਿਆਰਥੀਆਂ ਨੇ ਮਜ਼ਦੂਰਾਂ ਦੀ ਮਜਬੂਰੀ ਅਤੇ ਉਨ੍ਹਾਂ ਦੇ ਯੋਗਦਾਨ ਸੰਬੰਧੀ ਸੰਖੇਪ ਵਿਚ ਚਾਨਣਾ ਪਾਇਆ ਸਕੂਲ ਦੇ ਵਿਚ ਵੱਖ ਵੱਖ ਗਤੀਵਿਧੀਆਂ ਦੁਆਰਾ ਵਿਦਿਆਰਥੀਆਂ ਨੂੰ ਮਜਦੂਰਾਂ ਦੀ ਹਾਲਤਾ ਨੂੰ ਸਮਝਾਉਣ ਦੀ ਕੋਸਿਸ ਕੀਤੀ ਅੰਤ ਸਕੂਲ ਦੇ ਪ੍ਰਿੰਸੀਪਲ ਪ੍ਰਭਜੀਤ ਕੌਰ ਨੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਵਿਚ ਹਾਜ਼ਰ ਸਨ- ਪ੍ਰਿੰਸੀਪਲ ਹਰਸ਼ਦੀਪ ਸਿੰਘ (ਦਸਮੇਸ਼ ਅਦਾਰੇ), ਪ੍ਰਿੰਸੀਪਲ ਗੁਰਦੀਪ ਸਿੰਘ (ਖ਼ਾਲਸਾ ਕਾਲਜ ਮਹਿਤਾ), ਡਾ. ਅਰਜੁਨ ਸਿੰਘ, ਪ੍ਰਭਜੀਤ ਕੌਰ, ਮਨਪ੍ਰੀਤ ਕੌਰ (ਕੋਆਰਡੀਨੇਟਰ), ਸੁਖਦੇਵ ਸਿੰਘ, ਚਰਨਜੀਤ ਸਿੰਘ, ਮੈਡਮ ਲਤਾ, ਅਮਨਦੀਪ ਕੌਰ, ਮਨਪ੍ਰੀਤ ਕੌਰ, ਜਸਪ੍ਰੀਤ ਕੌਰ, ਮਨਪ੍ਰੀਤ ਸਿੰਘ, ਮਨਪ੍ਰੀਤ ਕੌਰ ਆਦਿ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

### ਹੁਸ਼ਿਆਰਪੁਰ ਵਿਖੇ ਪੰਜਾਬ ਪ੍ਰਦੇਸ਼ ਕਾਂਗਰਸ ਐਸ.ਸੀ. ਵਿਭਾਗ ਵਲੋਂ ਵਿਸ਼ੇਸ਼ ਸਮਾਗਮ

# ਨਵੇਂ ਚੇਅਰਮੈਨ ਗੁਰਪ੍ਰੀਤ ਲੱਕੀ ਪੱਖੋ ਦਾ ਸਵਾਗਤ ਅਤੇ ਕੁਲਦੀਪ ਵੈਦ ਨੂੰ ਦਿੱਤੀ ਗਈ ਨਿੱਘੀ ਵਿਦਾਇਗੀ





**ਫਿਰੋਜ਼ਪੁਰ 30 ਅਪ੍ਰੈਲ (ਮਨੋਹਰ ਲਾਲ)**-ਪੰਜਾਬ ਦੀ ਸਿਆਸਤ ਵਿੱਚ ਕਾਂਗਰਸ ਪਾਰਟੀ ਨੂੰ ਮਜ਼ਬੂਤ ਕਰਨ ਅਤੇ ਦਲਿਤ ਵਰਗ ਦੀਆਂ ਆਵਾਜ਼ਾਂ ਨੂੰ ਬੁਲੰਦ ਕਰਨ ਦੇ ਮਕਸਦ ਨਾਲ, ਅੱਜ ਹੁਸ਼ਿਆਰਪੁਰ ਵਿਖੇ ਪੰਜਾਬ ਪ੍ਰਦੇਸ਼ ਕਾਂਗਰਸ ਦੇ ਐਸ.ਸੀ. () ਵਿਭਾਗ ਵੱਲੋਂ ਇੱਕ ਪ੍ਰਭਾਵਸ਼ਾਲੀ ਅਤੇ ਭਾਵੁਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿੱਚ ਪਾਰਟੀ ਦੇ ਸੀਨੀਅਰ ਆਗੂਆਂ ਅਤੇ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਸਮਾਗਮ ਦਾ ਮੁੱਖ ਕੇਂਦਰ ਪੰਜਾਬ ਪ੍ਰਦੇਸ਼ ਕਾਂਗਰਸ ਐਸ.ਸੀ. ਵਿਭਾਗ ਦੇ ਨਵ-ਨਿਯੁਕਤ ਚੇਅਰਮੈਨ ਸਰਦਾਰ ਗੁਰਪ੍ਰੀਤ ਸਿੰਘ ਲੱਕੀ ਪੱਖੋ ਜੀ ਸਨ। ਹਾਈਕਮਾਂਡ ਵੱਲੋਂ ਉਨ੍ਹਾਂ 'ਤੇ ਜਿਤਾਏ ਗਏ ਭਰੋਸੇ ਦਾ ਸਵਾਗਤ ਕਰਦਿਆਂ ਸਮੂਹ ਆਗੂਆਂ ਨੇ ਉਨ੍ਹਾਂ ਨੂੰ ਫੁੱਲਾਂ ਦੇ ਹਾਰ ਪਾ ਕੇ ਜੀ ਆਇਆਂ ਨੂੰ ਕਿਹਾ। ਇਸ ਮੌਕੇ ਬੋਲਦਿਆਂ ਬੁਲਾਰਿਆਂ ਨੇ ਕਿਹਾ ਕਿ ਗੁਰਪ੍ਰੀਤ ਲੱਕੀ ਪੱਖੋ ਇੱਕ ਮਿਹਨਤੀ ਅਤੇ ਜ਼ਮੀਨੀ ਪੱਧਰ ਦੇ ਆਗੂ ਹਨ, ਜਿਨ੍ਹਾਂ ਦੀ ਅਗਵਾਈ ਵਿੱਚ ਐਸ.ਸੀ. ਵਿੰਗ ਸੂਬੇ ਭਰ ਵਿੱਚ ਨਵੀਆਂ ਬੁਲੰਦੀਆਂ ਨੂੰ ਛੂਹੇਗਾ ਇਸ ਮੌਕੇ ਵਿਭਾਗ ਦੇ ਸਾਬਕਾ ਚੇਅਰਮੈਨ ਅਤੇ ਸੀਨੀਅਰ ਕਾਂਗਰਸੀ ਆਗੂ ਸਰਦਾਰ ਕੁਲਦੀਪ ਸਿੰਘ ਵੈਦ ਜੀ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ ਲਈ ਇੱਕ ਨਿੱਘੀ ਵਿਦਾਇਗੀ ਪਾਰਟੀ ਦਿੱਤੀ ਗਈ 'ਇਸ ਵਿਧਾਇਕ ਕੁਲਦੀਪ ਸਿੰਘ ਵੈਦ ਨੇ ਆਪਣੇ ਕਾਰਜਕਾਲ ਦੌਰਾਨ ਜਿਸ ਤਰ੍ਹਾਂ ਪਾਰਟੀ ਦੇ ਢਾਂਚੇ ਨੂੰ ਮਜ਼ਬੂਤ ਕੀਤਾ ਅਤੇ ਐਸ.ਸੀ. ਭਾਈਚਾਰੇ ਦੇ ਮਸਲਿਆਂ ਨੂੰ ਸਰਕਾਰ ਅਤੇ ਸੰਗਠਨ ਦੇ ਸਾਹਮਣੇ ਰੱਖਿਆ, ਉਸ ਦੀ ਸਾਰਿਆਂ ਨੇ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਵਰਕਰਾਂ ਨੇ ਭਾਵੁਕ ਹੁੰਦਿਆਂ ਕਿਹਾ ਕਿ ਵੈਦ ਜੀ ਦਾ ਤਜਰਬਾ ਹਮੇਸ਼ਾ ਪਾਰਟੀ ਲਈ ਮਾਰਗਦਰਸ਼ਕ ਰਹੇਗਾ। ਸਮਾਗਮ ਦੌਰਾਨ ਹਾਜ਼ਰ ਆਗੂਆਂ ਨੇ ਪੰਜਾਬ ਦੀ ਮੌਜੂਦਾ ਸਿਆਸੀ ਸਥਿਤੀ 'ਤੇ ਚਰਚਾ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

### ਪੰਜਾਬ ਬਚਾਓ, ਪੰਥ ਬਚਾਓ ਦੇ ਤਹਿਤ ਅੱਜ ਅਕਾਲੀ ਦਲ ਵਾਰਿਸ ਪੰਜਾਬ ਦੇ ਸੱਦੇ 'ਤੇ

# ਆਨੰਦ ਬੈਕਟ ਹਾਲ ਮੋਗਾ ਰੋਡ ਤੇ ਬਹੁਤ ਭਾਰੀ ਸਮਾਗਮ ਹੋਇਆ

**ਫਿਰੋਜ਼ਪੁਰ, 30 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਬਚਾਓ ਪੰਥ ਬਚਾਓ ਦੇ ਤਹਿਤ ਅੱਜ ਅਕਾਲੀ ਦਲ ਵਾਰਿਸ ਪੰਜਾਬ ਦੇ ਸੱਦੇ ਤੇ ਪੰਜਾਬ ਭਰ ਵਿਚ ਭਾਰੀ ਕਾਨਫਰੰਸ ਹੋ ਰਹੀਆਂ ਹਨ। ਇਸ ਕੜੀ ਤਹਿਤ ਅੱਜ ਆਨੰਦ ਬੈਕਟ ਹਾਲ ਮੋਗਾ ਰੋਡ ਫਿਰੋਜ਼ਪੁਰ ਛਾਉਣੀ ਵਿਚ ਇਕ ਬਹੁਤ ਭਾਰੀ ਭਰਵਾ ਇਕੱਠ ਹੋਇਆ। ਇਸ ਮੌਕੇ ਤੇ ਭਾਈ ਅੰਮ੍ਰਿਤਪਾਲ ਸਿੰਘ ਐੱਮਪੀ ਖਡੂਰ ਸਾਹਿਬ ਦੇ ਪਿਤਾ ਬਾਪੂ ਤਰਸੇਮ ਸਿੰਘ ਕਾਰਜਕਾਰੀ ਪ੍ਰਧਾਨ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਤੇ ਭਾਈ ਧਿਆਨ ਸਿੰਘ ਮੰਡ ਸਾਬਕਾ ਮੈਂਬਰ ਪਾਰਲੀਮੈਂਟ ਅਤੇ ਕਾਰਜਕਾਰੀ ਜਥੇਦਾਰ ਸੰਗਤਾਂ ਵੱਲੋਂ ਥਾਪਿਆ ਅਕਾਲ ਤਖਤ ਸਾਹਿਬ ਭਾਈ ਜਸਕਰਨ ਸਿੰਘ ਕਾਹਨ ਸਿੰਘ ਵਾਲਾ, ਭਾਈ ਦੀਪ ਸਿੱਧੂ ਦੇ ਭਗਤਾ, ਮਨਦੀਪ ਸਿੰਘ, ਜਗਦੀਪ ਸਿੰਘ ਜ਼ਿਲ੍ਹਾ ਪ੍ਰਧਾਨ, ਕਰਨਵੀਰ ਸਿੰਘ ਖਾਲਸਾ, ਅਮਰੀਕ ਸਿੰਘ ਭੁੱਲਰ ਸ਼ਿਹਜ਼ਾਦੀ, ਡਾ.ਅਵਤਾਰ ਸਿੰਘ ਹਲਕਾ ਸੇਵਾਦਾਰ, ਦਲੇਰ ਸਿੰਘ ਡੋਡ ਪੀਏ ਭਾਈ ਸਰਬਜੀਤ ਸਿੰਘ, ਗੁਰਮੁੱਖ ਸਿੰਘ ਮਿਸ਼ਰੀਵਾਲਾ, ਜਤਿੰਦਰ ਸਿੰਘ ਮੁਕਤਸਰ, ਸ਼ਿਨ ਸਿੰਘ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ, ਗੁਰਚਰਨ ਸਿੰਘ ਸੰਘਾ, ਰਛਪਾਲ ਸਿੰਘ ਸੋਸ਼ਲ ਇੰਚਾਰਜ਼ ਮੋਗਾ, ਮੈਂਬਰ ਪੰਥਕ ਤਾਲਮੇਲ ਕਮੇਟੀ ਬਾਬੂ ਸਿੰਘ ਬਰਾੜ, ਕਾਬਲ ਸਿੰਘ ਭੁੱਲਰ ਸਕੱਤਰ, ਜਸਕਰਨ ਸਿੰਘ ਭਾਈ ਰੂਪਾ, ਪਰਮਜੀਤ ਸਿੰਘ ਜੋਹਲ, ਜਥੇਦਾਰ ਭਾਈ ਬਲਵਿੰਦਰ ਸਿੰਘ ਖਾਲਸਾ ਮਾਛੀਵਾੜਾ, ਹਰਜਿੰਦਰ ਸਿੰਘ ਸਰਪੰਚ, ਜਥੇਦਾਰ ਭਾਈ ਬਲਕਾਰ ਸਿੰਘ ਇਲਮੇਵਾਲਾ, ਅੰਮ੍ਰਿਤ ਸੰਚਾਰ ਜਥਾ, ਜਥੇਦਾਰ ਜਗਿੰਦਰ ਪਾਲ ਸਿੰਘ, ਦਵਿੰਦਰ ਸਿੰਘ ਘਾਗਾ, ਰਣਜੋਧ ਸਿੰਘ ਰਣੀਆ, ਨਿਰਭੈ ਸਿੰਘ, ਜਤਿੰਦਰ ਸਿੰਘ ਗੁਰੂਹਰਸਹਾਏ, ਗੁਰਪ੍ਰੀਤ ਸਿੰਘ ਘਾਗਾ, ਕਾਬਲ ਸਿੰਘ, ਸੁੱਚਾ ਸਿੰਘ, ਬੂਟਾ ਸਿੰਘ, ਅੰਮ੍ਰਿਤਪਾਲ ਸਿੰਘ, ਲਖਵਿੰਦਰ ਸਿੰਘ ਤੋਂ ਇਲਾਵਾ ਹੋਰ ਵੀ ਬਹੁਤ ਭਾਰੀ ਸਮੁੱਚੀ ਅਕਾਲੀ ਦਲ ਵਾਰਿਸ ਪੰਜਾਬ ਦੀ ਲੀਡਰਸ਼ਿਪ ਹਾਜ਼ਰ ਸਨ। ਇਸ ਮੌਕੇ ਤੇ ਬਾਪੂ ਤਰਸੇਮ ਸਿੰਘ ਕਾਰਜਕਾਰਨੀ ਪ੍ਰਧਾਨ ਨੇ ਬੋਲਦਿਆਂ ਕਿਹਾ ਕਿ ਇਸ ਵੇਲੇ ਤੁਸੀਂ ਪੰਜਾਬ ਦੇ ਹਾਲਤ ਵੇਖ ਰਹੇ ਹੋ ਕੋਈ ਵੀ ਪੰਜਾਬ ਦੇ ਹੱਕਾਂ ਦੀ ਗੱਲ ਨਹੀਂ ਕਰ ਰਿਹਾ। ਪੰਜਾਬ ਵਿਚੋਂ ਨਸ਼ਿਆਂ ਨਾਲ ਜਵਾਨੀ ਖਤਮ ਹੋ ਰਹੀ ਹੈ ਅਤੇ ਕੋਈ ਵੀ ਲੀਡਰ ਇਸ ਤੇ ਹਾਅ ਦਾ ਨਾਅਰਾ ਨਹੀਂ ਮਾਰਿਆ। ਸੋ ਪੰਜਾਬ ਵਾਸੀਓ, ਜੇਕਰ ਮਹਾਰਾਜਾ ਰਣਜੀਤ ਸਿੰਘ ਵਰਗਾ ਰਾਜ ਚਾਹੁੰਦੇ ਹੋ ਤਾਂ 2027 ਵਿਚ ਭਾਰੀ ਗਿਣਤੀ ਵਿਚ ਵਾਰਿਸ ਪੰਜਾਬ ਵਿਚ ਜਿਤਾਓ ਅਤੇ ਪੰਥ ਨੂੰ ਬਚਾਓ ਅਤੇ ਭਾਈ ਅੰਮ੍ਰਿਤ ਪਾਲ ਸਿੰਘ ਨੂੰ ਮੁੱਖ ਮੰਤਰੀ ਬਣਾਓ। ਇਸ ਮੌਕੇ ਤੇ ਭਾਈ ਧਿਆਨ ਸਿੰਘ ਮੰਡ ਸਾਬਕਾ ਮੈਂਬਰ ਪਾਰਲੀਮੈਂਟ ਨੇ ਬੋਲਦਿਆਂ ਕਿਹਾ ਕਿ ਇਸ ਵੇਲੇ ਪੰਜਾਬ ਦੀ ਨੌਜਵਾਨੀ ਨਸ਼ਿਆਂ ਵਿਚ ਗਲਗੀਨ ਹੋ ਕੇ ਰਹਿ ਗਈ ਹੈ ਅਤੇ ਪੰਜਾਬ ਖੇਰੂ ਖੇਰੂ ਹੋ ਕੇ ਰਹਿ ਗਿਆ ਹੈ। 1947 ਤੋਂ ਲੈ ਕੇ ਹੁਣ ਤੱਕ ਪੰਜਾਬ ਲਹੀ ਕਦੇ ਵੀ ਹਾਅ ਦਾ ਨਾਅਰਾ ਨਹੀਂ ਮਾਰਿਆ। ਪੰਜਾਬ ਇਸ ਵੇਲੇ ਔਖੀ ਘੜੀ ਵਿਚੋਂ ਲੰਘ ਰਿਹਾ ਹੈ। ਕਿਸਾਨ ਸ਼ੰਭੂ ਬਾਰਡਰ ਤੇ ਮੋਰਚਾ ਲਾਇਆ ਜਿਥੇ 750 ਕਿਸਾਨ ਮਾਰੇ ਗਏ ਨਾ ਹੀ ਅੱਜ ਤੱਕ ਕਿਸੇ ਲੀਡਰ ਨੇ ਬਾਰਡਰ ਖੋਲ੍ਹਣ ਦੀ ਗੱਲ ਕੀਤੀ ਹੈ। ਇਸ ਲਈ ਪੰਜਾਬ ਨੂੰ ਬਚਾਉਣ ਲਈ ਅਤੇ ਪੰਥ ਨੂੰ ਬਚਾਉਣ ਲਈ 2027 ਵਿਚ ਆਕਲੀ ਦਲ ਵਾਰਿਸ ਪੰਜਾਬ ਨੂੰ ਭਾਰੀ ਵੱਟਾਂ ਨਾਲ ਜਿਤਾ ਕੇ ਭਾਈ ਅੰਮ੍ਰਿਤਪਾਲ ਸਿੰਘ ਨੂੰ ਮੁੱਖ ਮੰਤਰੀ ਬਣਾਓ। ਇਸ ਮੌਕੇ ਤੇ ਭਾਈ ਜਸਕਰਨ ਸਿੰਘ ਕਾਹਨ ਸਿੰਘ ਵਾਲਾ ਨੇ ਕਿਹਾ ਕਿ ਅੱਜ ਪੰਥ ਖਤਰੇ ਵਿਚ ਅਤੇ ਲੋਕ ਛੋਟੇ ਛੋਟੇ ਧੜਿਆਂ ਵਿਚ ਵੰਡੇ ਹੋਏ ਹਨ। ਜਿਨ੍ਹਾਂ ਦੀ ਕੋਈ ਗੱਲ ਨਹੀਂ ਸੁਣਦਾ। ਅੱਜ ਪੰਜਾਬ ਵਿਚ ਨਾ ਤਾਂ ਕਿਸਾਨ ਖੁਸ਼ ਹੈ ਨਾ ਹੀ ਮਜ਼ਦੂਰ, ਦੁਕਾਨਦਾਰ, ਵਿਉਪਾਰੀ ਖੁਸ਼ ਹੈ। ਇਸ ਤੋਂ ਇਲਾਵਾ ਪਾਣੀ ਬਾਹਰ ਦਿੱਤਾ ਜਾ ਰਿਹਾ ਹੈ। ਭਾਈ ਅੰਮ੍ਰਿਤਪਾਲ ਸਿੰਘ ਨੇ ਕਿਹੜਾ ਗਲਤ ਕੰਮ ਕੀਤਾ ਹੈ, ਕਦੇ ਕਿਸੇ ਹਿੰਦੂ, ਮੁਸਲਮਾਨ ਜਾਂ ਸਿੱਖ ਨੂੰ ਸਤਾਇਆ ਹੋਵੇ। ਉਨ੍ਹਾਂ ਨੇ ਤੇ ਨੌਜਵਾਨਾਂ ਨੂੰ ਅੰਮ੍ਰਿਤ ਛਕਾ ਕੇ ਨਸ਼ਿਆ ਤੋਂ ਦੂਰ ਕੀਤਾ। ਇਸ ਲਈ 2027 ਦੀਆਂ ਚੋਣਾਂ ਵਿਚ ਭਾਈ ਅੰਮ੍ਰਿਤਪਾਲ ਸਿੰਘ ਨੂੰ ਮੁੱਖ ਮੰਤਰੀ ਬਣਾਓ। ਇਸ ਮੌਕੇ ਤੇ ਭਾਈ ਦੀਪ ਸਿੰਘ ਸਿੱਧੂ ਦੇ ਭਰਾਤਾ ਭਾਈ ਮਨਦੀਪ ਸਿੰਘ ਨੇ ਬੋਲਦਿਆਂ ਕਿਹਾ ਕਿ ਸਾਨੂੰ ਸਿਰਫ ਆਪਣੀ ਸੋਚ ਬਦਲਣ ਦੀ ਲੋੜ ਹੈ। ਇਹ ਸਾਡਾ ਪੰਜਾਬ ਹੈ ਅਤੇ ਸਾਡਾ ਪੰਥ ਹੈ। ਅਸੀਂ ਇਸ ਨੂੰ ਚੜ੍ਹਦੀ ਕਲਾ ਵਿਚ ਲਿਜਾਉਣ ਦਾ ਪੂਰਾ ਯਤਨ ਕਰਾਂਗੇ। ਆਓ ਅਸੀਂ ਸਾਰੇ ਰਲ ਕੇ ਅਕਾਲੀ ਦਲ ਵਾਰਿਸ ਪੰਜਾਬ ਨੂੰ ਮਜ਼ਬੂਤ ਕਰਕੇ 2027 ਦੀਆਂ ਚੋਣਾਂ ਵਿਚ ਭਾਰੀ ਗਿਣਤੀ ਵਿਚ ਜਿਤਾ ਕੇ ਭਾਈ ਅੰਮ੍ਰਿਤਪਾਲ ਸਿੰਘ ਨੂੰ ਮੁੱਖ ਮੰਤਰੀ ਬਣਾਈਏ। ਇਸ ਮੌਕੇ ਤੇ ਸਟੇਜ ਦੀ ਸੇਵਾ ਭਾਈ ਜਗਦੀਪ ਸਿੰਘ ਜ਼ਿਲ੍ਹਾ ਪ੍ਰਧਾਨ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਬਾਪੂ ਤਰਸੇਮ ਸਿੰਘ ਨੇ ਸਮੁੱਚੀ ਟੀਮ ਖਾਸ ਕਰਕੇ ਭਾਈ ਕਰਨਵੀਰ ਸਿੰਘ, ਡਾ. ਅਵਤਾਰ ਸਿੰਘ ਅਤੇ ਜਗਦੀਪ ਸਿੰਘ ਭੁੱਲਰ ਦਾ ਧੰਨਵਾਦ ਕੀਤਾ ਤੇ ਜਿਨ੍ਹਾਂ ਨੇ ਐਡਾ ਵੱਡਾ ਇਕੱਠ ਕੀਤਾ।







ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਅਤੇ ਪੰਥ ਦੇ ਹਿਤਾਂ ਦੀ ਪੂਰਤੀ ਲਈ ਰਾਜਨੀਤਿਕ ਸ਼ਕਤੀ ਨੂੰ ਮਜ਼ਬੂਤ ਕਰਨ ਲਈ 2 ਮਈ ਨੂੰ ਭਸੀਨ ਪੈਲਿਸ ਫਿਰੋਜ਼ਪੁਰ ਛਾਉਣੀ ਵਿਖੇ ਹੋਵੇਗੀ ਪੰਥਕ ਇਕੱਤਰਤਾ



**ਫਿਰੋਜ਼ਪੁਰ 30 ਅਪ੍ਰੈਲ (ਮਨੋਹਰ ਲਾਲ)**-ਪੰਜਾਬ ਅਤੇ ਪੰਥ ਦੇ ਹਿਤਾਂ ਦੀ ਪੂਰਤੀ ਲਈ ਰਾਜਨੀਤਿਕ ਸ਼ਕਤੀ ਨੂੰ ਮਜ਼ਬੂਤ ਕਰਨ ਵਾਸਤੇ ਮਿਤੀ 2 ਮਈ 2026 ਨੂੰ ਭਸੀਨ ਪੈਲਿਸ ਫਿਰੋਜ਼ਪੁਰ ਛਾਉਣੀ ਵਿਖੇ ਸਵੇਰੇ 11ਵਜੇ ਤੋਂ 2 ਵਜੇ ਤੱਕ ਪੰਥਕ ਇਕੱਤਰਤਾ ਕੀਤੀ ਜਾ ਰਹੀ ਹੈ। ਇਸ ਪ੍ਰੋਗਰਾਮ ਵਿੱਚ ਪੰਥ ਦੀਆਂ ਮਹਾਨ ਸ਼ਖ਼ਸੀਅਤਾਂ, ਪੰਥਕ ਕੌਂਸਿਲ ਦੀ ਚੇਅਰਪਰਸ਼ਨ( ਪੰਥ ਦੀ ਧੀ) ਬੀਬੀ ਸਤਵੰਤ ਕੌਰ, ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ( ਪੁਨਰ ਸੁਰਜੀਤ), ਪੰਥਕ ਲੀਡਰ ਅਤੇ ਤਾਲਮੇਲ ਕਮੇਟੀ ਦੇ ਕਨਵੀਨਰ ਸ੍ਰ ਮਨਪ੍ਰੀਤ ਸਿੰਘ ਇਆਲੀ ਐਮ,ਐਲ,ਏ ਹਲਕਾ ਦਾਖਾ, ਸਰਦਾਰ ਇਕਬਾਲ ਸਿੰਘ ਝੂੰਦਾਂ, ਸਰਦਾਰ ਸੰਤਾ ਸਿੰਘ ਉਮੈਦਪੁਰੀ, ਸਰਦਾਰ ਰਵੀਇੰਦਰ ਸਿੰਘ ਸਰਪ੍ਰਸਤ, ਸਰਦਾਰ ਸੁੱਚਾ ਸਿੰਘ ਛੋਟੇਪੁਰ, ਕਰਨੈਲ ਸਿੰਘ ਪੀਰ ਮੁਹੰਮਦ ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਹਨ। ਜ਼ਿਲ੍ਹਾ ਫਿਰੋਜ਼ਪੁਰ, ਫਰੀਦਕੋਟ ਅਤੇ ਫਾਜ਼ਿਲਕਾ ਦੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਆਗੂ ਅਤੇ ਸਟੇਟ ਡੈਲੀ ਗੇਟ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ। ਇਸ ਪੰਥਕ ਇਕੱਤਰਤਾ ਦਾ ਮਕਸਦ ਪੰਥ ਦੀ ਖਿਲਾਰੀ ਹੋਈ ਸ਼ਕਤੀ ਨੂੰ ਇਕੱਠਿਆਂ ਕਰਨਾ ਹੈ ਤਾਂ ਜੋਂ ਮੌਜੂਦਾ ਚਣੋਤੀਆ ਦਾ ਸਾਹਮਣਾ ਕੀਤਾ ਜਾ ਸਕੇ ਇਸ ਇਕੱਤਰਤਾ ਦੇ ਸੁਚੱਜੇ ਪ੍ਰਬੰਧਾਂ ਲਈ ਫਿਰੋਜ਼ਪੁਰ ਦੇ ਆਗੂਆਂ ਦੀ ਮੀਟਿੰਗ ਹੋਈ ਜਿਸ ਵਿੱਚ ਸਰਦਾਰ ਜਸਵੀਰ ਸਿੰਘ ਭੁੱਲਰ, ਜਸਪਾਲ ਸਿੰਘ ਖਾਲਸਾ,ਅਜਬ ਸਿੰਘ ਨਿਊ ਆਜ਼ਾਦ ਨਗਰ,ਚਰਨ ਸਿੰਘ ਕੀਰਤੀ ਚੱਕਰ, ਗੁਰਮੇਲ ਸਿੰਘ ਭਗਤ, ਸੁਖਵਿੰਦਰ ਸਿੰਘ ਫਿਰੋਜ਼ਪੁਰ ਸ਼ਹਿਰ, ਕਿਰਨਦੀਪ ਸਿੰਘ ਪੱਲ੍ਹਾ, ਬਲਜਿੰਦਰ ਸਿੰਘ, ਮੈਨੇਜਰ,ਮਾਸਟਰ ਭੁਪਿੰਦਰ ਸਿੰਘ, ਡਾਕਟਰ ਮੁਖਤਿਆਰ ਸਿੰਘ ਭੁੱਲਰ, ਰਾਜ ਸਿੰਘ ਖਾਲਸਾ ਅਤੇ ਸਰਦਾਰ ਨਛੱਤਰ ਸਿੰਘ ਆਦਿ ਹਾਜ਼ਰ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਨੇ ਕੂੜਾ ਸਾੜਨ ਤੋਂ ਰੋਕਣ ਤੇ ਹਵਾ ਗੁਣਵੱਤਾ ਦੇ ਪ੍ਰਬੰਧਨ ਨੂੰ ਮਜ਼ਬੂਤ ਕਰਨ ਲਈ 13,000 ਤੋਂ ਵਧੇਰੇ ਕੂੜਾ ਕਰਮਚਾਰੀਆਂ ਨੂੰ ਜਾਗਰੂਕ ਕੀਤਾ

### ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਨੇ ਕੂੜਾ ਸਾੜਨ ਤੋਂ ਰੋਕਣ ਲਈ ਜਨਤਕ ਸਹਿਯੋਗ ਮੰਗਿਆ



**ਪਟਿਆਲਾ, 30 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਭਾਰਤ ਵਿੱਚ ਆਪਣੀ ਕਿਸਮ ਦੀ ਪਹਿਲੀ ਪਹਿਲਕਦਮੀ ਕਰਦਿਆਂ , ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਨੇ ਰਾਜ ਦੀਆਂ ਸਾਰੀਆਂ ਸ਼ਹਿਰੀ ਸਥਾਨਕ ਸੰਸਥਾਵਾਂ ਵਿੱਚ 13,000 ਤੋਂ ਵੱਧ ਕੂੜਾ ਅਤੇ ਬਾਗਬਾਨੀ ਕਰਮਚਾਰੀਆਂ ਨੂੰ ਸਿਖਲਾਈ ਦੇ ਕੇ ਇੱਕ ਵਿਸ਼ਾਲ ਰਾਜ ਵਿਆਪੀ ਜਾਗਰੂਕਤਾ ਮੁਹਿੰਮ ਨੂੰ ਸਫਲਤਾਪੂਰਵਕ ਪੂਰਾ ਕੀਤਾ ਹੈ। ਇਹ ਹਵਾ ਦੀ ਗੁਣਵੱਤਾ ਅਤੇ ਵਾਤਾਵਰਣ ਪ੍ਰਬੰਧਨ ਵਿੱਚ ਸੁਧਾਰ ਕਰਨ ਦੇ ਯਤਨਾਂ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ।

ਸਿਖਲਾਈ ਦੀ ਸ਼ੁਰੂਆਤ ਨਵੰਬਰ 2025 ਵਿੱਚ ਪਟਿਆਲਾ ਵਿਖੇ 'ਮਿਸ਼ਨ ਕਲੀਨ ਏਅਰ ਪਟਿਆਲਾ' ਮੁਹਿੰਮ ਦੇ ਹਿੱਸੇ ਵਜੋਂ ਕੀਤੀ ਗਈ ਸੀ, ਜਿਸਦਾ ਉਦਘਾਟਨ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਦੀ ਚੇਅਰਪਰਸਨ ਰੀਨਾ ਗੁਪਤਾ, ਮੈਂਬਰ ਸਕੱਤਰ ਲਵਨੀਤ ਦੂਬੇ ਅਤੇ ਪਟਿਆਲਾ ਦੇ ਨਗਰ ਨਿਗਮ ਕਮਿਸ਼ਨਰ ਪਰਮਜੀਤ ਸਿੰਘ ਨੇ ਕੀਤਾ ਸੀ। ਉਦੋਂ ਤੋਂ, 216 ਬੈਚਾਂ ਵਿੱਚ, ਪੰਜਾਬ ਦੇ ਸਾਰੀਆਂ 166 ਸ਼ਹਿਰੀ ਸਥਾਨਕ ਸੰਸਥਾਵਾਂ ਵਿੱਚ 13,023 ਕੂੜਾ ਅਤੇ ਬਾਗਬਾਨੀ ਕਰਮਚਾਰੀਆਂ (ਨਿਯਮਤ ਅਤੇ ਗੈਰ-ਰਸਮੀ ਦੋਵੇਂ) ਨੂੰ ਜਾਗਰੂਕ ਕੀਤਾ ਗਿਆ। ਇਹ ਪ੍ਰੋਗਰਾਮ ਵਿਗਿਆਨਕ ਕੂੜਾ ਪ੍ਰਬੰਧਨ, ਸਰੋਤ ਤੋਂ ਵੱਖਰਾ ਕਰਨਾ, ਕੂੜਾ ਸਾੜਨ ਤੋਂ ਰੋਕਣ ਅਤੇ ਕੁਸ਼ਲ ਨਿਪਟਾਰੇ ਦੇ ਤਰੀਕਿਆਂ 'ਤੇ ਕੇਂਦਰਿਤ ਸੀ। ਖੁੱਲ੍ਹੇ ਵਿੱਚ ਕੂੜਾ ਸਾੜਨ ਦੇ ਵਿਰੁੱਧ ਵਾਤਾਵਰਣ ਅਤੇ ਕਾਨੂੰਨੀ ਜਾਗਰੂਕਤਾ ਪ੍ਰਦਾਨਕਰਨ ਦੇ ਨਾਲ-ਨਾਲ, ਇਹ ਸਿਖਲਾਈ (ਸੈਂਟਰ ਫਾਰ ਸਟੱਡੀ ਆਫ ਸਾਇੰਸ, ਟੈਕਨਾਲੋਜੀ ਐਂਡ ਪਾਲਿਸੀ ਦੁਆਰਾ ਤਿਆਰ ਕੀਤੀ ਗਈ) ਵਾਤਾਵਰਣ ਦੀ ਸੰਭਾਲਦੇ ਸੱਭਿਆਚਾਰਕ ਅਤੇ ਨੈਤਿਕ ਮਹੱਤਵ 'ਤੇ ਜ਼ੋਰ ਦੇਣ ਲਈ ਧਾਰਮਿਕ ਗ੍ਰੰਥਾਂ ਦੇ ਹਵਾਲਿਆਂ ਨੂੰ ਵਿਲੱਖਣ ਰੂਪ ਵਿੱਚ ਸ਼ਾਮਲ ਕੀਤਾ ਗਿਆ ਹੈ।ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਦੀ ਚੇਅਰਪਰਸਨ ਰੀਨਾ ਗੁਪਤਾ ਨੇ ਕਿਹਾ 'ਪੰਜਾਬ ਵਿੱਚ ਹਵਾ ਦੀ ਗੁਣਵੱਤਾ ਦੇ ਕਈ ਅਧਿਐਨਾਂ ਨੇ ਨਗਰ ਨਿਗਮ ਦੇ ਠੋਸ ਕੂੜੇ ਨੂੰ ਖੁੱਲ੍ਹੇ ਵਿੱਚ ਸਾੜਨ ਨੂੰ ਹਵਾ ਪ੍ਰਦੂਸ਼ਣ ਦਾ ਇੱਕ ਵੱਡਾ ਕਾਰਨ ਮੰਨਿਆ ਹੈ। ਉਨ੍ਹਾਂ ਕਿਹਾ ਕਿ ਇਸ ਨੂੰ ਰੋਕਣ ਲਈ ਸਜ਼ਾ ਯੋਗ ਕਾਰਵਾਈਆਂ ਦੀ ਬਜਾਏ ਉਨ੍ਹਾਂ ਨੂੰ ਸ਼ਕਤੀ ਪ੍ਰਦਾਨ ਕਰਕੇ, ਬੋਰਡ ਨੇ ਸਾਫ਼ ਹਵਾ ਅਤੇ ਸਿਹਤਮੰਦ ਵਾਤਾਵਰਣ ਵਿੱਚ ਆਪਣੇ ਫਰੰਟਲਾਈਨ ਕਰਮਚਾਰੀਆਂ ਦੀ ਸਰਗਰਮ ਸ਼ਮੂਲੀਅਤ ਨੂੰ ਯਕੀਨੀ ਬਣਾਇਆ ਹੈ।' ਰੀਨਾ ਗੁਪਤਾ ਨੇ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕੂੜਾ ਨਾ ਸਾੜਨ ਅਤੇ ਦੂਜਿਆਂ ਨੂੰ ਵੀ ਅਜਿਹਾ ਕਰਨ ਤੋਂ ਰੋਕਣ। ਉਨ੍ਹਾਂ ਕਿਹਾ ਕਿ ਉਲੰਘਣਾ ਕਰਨ ਵਾਲਿਆਂ ਨੂੰ 25,000 ਰੁਪਏ ਤੱਕ ਦੇ ਚਲਾਨ ਕੀਤੇ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਕੂੜਾ ਸਾੜਨ ਵਾਲਿਆਂ ਦੀ ਸਥਾਨਕ ਅਧਿਕਾਰੀਆਂ ਜਾਂ ਬੋਰਡ ਨੂੰ ਇਸ ਦੀ ਰਿਪੋਰਟ ਕਰਨੀ ਚਾਹੀਦੀ ਹੈ।'

ਆਵਾਜ਼ਿ ਕੌਮ AWAZE QAUM International Newspaper & WEB TV




★ ਜਾਰੀ ਕਰਤਾ ★

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243